‘ਜ਼ਿਕਰ ਪੰਜਾਬ’ ਨੂੰ
ਲੋੜ ਹੈ
ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਕਸਬਿਆਂ ਤੋਂ ਤਜ਼ਰਬੇਕਾਰ ਪੜ੍ਹੇ-ਲਿਖੇ ਪੱਤਰਕਾਰਾਂ ਦੀ
ਸੰਪਰਕ:-
9815024577
E-mail:
zikarpunjab44@gmail.com

ਸੱਚ ਦੀ ਆਵਾਜ਼ ਹੱਕ ਦੀ ਆਵਾਜ਼

# ਜ਼ਿਕਰ ਪੰਜਾਬ

ਕੁਲ ਪੰਨੇ : 8 ਮੁੱਲ : 3/- ਰੁਪਏ
ਲੁਧਿਆਣਾ : ਸੋਮਵਾਰ, 2 ਮਾਰਚ ਤੋਂ ਐਤਵਾਰ, 8 ਮਾਰਚ, 2026
WEEKLY ZIKAR PUNJAB
ਮੁੱਖ ਸੰਪਾਦਕ : ਅਸ਼ਵਨੀ ਜੇਤਲੀ/ਸਹਿ-ਸੰਪਾਦਕ : ਬਲਵਿੰਦਰ ਕੁਮਾਰ
ਹਫਤਾਵਾਰੀ ਅਖ਼ਬਾਰ
Ludhiana : Monday, 2 March to Sunday, 8 March 2026

ਹਫਤਾਵਾਰੀ ‘ਜ਼ਿਕਰ ਪੰਜਾਬ’ ਅਖ਼ਬਾਰ ਵਿੱਚ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਛਪਣਯੋਗ ਸਮੱਗਰੀ ਛਪਵਾਉਣ ਲਈ
ਸੰਪਰਕ:-
9815024577
E-mail:
zikarpunjab44@gmail.com

E-mail : zikarpunjab44@gmail.com | RNI-PUNPUN/2017/75418 | ਮੋਬਾਈਲ ਨੰ. : 9815024577 | ਸਾਲ : 10 ਅੰਕ : 09 | Website : www.zikarpunjab.com

## ਅਮਰੀਕਾ ਅਤੇ ਇਜ਼ਰਾਈਲੀ ਹਮਲੇ ’ਚ ਇਰਾਨ ਦੇ

# ਸੁਪਰੀਮ ਆਗੂ ਆਇਤੁੱਲਾ ਅਲੀ ਖਮੇਨੇਈ ਦੀ ਮੌਤ



ਜ਼ਿਕਰ ਪੰਜਾਬ

**ਤਹਿਰਾਨ/ਬਿਊਰੋ**

ਅਮਰੀਕਾ ਅਤੇ ਇਜ਼ਰਾਈਲ ਵੱਲੋਂ ਨਿਸ਼ਾਨਾ ਬਣਾ ਕੇ ਕੀਤੇ ਗਏ ਹਵਾਈ ਹਮਲੇ ’ਚ ਇਰਾਨ ਦਾ ਸੁਪਰੀਮ ਆਗੂ ਆਇਤੁੱਲਾ ਅਲੀ ਖਮੇਨੇਈ (86) ਮਾਰਿਆ ਗਿਆ। ਇਰਾਨ ਨੇ ਅੱਜ ਸਵੇਰੇ ਇਸ ਦੀ ਪੁਸ਼ਟੀ ਕਰ ਦਿੱਤੀ। ਖਮੇਨੇਈ ’ਤੇ ਇਹ ਹਮਲਾ ਤਹਿਰਾਨ ਸਥਿਤ ਉਨ੍ਹਾਂ ਦੇ ਦਫ਼ਤਰ ਅਤੇ ਰਿਹਾਇਸ਼ੀ ਕੰਪਲੈਕਸ ਨੂੰ ਨਿਸ਼ਾਨਾ ਬਣਾ ਕੇ ਕੀਤਾ ਗਿਆ ਸੀ ਜਿਸ ਦੀਆਂ ਤਸਵੀਰਾਂ ਸੈਟੇਲਾਈਟ ਰਾਹੀਂ ਸਾਹਮਣੇ ਆਈਆਂ ਹਨ। ਇਰਾਨ ਵਿੱਚ 40 ਦਿਨਾਂ ਦੇ ਸੋਗ ਦਾ ਐਲਾਨ ਕੀਤਾ ਗਿਆ ਹੈ। ਪੂਰੇ ਮੁਲਕ ’ਚ ਮਾਤਮ ਵਜੋਂ ਸੱਤ ਦਿਨ ਦੀ ਛੁੱਟੀ ਕਰ ਦਿੱਤੀ ਗਈ ਹੈ। ਰਿਪੋਰਟਾਂ ਮੁਤਾਬਕ ਹਮਲਿਆਂ ’ਚ ਖਮੇਨੇਈ ਦੀ ਧੀ, ਪੋਤੇ-ਪੋਤੀਆਂ ਅਤੇ ਜਵਾਈ ਵੀ ਮਾਰਿਆ ਗਿਆ ਹੈ। ਇਜ਼ਰਾਇਲੀ ਫ਼ੌਜ ਨੇ ਇਰਾਨੀ ਹਥਿਆਰਬੰਦ ਬਲਾਂ ਦੇ ਚੀਫ ਆਫ ਸਟਾਫ ਅਬਦੁੱਲ ਰਹੀਮ ਮੌਸਾਵੀ ਸਮੇਤ ਸਿਖਰਲੇ 40 ਫ਼ੌਜੀ ਅਧਿਕਾਰੀਆਂ ਦੇ ਮਾਰੇ ਜਾਣ ਦਾ ਵੀ ਦਾਅਵਾ ਕੀਤਾ ਹੈ। ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਦਾਅਵਾ ਕੀਤਾ ਕਿ ਇਰਾਨ ਦੇ 48 ਆਗੂ ਮਾਰੇ ਗਏ ਹਨ। ਇਸ ਦੌਰਾਨ ਅਮਰੀਕੀ ਫ਼ੌਜ ਨੇ ਕਿਹਾ ਕਿ ਇਰਾਨ ਅਪਰੇਸ਼ਨ ਦੌਰਾਨ ਉਨ੍ਹਾਂ ਦੇ ਤਿੰਨ ਫ਼ੌਜੀ ਮਾਰੇ ਗਏ ਜਦਕਿ ਪੰਜ ਹੋਰ ਗੰਭੀਰ ਜ਼ਖ਼ਮੀ ਹੋਏ ਹਨ। ਸੈਂਟਰਲ ਕਮਾਂਡ ਨੇ ਐਤਵਾਰ ਨੂੰ ਸੋਸ਼ਲ ਮੀਡੀਆ ’ਤੇ ਇਸ ਬਾਰੇ ਜਾਣਕਾਰੀ ਸਾਂਝੀ ਕੀਤੀ। ਯੂ ਏ ਈ ’ਤੇ ਹਮਲੇ ’ਚ ਤਿੰਨ ਵਿਅਕਤੀ ਮਾਰੇ ਗਏ ਜਦਕਿ 58 ਹੋਰ ਜ਼ਖ਼ਮੀ ਹੋ ਗਏ ਹਨ। ਜ਼ਖ਼ਮੀਆਂ ’ਚ ਇਕ ਭਾਰਤੀ ਵੀ ਸ਼ਾਮਲ ਹੈ। ਖਮੇਨੇਈ ਦੀ ਮੌਤ ਨਾਲ ਇਰਾਨੀ ਹਕੂਮਤ ਵਿੱਚ ਵੱਡਾ ਖਲਾਅ ਪੈਦਾ ਹੋ ਗਿਆ ਹੈ। ਇਰਾਨੀ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਨੇ ਟੀ ਵੀ ’ਤੇ ਦਿੱਤੇ • ਬਾਕੀ ਸਫ਼ਾ 2 ’ਤੇ

## ਅਲੀ ਖਾਮੇਨੇਈ ਤੋਂ ਬਾਅਦ ਅਲੀਰੇਜ਼ਾ ਅਰਾਫੀ ਨੂੰ ਮਿਲੀ ਅੰਤਰਿਮ ਕਮਾਨ

ਜ਼ਿਕਰ ਪੰਜਾਬ

**ਤਹਿਰਾਨ** : ਅਲੀ ਖਾਮੇਨੇਈ ਦੀ ਮੌਤ ਤੋਂ ਬਾਅਦ, ਈਰਾਨ ਨੇ ਅਯਾਤੁੱਲਾ ਅਲੀਰੇਜ਼ਾ ਅਰਾਫੀ ਨੂੰ ਅੰਤਰਿਮ ਆਗੂ ਨਿਯੁਕਤ ਕੀਤਾ ਹੈ। ਅਰਾਫੀ ਨੂੰ ਈਰਾਨ ਦੀ ਅੰਤਰਿਮ ਲੀਡਰਸ਼ਿਪ ਕੌਂਸਲ ਦਾ ਇੱਕ ਨਿਆਂਇਕ ਮੈਂਬਰ ਨਿਯੁਕਤ ਕੀਤਾ ਗਿਆ ਹੈ, ਜੋ ਕਿ ਮਾਹਿਰਾਂ ਦੀ ਅਸੈਂਬਲੀ ਦੁਆਰਾ ਸਥਾਈ ਉੱਤਰਾਧਿਕਾਰੀ ਦੀ ਚੋਣ ਤੱਕ ਸੁਪਰੀਮ ਲੀਡਰ ਦੀ ਭੂਮਿਕਾ ਨਿਭਾਉਣ ਲਈ ਬਣਾਈ ਗਈ ਇੱਕ ਸੰਸਥਾ ਹੈ। ਕੌਂਸਲ ਦੇ ਬੁਲਾਰੇ ਮੋਹਸੇਨ ਦੇਹਨਵੀ ਨੇ ਸੋਸ਼ਲ ਮੀਡੀਆ ’ਤੇ ਲਿਖਿਆ, ‘ਐਕਸਪੀਡੀਐਂਸੀ ਡਿਸਕਰਨਮੈਂਟ ਕੌਂਸਲ ਨੇ ਅਯਾਤੁੱਲਾ ਅਲੀਰੇਜ਼ਾ ਅਰਾਫੀ ਨੂੰ ਅੰਤਰਿਮ ਲੀਡਰਸ਼ਿਪ ਕੌਂਸਲ ਦਾ ਮੈਂਬਰ ਚੁਣਿਆ ਹੈ।’ ਖਾਮੇਨੇਈ ਦੀ ਮੌਤ ਤੋਂ ਬਾਅਦ ਅੰਤਰਿਮ ਲੀਡਰਸ਼ਿਪ ਕੌਂਸਲ ਦਾ ਗਠਨ ਕੀਤਾ ਜਾ ਰਿਹਾ ਹੈ। ਇਸ ਕੌਂਸਲ ਵਿੱਚ ਰਾਸ਼ਟਰਪਤੀ, ਨਿਆਂਪਾਲਿਕਾ ਦਾ ਮੁਖੀ ਅਤੇ ਗਾਰਡੀਅਨ ਕੌਂਸਲ ਵਿੱਚੋਂ ਚੁਣਿਆ ਗਿਆ ਇੱਕ ਨਿਆਂਇਕ ਮੈਂਬਰ ਸ਼ਾਮਲ ਹੋਵੇਗਾ। ਈਰਾਨ ਦੇ ਸੰਵਿਧਾਨ ਦੇ ਆਰਟੀਕਲ 111 ਦੇ ਅਨੁਸਾਰ, ਜੇਕਰ ਸੁਪਰੀਮ ਲੀਡਰ ਦੀ ਮੌਤ ਹੋ ਜਾਂਦੀ ਹੈ, ਅਸਤੀਫਾ ਦੇ ਦਿੱਤਾ ਜਾਂਦਾ ਹੈ, • ਬਾਕੀ ਸਫ਼ਾ 2 ’ਤੇ







# ਟੀ-20 ਵਿਸ਼ਵ ਕੱਪ : ਭਾਰਤ ਨੇ ਵੈਸਟਇੰਡੀਜ਼ ਨੂੰ ਹਰਾਇਆ

## ਸੰਜੂ ਸੈਮਸਨ ਨੇ 48 ਗੇਂਦਾਂ ’ਚ 97 ਦੌੜਾਂ ਦੀ ਨਾਬਾਦ ਪਾਰੀ ਖੇਡੀ

ਜ਼ਿਕਰ ਪੰਜਾਬ

**ਕੋਲਕਾਤਾ/ਬਿਊਰੋ**

ਕੋਲਕਾਤਾ ਦੇ ਇਤਿਹਾਸਕ ਈਡਨ ਗਾਰਡਨ ਸਟੇਡੀਅਮ ਵਿੱਚ ਖੇਡੇ ਗਏ ਸੁਪਰ 8 ਦੇ ਇੱਕ ਬੇਹੱਦ ਰੋਮਾਂਚਕ ਮੈਚ ਵਿੱਚ ਭਾਰਤ ਨੇ ਵੈਸਟਇੰਡੀਜ਼ ਨੂੰ 5 ਵਿਕਟਾਂ ਨਾਲ ਹਰਾ ਦਿੱਤਾ ਹੈ। ਵੈਸਟਇੰਡੀਜ਼ ਵੱਲੋਂ ਦਿੱਤੇ ਗਏ 196 ਦੌੜਾਂ ਦੇ ਚੁਣੌਤੀਪੂਰਨ ਟੀਚੇ ਨੂੰ ਭਾਰਤ ਨੇ 19.2 ਓਵਰਾਂ ਵਿੱਚ 5 ਵਿਕਟਾਂ ਗੁਆ ਕੇ ਹਾਸਲ ਕਰ ਲਿਆ। ਭਾਰਤ ਦੀ ਇਸ ਸ਼ਾਨਦਾਰ ਜਿੱਤ ਦੇ ਮੁੱਖ ਹੀਰੋ ਸੰਜੂ ਸੈਮਸਨ ਰਹੇ, ਜਿਨ੍ਹਾਂ ਨੇ ਸਿਰਫ 48 ਗੇਂਦਾਂ ਵਿੱਚ 97* ਦੌੜਾਂ ਦੀ ਨਾਬਾਦ ਪਾਰੀ ਖੇਡੀ। ਆਪਣੀ ਇਸ ਪਾਰੀ ਦੌਰਾਨ ਸੈਮਸਨ ਨੇ ਇੱਕ ਵੱਡਾ ਰਿਕਾਰਡ ਆਪਣੇ ਨਾਮ ਕੀਤਾ। ਉਹ ਟੀ-20 ਵਿਸ਼ਵ ਕੱਪ ਵਿੱਚ ਦੌੜਾਂ ਦਾ ਪਿੱਛਾ ਕਰਦੇ ਹੋਏ ਭਾਰਤ ਲਈ ਸਭ ਤੋਂ ਵੱਧ ਸਕੋਰ ਬਣਾਉਣ ਵਾਲੇ ਬੱਲੇਬਾਜ਼ ਬਣ ਗਏ ਹਨ। ਉਨ੍ਹਾਂ ਨੇ ਵਿਰਾਟ ਕੋਹਲੀ ਦੇ 82 ਦੌੜਾਂ ਦੇ ਰਿਕਾਰਡ ਨੂੰ ਪਿੱਛੇ ਛੱਡ ਦਿੱਤਾ ਹੈ। ਮੈਚ ਦੇ ਆਖਰੀ ਓਵਰ ਵਿੱਚ ਭਾਰਤ ਨੂੰ ਜਿੱਤ ਲਈ 7 ਦੌੜਾਂ ਦੀ ਲੋੜ ਸੀ। ਰੋਮਾਰੀਓ ਸ਼ੈਫਰਡ ਦੀ ਪਹਿਲੀ ਗੇਂਦ ’ਤੇ ਸੈਮਸਨ ਨੇ ਸ਼ਾਨਦਾਰ ਛੱਕਾ • ਬਾਕੀ ਸਫ਼ਾ 2 ’ਤੇ

- ਭਾਰਤ 5 ਮਾਰਚ ਨੂੰ ਦੂਜੇ ਸੈਮੀਫਾਈਨਲ ਵਿੱਚ ਇੰਗਲੈਂਡ ਦਾ ਸਾਹਮਣਾ ਕਰੇਗਾ





## ਓਮਾਨ ਦੇ ਤੇਲ ਟੈਂਕਰ ’ਤੇ ਹਮਲਾ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਓਮਾਨ ਦੀ ਮੁਸੰਦਮ ਦੀ ਖਾੜੀ ’ਚ ਅੱਜ ਇਰਾਨੀ ਸੈਨਾ ਵੱਲੋਂ ਪਲਾਊ ਦਾ ਝੰਡਾ ਲੱਗੇ ਤੇਲ ਟੈਂਕਰ ’ਤੇ ਹਮਲਾ ਕੀਤਾ ਗਿਆ ਜਿਸ ’ਤੇ ਸਵਾਰ ਚਾਲਕ ਟੀਮ ਦੇ ਮੈਂਬਰਾਂ ’ਚ 15 ਭਾਰਤੀ ਵੀ ਸ਼ਾਮਲ ਹਨ। ਇਸ ਹਮਲੇ ’ਚ ਚਾਲਕ ਟੀਮ ਦੇ 4 ਮੈਂਬਰ ਜ਼ਖ਼ਮੀ ਹੋਏ ਹਨ। ਓਮਾਨੀ ਅਥਾਰਿਟੀਆਂ ਨੇ ਅੱਜ ਇਹ ਜਾਣਕਾਰੀ ਦਿੱਤੀ। ਬੀਤੇ ਦਿਨ ਅਮਰੀਕਾ ਤੇ ਇਜ਼ਰਾਈਲ ਵੱਲੋਂ ਇਰਾਨ ’ਤੇ ਹਮਲਿਆਂ ਤੋਂ ਬਾਅਦ ਇਰਾਨ ਨੇ ਮੁੱਖ ਤੌਰ ’ਤੇ ਇਜ਼ਰਾਈਲ ਤੇ ਕਈ ਖਾੜੀ ਮੁਲਕਾਂ ’ਚ ਅਮਰੀਕੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਂਦਿਆਂ ਹਮਲੇ ਕੀਤੇ ਹਨ। ਓਮਾਨ ਦੀ ਖ਼ਬਰ ਏਜੰਸੀ ਅਨੁਸਾਰ ਓਮਾਨ ਦੇ ਸਮੁੰਦਰੀ ਸੁਰੱਖਿਆ ਕੇਂਦਰ ਨੇ ਦੱਸਿਆ ਕਿ ਮੁਸੰਦਮ ਸੂਬੇ ਦੀ ਖਾਸਬ ਬੰਦਰਗਾਹ ਤੋਂ ਤਕਰੀਬਨ ਪੰਜ ਸਮੁੰਦਰੀ ਮੀਲ ਦੂਰ • ਬਾਕੀ ਸਫ਼ਾ 2 ’ਤੇ



## ਦੇਸ਼ ਭਰ ’ਚ ਮੁਜ਼ਾਹਰੇ

ਅਮਰੀਕਾ-ਇਜ਼ਰਾਈਲ ਦੇ ਹਮਲੇ ’ਚ ਇਰਾਨ ਦੇ ਸਰਵਉੱਚ ਆਗੂ ਆਇਤੁੱਲਾ ਅਲੀ ਖਮੇਨੇਈ ਦੀ ਮੌਤ ’ਤੇ ਅੱਜ ਦੇਸ਼ ’ਚ ਸ਼ਿਆ ਭਾਈਚਾਰੇ ਦੇ ਲੋਕਾਂ ਨੇ ਰੋਸ ਮੁਜ਼ਾਹਰੇ ਕੀਤੇ। ਕਸ਼ਮੀਰ ਜਿੱਥੇ ਤਕਰੀਬਨ 15 ਲੱਖ ਸ਼ੀਆ ਰਹਿੰਦੇ ਹਨ, ’ਚ ਲਾਲ ਚੌਕ, ਸੈਦਾ ਕਦਲ, ਬਡਗਾਮ, ਬਾਂਦੀਪੋਰਾ, ਅਨੰਤਨਾਗ ਤੇ ਪੁਲਵਾਮਾ ’ਚ ਵੱਡੇ ਪੱਧਰ ’ਤੇ ਰੋਸ ਮੁਜ਼ਾਹਰੇ ਹੋਏ ਅਤੇ ਲੋਕਾਂ ਨੇ ਅਮਰੀਕਾ ਤੇ ਇਜ਼ਰਾਈਲ ਖ਼?ਲਾਫ਼ ਨਾਅਰੇਬਾਜ਼ੀ ਕੀਤੀ। ਜੰਮੂ ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਘਟਨਾਕ੍ਰਮ ’ਤੇ ਚਿੰਤਾ ਜ਼ਾਹਿਰ ਕਰਦਿਆਂ ਲੋਕਾਂ ਨੂੰ ਸ਼ਾਂਤੀ ਬਣਾਏ ਰੱਖਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਇਰਾਨ ’ਚ ਮੌਜੂਦ ਜੰਮੂ ਕਸ਼ਮੀਰ ਦੇ ਵਸਨੀਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਕੇਂਦਰੀ ਵਿਦੇਸ਼ ਮੰਤਰਾਲੇ ਨਾਲ ਮਿਲ ਕੇ ਕੰਮ ਕਰ ਰਹੀ ਹੈ। ਸਾਬਕਾ ਮੁੱਖ ਮੰਤਰੀ ਫਾਰੂਕ ਅਬਦੁੱਲਾ, ਕਸ਼ਮੀਰ ’ਚ ਮੁੱਖ ਧਾਰਮਿਕ ਆਗੂ ਮੀਰਵਾਈਜ਼ ਉਮਰ ਫਾਰੂਕ ਅਤੇ ਸਾਬਕਾ ਮੁੱਖ ਮੰਤਰੀ ਮਹਿਬੂਬਾ ਮੁਫ਼ਤੀ ਨੇ ਵੀ ਹਾਲਾਤ ’ਤੇ ਚਿੰਤਾ ਜ਼ਾਹਿਰ ਕੀਤੀ ਹੈ। ਲੋਕਾਂ ਦੇ ਰੋਸ ਮੁਜ਼ਾਹਰਿਆਂ ਨੂੰ ਦੇਖਦਿਆਂ ਕਸ਼ਮੀਰ ’ਚ ਸਕੂਲ ਤੇ ਕਾਲਜ ਦੋ ਦਿਨਾਂ ਲਈ ਬੰਦ ਕਰ ਦਿੱਤੇ ਗਏ ਹਨ। ਉੱਧਰ, ਉੱਤਰ ਪ੍ਰਦੇਸ਼ ਦੇ ਲਖਨਊ ਵਿੱਚ ਵੱਡੀ ਗਿਣਤੀ ਲੋਕ ਬੜਾ ਇਮਾਮਬਾੜਾ ਮਸਜਿਦ ਨੇੜੇ ਇਕੱਠੇ ਹੋਏ ਅਤੇ ਉਨ੍ਹਾਂ ਖਮੇਨੇਈ ਦੀ ਮੌਤ • ਬਾਕੀ ਸਫ਼ਾ 2 ’ਤੇ



## ਰਣਜੀਤ ਸਿੰਘ ਐਨਕਾਊਂਟਰ ਮਾਮਲਾ : ਪਰਿਵਾਰ ਵੱਲੋਂ ਜੰਮੂ ਅੰਮ੍ਰਿਤਸਰ ਨੈਸ਼ਨਲ ਹਾਈਵੇ ਜਾਮ

ਜ਼ਿਕਰ ਪੰਜਾਬ

**ਗੁਰਦਾਸਪੁਰ/ਬਿਊਰੋ**

ਬੀਤੀ 25 ਫਰਵਰੀ ਨੂੰ ਪੰਜਾਬ ਪੁਲਿਸ ਦੀ ਸਰਹੱਦੀ ਪੋਸਟ ਵਿੱਚ ਦੋ ਪੁਲਿਸ ਮੁਲਾਜ਼ਮਾਂ ਨੂੰ ਕਤਲ ਕਰਨ ਦੇ ਸ਼ੱਕ ਵਿੱਚ ਨੌਜਵਾਨ ਰਣਜੀਤ ਸਿੰਘ ਦੀ ਪੁਲਿਸ ਮੁਕਾਬਲੇ ਦੌਰਾਨ ਮੌਤ ਹੋ ਗਈ ਸੀ। ਮ੍ਰਿਤਕ ਰਣਜੀਤ ਸਿੰਘ ਦੇ ਪਰਿਵਾਰ ਵੱਲੋਂ ਲਗਾਤਾਰ ਪੁਲਿਸ ਉੱਤੇ ਇਲਜ਼ਾਮ ਲਗਾਏ ਜਾ ਰਹੇ ਹਨ ਕਿ ਉਨ੍ਹਾਂ ਦੇ ਪੁੱਤ ਦਾ ਫਰਜ਼ੀ ਐਨਕਾਊਂਟਰ ਕੀਤਾ ਗਿਆ ਹੈ। ਮ੍ਰਿਤਕ ਨੌਜਵਾਨ ਰਣਜੀਤ ਸਿੰਘ ਦੇ ਪਰਿਵਾਰ, ਰਿਸ਼ਤੇਦਾਰਾਂ ਅਤੇ ਇਲਾਕੇ ਦੇ ਲੋਕਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੱਖ ਵੱਖ ਰਾਜਨੀਤਕ, ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਵੱਲੋਂ ਅੰਮ੍ਰਿਤਸਰ ਪਠਾਨਕੋਟ ਹਾਈਵੇ ਜਾਮ ਕਰਕੇ ਗੁਰਦਾਸਪੁਰ ਦੇ ਬੱਬਰੀ ਬਾਈਪਾਸ ਚੌਂਕ ਵਿੱਚ ਧਰਨਾ ਪ੍ਰਦਰਸ਼ਨ ਕੀਤਾ ਗਿਆ। ਮ੍ਰਿਤਕ ਰਣਜੀਤ ਸਿੰਘ ਦੇ ਪਰਿਵਾਰਕ ਮੈਂਬਰਾਂ ਅਤੇ ਜਥੇਬੰਦੀ ਆਗੂਆਂ ਵੱਲੋ ਪ੍ਰਸ਼ਾਸ਼ਨ ਤੋਂ ਇਹ ਮੰਗ ਕੀਤੀ ਗਈ ਕਿ ਰਣਜੀਤ ਸਿੰਘ ਦੀ ਲਾਸ਼ ਦਾ ਪੋਸਟਮਾਰਟਮ ਪੀਜੀਆਈ ਜਾਂ ਏਮਜ਼ ਹਸਪਤਾਲ ਦੇ ਡਾਕਟਰਾਂ ਦੀ ਟੀਮ ਵੱਲੋਂ ਕਰਾਵਾਇਆ ਜਾਵੇ। ਮ੍ਰਿਤਕ ਨੌਜਵਾਨ ਦੇ ਪੋਸਟਮਾਰਟਮ ਦੀ ਵੀਡੀਓਗ੍ਰਾਫੀ ਕੀਤੀ ਜਾਵੇ ਤਾਂ ਜੋ ਮੌਤ ਦੇ ਸਮੇਂ ਅਤੇ ਕਰਣਾਂ ਦੀ ਸੱਚਾਈ ਸਾਹਮਣੇ ਆਵੇ। ਮ੍ਰਿਤਕ ਰਣਜੀਤ ਸਿੰਘ ਵੱਲੋਂ ਪੁਲਿਸ ਉੱਤੇ ਕਿਤੇ ਹਮਲੇ ਦੇ ਸਬੂਤ ਪਰਿਵਾਰ ਸਾਹਮਣੇ ਰੱਖੇ ਜਾਣ, ਪੂਰੇ ਘਟਨਾਕ੍ਰਮ ਦੀ ਜਾਂਚ ਸੀਬੀਆਈ ਜਾ ਮਾਣਯੋਗ ਅਦਾਲਤ ਦੇ ਸਿਟਿੰਗ ਜੱਜ ਦੀ ਬੈਂਚ ਵੱਲੋਂ ਕੀਤੀ ਜਾਵੇ। ਇਸ ਧਰਨੇ ਨੂੰ ਖ਼ਤਮ ਕੀਤਾ ਗਿਆ ਹੈ ਅਤੇ ਹੁਣ ਪ੍ਰਸ਼ਾਸਨ ਵੱਲੋਂ ਵੀ ਗੱਲਾਬਤ ਲਈ ਕੋਸ਼ਿਸ਼ ਕੀਤੀ ਜਾ ਰਹੀ ਹੈ। ਧਰਨੇ ਵਾਲੀ ਥਾਂ ਉੱਤੇ ਪਹੁੰਚੇ ਕਾਂਗਰਸੀ ਵਿਧਾਇਕ ਸੁਖਪਾਲ ਖਹਿਰਾ • ਬਾਕੀ ਸਫ਼ਾ 2 ’ਤੇ



# ਈਰਾਨ-ਇਜ਼ਰਾਈਲ ਯੁੱਧ: ਪ੍ਰਧਾਨ ਮੰਤਰੀ ਮੋਦੀ ਦੀ ਉੱਚ ਪੱਧਰੀ ਮੀਟਿੰਗ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਰਾਤ ਨੂੰ ਸੁਰੱਖਿਆ ਬਾਰੇ ਕੈਬਨਿਟ ਕਮੇਟੀ (ਸੀਸੀਐਸ) ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੰਨਿਆ ਜਾ ਰਿਹਾ ਹੈ ਕਿ ਪੱਛਮੀ ਏਸ਼ੀਆ ਦੀ ਮੌਜੂਦਾ ਸਥਿਤੀ ‘ਤੇ ਚਰਚਾ ਕੀਤੀ ਗਈ। ਇਹ ਮੀਟਿੰਗ ਈਰਾਨ ‘ਤੇ ਅਮਰੀਕਾ ਤੇ ਇਜ਼ਰਾਈਲੀ ਹਮਲਿਆਂ ਤੋਂ ਬਾਅਦ ਮੌਜੂਦਾ ਵਿਸ਼ਵਵਿਆਪੀ ਸਥਿਤੀ ਤੇ ਈਰਾਨ ਦੇ ਸੁਪਰੀਮ ਲੀਡਰ, ਅਯਾਤੁੱਲਾ ਅਲੀ ਖਾਮਨੇਈ ਦੇ ਮਾਰੇ ਜਾਣ ਤੋਂ ਬਾਅਦ ਪੈਦਾ ਹੋਈ ਸਥਿਤੀ ਦੀ ਸਮੀਖਿਆ ਕਰਨ ਲਈ ਬੁਲਾਈ ਗਈ ਸੀ। ਸੀਸੀਐਸ ਰਾਸ਼ਟਰੀ ਸੁਰੱਖਿਆ ਤੇ ਰਣਨੀਤਕ ਮਾਮਲਿਆਂ ‘ਤੇ ਸਭ ਤੋਂ ਉੱਚ ਫੈਸਲਾ ਲੈਣ ਵਾਲੀ ਸੰਸਥਾ ਹੈ। ਇੱਕ ਸੂਤਰ ਨੇ ਮੀਟਿੰਗ ਦੇ ਵੇਰਵੇ ਦਿੱਤੇ ਬਿਨਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਸੀਸੀਐਸ ਮੀਟਿੰਗ ਦੀ ਪ੍ਰਧਾਨਗੀ ਕੀਤੀ। ਰਾਜਸਥਾਨ, ਗੁਜਰਾਤ, ਤਾਮਿਲਨਾਡੂ ਤੇ ਪੁਡੂਚੇਰੀ ਦੇ ਦੋ ਦਿਨਾਂ ਦੌਰੇ ਤੋਂ ਬਾਅਦ ਪੀਐਮ ਮੋਦੀ ਦੇ ਰਾਤ 9:30 ਵਜੇ ਨਵੀਂ ਦਿੱਲੀ ਪਹੁੰਚਣ ਤੋਂ ਤੁਰੰਤ ਬਾਅਦ ਸੀਸੀਐਸ ਮੀਟਿੰਗ ਹੋਈ। ਸੂਤਰਾਂ ਨੇ ਦੱਸਿਆ ਕਿ ਮੀਟਿੰਗ ‘ਚ ਰੱਖਿਆ ਮੰਤਰੀ ਰਾਜਨਾਥ ਸਿੰਘ, ਗ੍ਰਹਿ ਮੰਤਰੀ ਅਮਿਤ ਸ਼ਾਹ, ਵਿਦੇਸ਼ ਮੰਤਰੀ ਐਸ. ਜੈਸ਼ੰਕਰ ਤੇ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਸਮੇਤ ਕਮੇਟੀ ਦੇ ਮੈਂਬਰ ਸ਼ਾਮਲ ਹੋਏ। ਉੱਚ ਅਧਿਕਾਰੀਆਂ ਨੇ ਕਮੇਟੀ ਨੂੰ ਪੱਛਮੀ ਏਸ਼ੀਆ ਦੀ ਮੌਜੂਦਾ ਸਥਿਤੀ ਤੇ ਭਾਰਤ ‘ਤੇ ਇਸ ਦੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਪ੍ਰਧਾਨ ਮੰਤਰੀ ਦੇ ਪ੍ਰਮੁੱਖ ਸਕੱਤਰ ਪੀ.ਕੇ. ਮਿਸ਼ਰਾ ਤੇ ਸ਼ਕਤੀਕਾਂਤ ਦਾਸ, ਰੱਖਿਆ ਸਟਾਫ ਦੇ ਮੁਖੀ ਜਨਰਲ ਅਨਿਲ ਚੌਹਾਨ, ਕੈਬਨਿਟ ਸਕੱਤਰ ਟੀਵੀ ਸੋਮਨਾਥਨ ਤੇ ਵਿਦੇਸ਼ ਸਕੱਤਰ ਵਿਕਰਮ ਮਿਸ਼ਰੀ ਵੀ ਮੌਜੂਦ ਸਨ। ਸੂਤਰਾਂ ਅਨੁਸਾਰ, ਅਜਿਹਾ ਮੰਨਿਆ ਜਾ ਰਿਹਾ ਹੈ ਕਿ ਮੀਟਿੰਗ ‘ਚ ਪੱਛਮੀ ਏਸ਼ੀਆ ‘ਚ ਰਹਿ ਰਹੇ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਦੇ ਨਾਲ-ਨਾਲ ਫਸੇ ਲੋਕਾਂ • ਬਾਕੀ ਸਫ਼ਾ 2 ’ਤੇ



# ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਡਾ. ਜੇਤਿੰਦਰ ਸਿੰਘ ਸ਼ੰਟੀ

## ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਪੂਰਨ ਯਤਨਸ਼ੀਲ

ਜ਼ਿਕਰ ਪੰਜਾਬ

**ਫ਼ਤਹਿਗੜ੍ਹ ਸਾਹਿਬ/ਬਿਊਰੋ**

ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਰਾਜ ਅੰਦਰ ਮਨੁੱਖੀ ਅਧਿਕਾਰਾਂ ਦੀ ਰੱਖਿਆ ਅਤੇ ਉਲੰਘਣਾ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਨਿਰੰਤਰ ਕਾਰਵਾਈ ਕੀਤੀ ਜਾ ਰਹੀ ਹੈ। ਇਹ ਪ੍ਰਗਟਾਵਾ ਪੰਜਾਬ ਰਾਜ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮ ਜਤਿੰਦਰ ਸਿੰਘ ਸ਼ੰਟੀ ਨੇ ਅੱਜ ਸਥਾਨਕ ਬਚਤ ਭਵਨ ਵਿਖੇ ਅਧਿਕਾਰੀਆਂ, ਸਮਾਜ ਸੇਵੀਆਂ, ਸਰਪੰਚਾਂ ਅਤੇ ਹੋਰਨਾਂ ਮੁਹਤਬਰਾਂ ਨਾਲ ਕੀਤੀ ਅਹਿਮ ਮੀਟਿੰਗ ਦੌਰਾਨ ਕੀਤਾ। ਸ੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਹੈ ਕਿ ਹਰੇਕ ਨਾਗਰਿਕ ਨੂੰ ਸੰਵਿਧਾਨ ਅਨੁਸਾਰ ਪ੍ਰਾਪਤ ਮੂਲ ਅਧਿਕਾਰਾਂ ਦੀ ਪੂਰੀ ਸੁਰੱਖਿਆ ਮਿਲੇ ਅਤੇ ਕਿਸੇ ਵੀ ਤਰ੍ਹਾਂ ਦੀ ਬੇਇਨਸਾਫ਼ੀ ਨਾ ਹੋਵੇ। ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਅਡਵਾਇਜ਼ਰੀਜ਼ ਜਾਰੀ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਹਰ ਜ਼ਿਲ੍ਹੇ ਵਿਚ 15-15 ਵਿਅਕਤੀਆਂ ਦੇ ਕੋਰ ਗਰੁੱਪ ਬਣਾਏ ਜਾ ਰਹੇ ਹਨ, ਜੋ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਕੰਮ ਕਰਨਗੇ ਅਤੇ ਕਮਿਸ਼ਨ ਨਾਲ ਸਬੰਧਤ ਸ਼ਿਕਾਇਤਾਂ ਤੇ ਸਮੱਸਿਆਵਾਂ ਧਿਆਨ ਵਿਚ ਲਿਆਉਣਗੇ। ਉਹਨਾਂ ਕਿਹਾ ਕਿ ਇਨ੍ਹਾਂ ਕੋਰ ਗਰੁੱਪਾਂ ਵਿੱਚ ਵੱਖ-ਵੱਖ ਵਰਗਾਂ ਨਾਲ ਸੰਬੰਧਿਤ ਵਿਅਕਤੀ ਸ਼ਾਮਿਲ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਜੇਕਰ ਕਿਤੇ ਵੀ ਮਨੁੱਖੀ ਅਧਿਕਾਰਾਂ ਦਾ ਘਾਣ ਹੁੰਦਾ ਹੈ ਤਾਂ ਇਸ ਸਬੰਧੀ ਲਿਖਤੀ ਸ਼ਿਕਾਇਤ ਕਮਿਸ਼ਨਰ ਨੂੰ ਦਿੱਤੀ ਜਾਵੇ, ਜਿਸ ’ਤੇ ਦੋ ਦਿਨਾਂ ਅੰਦਰ ਯਕੀਨਨ ਕਾਰਵਾਈ ਹੋਵੇਗੀ। ਉਨ੍ਹਾਂ ਦੱਸਿਆ ਕਿ ਕਮਿਸ਼ਨ ਵੱਲੋਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨੂੰ ਰੋਕਣ ਅਤੇ ਪੀੜਤਾਂ ਦੀ ਸੁਣਵਾਈ ਕਰਨ ਲਈ ਸ਼ਿਕਾਇਤਾਂ ਹੈਲਪਲਾਈਨ ਨੰਬਰ 98554-75547 ਵੀ ਜਾਰੀ ਕੀਤਾ ਗਿਆ ਹੈ। ਉਨ੍ਹਾਂ ਸਿਹਤ ਖੇਤਰ ਨਾਲ ਸਬੰਧਤ ਮਨੁੱਖੀ ਅਧਿਕਾਰਾਂ ਦੀ ਗੱਲ ਕਰਦਿਆਂ ਕਿਹਾ ਕਿ ਕਿਸੇ ਵੀ ਹਸਪਤਾਲ ਵੱਲੋਂ ਇਲਾਜ਼ ਦੀ ਫੀਸ ਬਕਾਇਆ ਹੋਣ ਦੇ ਆਧਾਰ ਤੇ ਮਿਤ?ਕ ਦੀ ਲਾਸ਼, ਪਰਿਵਾਰ ਨੂੰ ਦੇਣ ਤੋਂ ਇਨਕਾਰ • ਬਾਕੀ ਸਫ਼ਾ 2 ’ਤੇ



## ਪੰਜਾਬ ਦੇ ਲੋਕ 2027 ਵਿੱਚ ‘ਆਪ’ ਨੂੰ 100 ਸੀਟਾਂ ਦੇ ਕੇ

# ਕੇਂਦਰ ਵਿੱਚ ਭਾਜਪਾ ਦੇ ਤਾਨਾਸ਼ਾਹੀ ਸ਼ਾਸਨ ਦੇ ਅੰਤ ਦਾ ਮੁੱਢ ਬੰਨ੍ਹਣਗੇ : ਮਾਨ

## ਕਿਹਾ-ਤਾਨਾਸ਼ਾਹੀ ਰਾਜਨੀਤੀ ਪੰਜਾਬ ਨੂੰ ਦਬਾ ਨਹੀਂ ਸਕਦੀ; ਇੱਥੋਂ ਹੀ ਕੌਮੀ ਜਿੱਤ ਦਾ ਮਾਰਚ ਸ਼ੁਰੂ ਹੁੰਦੈ

ਜ਼ਿਕਰ ਪੰਜਾਬ

**ਨਵੀਂ ਦਿੱਲੀ/ਬਿਊਰੋ**

ਆਮ ਆਦਮੀ ਪਾਰਟੀ (ਆਪ) ਦੀ ਜੰਤਰ-ਮੰਤਰ ਵਿਖੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਹੋਈ ਵਿਸ਼ਾਲ ਜਨਤਕ ਰੈਲੀ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਅਦਾਲਤ ਦਾ ਹਾਲੀਆ ਫੈਸਲਾ ਭਾਰਤੀ ਰਾਜਨੀਤੀ ਵਿੱਚ ਸੱਚਾਈ ਦੀ ਇਤਿਹਾਸਕ ਜਿੱਤ ਹੈ ਅਤੇ ਇਸ ਗੱਲ ਦੀ ਪੁਸ਼ਟੀ ਕਰਦਾ ਹੈ ਕਿ ‘ਆਪ’ ਪਾਰਟੀ ਇੱਕ ਕੌਮੀ ਤਾਕਤ ਵਜੋਂ ਮਜ਼ਬੂਤੀ ਨਾਲ ਉਭਰ ਕੇ ਸਾਹਣਣੇ ਆਈ ਹੈ। ਸਿੱਧੀ ਰਾਜਨੀਤਿਕ ਚੁਣੌਤੀ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਇਸ ਤਾਨਾਸ਼ਾਹੀ ਸ਼ਾਸਨ ਨੂੰ ਮਾਤ ਦੇਣ ਲਈ 2027 ਵਿੱਚ ‘ਆਪ’ ਦੀ ਝੋਲੀ ਘੱਟੋ-ਘੱਟ 100 ਸੀਟਾਂ ਪਾਏਗਾ। ਉਨ੍ਹਾਂ ਕਿਹਾ ਕਿ ਇਸ ਤਾਨਾਸ਼ਾਹੀ ਵਿਰੁੱਧ ਜਿੱਤ ਦਾ ਆਗਾਜ਼ ਪੰਜਾਬ ਤੋਂ ਹੋਵਗਾ। ਇਹ ਆਖਦਿਆਂ ਕਿ ਸਾਲ 2027 ਦੇਸ਼ ਭਰ ਵਿੱਚ ਬਦਲਾਅ ਦਾ ਮੁੱਢ ਬੰਨ੍ਹੇਗਾ, ਉਨ੍ਹਾਂ ਕਿਹਾ ਕਿ ਜਿਸ ਦਿਸ਼ਾ ਵੱਲ ਪੰਜਾਬ ਮਾਰਚ ਕਰਦਾ ਹੈ, ਪੂਰਾ ਦੇਸ਼ ਵੀ ਉਸ ਪਾਸੇ ਵੱਲ ਹੋ ਜਾਂਦਾ ਹੈ ਕਿਉਂ ਕਿ ਹਰ ਕੋਈ ਜਾਣਦਾ ਹੈ ਕਿ ਪੰਜਾਬ ਕਿਸੇ ਵੀ ਤਾਨਾਸ਼ਾਹੀ ਨੂੰ ਮੂੰਹ ਤੋੜਵਾਂ ਜਵਾਬ ਦੇਣਾ ਚੰਗੀ ਤਰ੍ਹਾਂ ਜਾਣਦਾ ਹੈ। ਜੀ.ਐਸ.ਟੀ. ਦਾ ਬਕਾਇਆ ਰੋਕਣ ਅਤੇ ਪੰਜਾਬ ਲਈ ਐਲਾਨੀ ਗਈ 1,600 ਕਰੋੜ ਰੁਪਏ ਦੀ ਹੜ੍ਹ ਰਾਹਤ ਰਾਸ਼ੀ ਜਾਰੀ ਨਾ ਕਰਨ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਬੇਇਨਸਾਫ਼ੀ ਦਾ ਜਵਾਬ ਲੋਕ ਆਪਣੇ ਫਤਵੇ ਨਾਲ ਦੇਣਗੇ। ਉਨ੍ਹਾਂ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਕਿਸੇ ਵੀ ਤਰ੍ਹਾਂ ਦੀ ਤਾਨਾਸ਼ਾਹੀ ਵਾਲੀ ਰਾਜਨੀਤੀ ਪੰਜਾਬ ਨੂੰ ਦਬਾ ਨਹੀਂ ਸਕਦੀ ਅਤੇ ਕਿਹਾ ਕਿ ਦੇਸ਼ ਭਰ ਵਿੱਚ ਜਿੱਤ ਦੀ ਸ਼ੁਰੂਆਤ ਪੰਜਾਬ ਤੋਂ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਕਿਸੇ ਇੱਕ ਵਿਅਕਤੀ ਦੀ ਲੜਾਈ ਨਹੀਂ, ਸਗੋਂ ਭਾਰਤ ਦੇ ਸੰਵਿਧਾਨ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰਾਖੀ ਲਈ ਇੱਕ ਵੱਡੀ ਲੋਕ ਲਹਿਰ ਹੈ। ਵੀਡੀਓ ਕਾਨਫਰੰਸਿੰਗ ਰਾਹੀਂ ਪਾਰਟੀ ਆਗੂਆਂ ਅਤੇ ਸਮਰਥਕਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹਾਲ ਹੀ ਵਿੱਚ ਆਏ ਅਦਾਲਤੀ ਫੈਸਲੇ ਤੋਂ ਬਾਅਦ ਭਾਰਤੀ ਰਾਜਨੀਤੀ ਵਿੱਚ ਸੱਚਾਈ ਦੀ ਇਤਿਹਾਸਕ ਜਿੱਤ ’ਤੇ ‘ਆਪ’ ਦੀ ਸਮੁੱਚੀ ਟੀਮ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਮੈਂ ਸਾਰਿਆਂ ਨੂੰ ਦਿਲੋਂ ਵਧਾਈ ਦਿੰਦਾ ਹਾਂ ਅਤੇ ਕਿਹਾ ਕਿ ਕੱਲ੍ਹ ਦਾ ਦਿਨ ਭਾਰਤੀ ਰਾਜਨੀਤੀ ਵਿੱਚ ਇੱਕ ਇਤਿਹਾਸਕ ਪਲ ਵਜੋਂ ਯਾਦ ਰੱਖਿਆ ਜਾਵੇਗਾ, ਇੱਕ ਅਜਿਹਾ ਦਿਨ ਜਦੋਂ ਸੱਚਾਈ ਦੀ ਜਿੱਤ ਹੋਈ। ਮੈਂ ਪੂਰੀ ‘ਆਪ’ ਟੀਮ, ਗੁਪਤ ਰੂਪ ਵਿੱਚ • ਬਾਕੀ ਸਫ਼ਾ 2 ’ਤੇ



# ਭਗਵੰਤ ਮਾਨ ਸਰਕਾਰ ਨੇ 'ਨੌਕਰੀ ਮੰਗਣ ਵਾਲਿਆਂ' ਨੂੰ 'ਨੌਕਰੀ ਦੇਣ ਵਾਲਿਆਂ' ਵਿੱਚ ਬਦਲਿਆ

- **ਚੰਡੀਗੜ੍ਹ ਵਿਖੇ ਪਹਿਲੇ 2-ਰੋਜ਼ਾ ਵਿਦਿਆਰਥੀ ਉੱਦਮੀ ਕੈਂਪ ਦੀ ਕੀਤੀ ਸ਼ੁਰੂਆਤ**
- **ਛੋਟੇ ਪੈਮਾਨੇ 'ਤੇ ਮਸ਼ਰੂਮ ਦੀ ਕਾਸ਼ਤ ਤੋਂ ਲੈ ਕੇ ਡਿਜੀਟਲ ਸੇਵਾ ਉੱਦਮਾਂ ਤੱਕ, ਸਰਕਾਰੀ ਆਈ.ਟੀ.ਆਈ. ਅਤੇ ਪੌਲੀਟੈਕਨਿਕ ਦੇ ਨੌਜਵਾਨ ਕਾਰੋਬਾਰੀ ਪੰਜਾਬ ਦੀ ਨਵੀਂ ਉੱਦਮਤਾ ਲਹਿਰ ਨੂੰ ਕਰ ਰਹੇ ਹਨ ਉਜਾਗਰ**

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ:** ਭਗਵੰਤ ਮਾਨ ਸਰਕਾਰ ਨੇ ਸੂਬੇ ਦੇ ਨੌਜਵਾਨਾਂ ਨੂੰ ਸਿਰਫ਼ ਨੌਕਰੀਆਂ ਦੀ ਭਾਲ ਕਰਨ ਵਾਲੇ ਬਣਾਉਣ ਵਾਲੇ ਰਵਾਇਤੀ ਸਿੱਖਿਆ ਮਾਡਲਾਂ ਨੂੰ ਬਦਲ ਕੇ ਉਹਨਾਂ ਨੂੰ ਯੋਜਨਾਬੱਧ ਢੰਗ ਨਾਲ ਨੌਕਰੀਆਂ ਪੈਦਾ ਕਰਨ ਵਾਲਿਆਂ ਵਿੱਚ ਬਦਲਣਾ ਸ਼ੁਰੂ ਕਰ ਦਿੱਤਾ ਹੈ। ਇਸ ਦ੍ਰਿਸ਼ਟੀਕੋਣ ਦੇ ਹਿੱਸੇ ਵਜੋਂ, ਪੰਜਾਬ ਸਰਕਾਰ ਵੱਲੋਂ ਸੂਬੇ ਭਰ ਦੇ ਸਰਕਾਰੀ ਆਈ.ਟੀ.ਆਈ. ਅਤੇ ਸਰਕਾਰੀ ਪੌਲੀਟੈਕਨਿਕਾਂ ਤੋਂ ਚੁਣੇ ਗਏ 40 ਉੱਚ ਸੰਭਾਵਨਾ ਵਾਲੇ ਨੌਜਵਾਨ ਕਾਰੋਬਾਰੀਆਂ ਲਈ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ?ਰੇਸ਼ਨ (ਐਮਜੀਸੀਪਾ), ਚੰਡੀਗੜ੍ਹ ਵਿਖੇ ਪਹਿਲਾ ਦੋ-ਰੋਜ਼ਾ ਰੈਜੀਡੈਂਸ਼ੀਅਲ ਸਟੂਡੈਂਟ ਇੰਟਰਪ੍ਰੀਨੀਓਰਸ਼ਿਪ ਬੂਟਕੈਂਪ ਕਰਵਾਇਆ ਗਿਆ। ਇਹ ਸਿਰਫ ਇਕ ਵਰਕਸ਼ਾਪ ਹੀ ਨਹੀਂ ਹੈ ਸਗੋਂ ਇਹ ਇੱਕ ਤਿਮਾਹੀ ਲੜੀ ਦੀ ਸ਼ੁਰੂਆਤ ਨੂੰ ਦਰਸਾਉਂਦੀ ਹੈ ਜਿਸਦਾ ਉਦੇਸ਼ ਨੌਜਵਾਨਾਂ ਦੀ ਅਗਵਾਈ ਵਾਲੇ ਉੱਦਮ ਸਿਰਜਣਾ ਹੈ ਅਤੇ ਇਹ ਯਕੀਨੀ ਬਣਾਉਣਾ ਕਿ ਪੰਜਾਬ ਵਿੱਚ ਤਕਨੀਕੀ ਸਿੱਖਿਆ ਸਿੱਧੇ ਤੌਰ 'ਤੇ ਕਾਰੋਬਾਰ ਵਿੱਚ ਵਾਧਾ, ਆਮਦਨ ਪੈਦਾ ਕਰਨ ਅਤੇ ਸਥਾਨਕ ਰੁਜ਼ਗਾਰ ਦੇ ਮੌਕਿਆਂ ਨੂੰ ਯਕੀਨੀ ਬਣਾਉਂਦੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਸਰਕਾਰ ਨੇ 322 ਆਈ.ਟੀ.ਆਈ. ਅਤੇ 91 ਪੌਲੀਟੈਕਨਿਕਾਂ ਵਿੱਚ ਉੱਦਮਤਾ ਮਾਨਸਿਕਤਾ/ਕਾਰੋਬਾਰੀ ਪਾਠਕ੍ਰਮ ਪੇਸ਼ ਕੀਤਾ ਹੈ, ਜਿਸ ਵਿੱਚ 137 ਸਰਕਾਰੀ ਆਈ.ਟੀ.ਆਈ. ਅਤੇ 26 ਸਰਕਾਰੀ ਪੌਲੀਟੈਕਨਿਕ ਸ਼ਾਮਲ ਹਨ। ਇਸ ਦਾ ਉਦੇਸ਼ ਅਹਿਮ ਪਰਿਵਰਤਨ ਲਿਆਉਣਾ ਹੈ ਅਤੇ ਵਿਦਿਆਰਥੀਆਂ ਨੂੰ ਆਪਣੇ ਤਕਨੀਕੀ ਕੋਰਸ ਸਿਰਫ਼ ਇੱਕ ਸਰਟੀਫਿਕੇਟ ਹਾਸਲ ਕਰਨ ਲਈ ਹੀ ਨਹੀਂ ਪੂਰੇ ਕਰਨੇ ਚਾਹੀਦੇ, ਸਗੋਂ ਨਾਲ ਹੀ ਵਿਵਹਾਰਕ ਵਪਾਰਕ ਵਿਚਾਰਾਂ ਦਾ ਨਿਰਮਾਣ ਕਰਨਾ ਚਾਹੀਦਾ ਹੈ। ਅੱਜ, ਪੰਜਾਬ ਭਰ ਵਿੱਚ 36,139 ਵਿਦਿਆਰਥੀ, ਜਿਨ੍ਹਾਂ ਵਿੱਚ 28,967 ਆਈ.ਟੀ.ਆਈ. ਤੋਂ ਅਤੇ 7,172 ਪੌਲੀਟੈਕਨਿਕਸ ਤੋਂ ਹਨ, ਸਿਰਫ਼ ਸਿਧਾਂਤਕ ਤੌਰ 'ਤੇ ਉੱਦਮਤਾ ਦੀ ਪੜ੍ਹਾਈ ਨਹੀਂ ਕਰ ਰਹੇ ਸਗੋਂ ਉਹ ਇੱਕ ਢਾਂਚਾਗਤ ਡਿਜੀਟਲ ਪਲੇਟਫਾਰਮ ਰਾਹੀਂ ਕਾਰੋਬਾਰੀ ਵਿਚਾਰਾਂ 'ਤੇ ਸਰਗਰਮੀ ਨਾਲ ਕੰਮ ਕਰ ਰਹੇ ਹਨ। ਸਿਰਫ਼ ਪ੍ਰੀਖਿਆਵਾਂ ਵਿੱਚ ਬੈਠਣ ਦੀ ਬਜਾਏ, ਉਹ ਅਸਲ ਗਾਹਕਾਂ ਦੀਆਂ ਸਮੱਸਿਆਵਾਂ ਦੀ ਪਛਾਣ ਕਰ ਰਹੇ ਹਨ, ਸੇਵਾਵਾਂ ਜਾਂ ਉਤਪਾਦਾਂ ਨੂੰ ਡਿਜ਼ਾਈਨ ਕਰ ਰਹੇ ਹਨ, ਵਿਚਾਰਾਂ ਦੀ ਜਾਂਚ ਕਰ ਰਹੇ ਹਨ, ਪ੍ਰੋਟੋਟਾਈਪ ਬਣਾ ਰਹੇ ਹਨ, ਗਾਹਕਾਂ ਤੱਕ ਪਹੁੰਚ ਰਹੇ ਹਨ ਅਤੇ ਮਾਲੀਆ ਪੈਦਾ ਕਰ ਰਹੇ ਹਨ। ਪਹਿਲੇ ਬੂਟਕੈਂਪ ਲਈ, 40 ਅਸਲ ਉੱਦਮੀਆਂ ਲਈ ਉੱਦਮਾਂ ਦੀ ਪਛਾਣ ਪਹਿਲਾਂ ਹੀ ਕੀਤੀ ਜਾ ਚੁੱਕੀ ਹੈ ਅਤੇ ਉਹ ਪ੍ਰਚੂਨ, ਪੇਸ਼ੇਵਰ ਸੇਵਾਵਾਂ, ਈ-ਕਾਮਰਸ, ਡਿਜੀਟਲ ਪਲੇਟਫਾਰਮ, ਇੰਜੀਨੀਅਰਿੰਗ ਸੇਵਾਵਾਂ, ਨਿਰਮਾਣ ਅਤੇ ਉਤਪਾਦਾਂ ਦੇ ਨਿਰਮਾਣ ਵਰਗੇ ਖੇਤਰਾਂ ਵਿੱਚ ਸਰਕਾਰੀ ਤਕਨੀਕੀ ਸੰਸਥਾਵਾਂ ਵਿੱਚੋਂ ਚੁਣੇ ਗਏ ਹਨ। ਬੂਟਕੈਂਪ ਲਈ ਚੁਣੇ ਗਏ 40 ਨੌਜਵਾਨ ਕਾਰੋਬਾਰੀ, ਜਿਨ੍ਹਾਂ ਵਿੱਚੋਂ 20 ਸਰਕਾਰੀ ਆਈ.ਟੀ.ਆਈ. ਤੋਂ ਅਤੇ 20 ਸਰਕਾਰੀ ਪੌਲੀਟੈਕਨਿਕ ਤੋਂ ਹਨ, ਨੂੰ ਕੋਰਸ ਪੂਰਾ ਹੋਣ, ਅਸਾਈਨਮੈਂਟਾਂ ਦੀ ਗੁਣਵੱਤਾ, ਕਾਰੋਬਾਰੀ ਵਿਚਾਰਾਂ ਦੀ ਸਪੱਸ਼ਟਤਾ, ਗਾਹਕ ਤੱਕ ਪਹੁੰਚ ਬਣਾਉਣ ਦੇ ਯਤਨਾਂ, ਪ੍ਰੋਟੋਟਾਈਪ ਸਿਰਜਣਾ, ਸੇਵਾ ਪ੍ਰਦਾਨ ਕਰਨ ਅਤੇ ਮਾਲੀਆ ਪੈਦਾ ਕਰਨ ਦੇ ਆਧਾਰ 'ਤੇ ਚੁਣਿਆ ਗਿਆ ਸੀ। ਉਹ ਅੰਮ੍ਰਿਤਸਰ ਅਤੇ ਗੁਰਦਾਸਪੁਰ ਤੋਂ ਫਿਰੋਜ਼ਪੁਰ ਤੋਂ ਫਾਜ਼ਿਲਕਾ ਤੱਕ; ਲੁਧਿਆਣਾ ਅਤੇ ਬਠਿੰਡਾ ਤੋਂ ਰੂਪਨਗਰ ਅਤੇ ਐਸ.ਏ.ਐਸ. ਨਗਰ ਤੱਕ ਪੰਜਾਬ ਭਰ ਦੇ ਸਾਰੇ ਜ਼ਿਲ੍ਹਿਆਂ ਦੀ ਨੁਮਾਇੰਦਗੀ ਕਰ ਰਹੇ ਹਨ। ਦੱਸਣਯੋਗ ਹੈ ਕਿ ਇਸ ਪਹਿਲਕਦਮੀ ਨਾਲ ਪਹਿਲਾਂ ਹੀ ਆਮਦਨ ਪ੍ਰਾਪਤ ਕੀਤੀ ਜਾ ਰਹੀ ਹੈ। ਜਦੋਂ ਕਿ ਕੁਝ ਉਦਮੀ ਵਿਚਾਰ ਜਾਂ ਟੈਸਟਿੰਗ ਪੜਾਅ ਅਧੀਨ ਹਨ ਅਤੇ ਕੁਝ ਉਦਮੀ ਪੇਸ਼ੇਵਰ ਸੇਵਾਵਾਂ, ਪ੍ਰਚੂਨ ਅਤੇ ਉਤਪਾਦ-ਅਧਾਰਤ ਉੱਦਮਾਂ ਤੋਂ ਪ੍ਰਤੀ ਮਹੀਨਾ 5,000 ਰੁਪਏ ਅਤੇ 12,000 ਰੁਪਏ ਦੇ ਵਿਚਕਾਰ ਕਮਾ ਰਹੇ ਹਨ। ਇਹ ਇੱਕ ਸਪੱਸ਼ਟ ਵਿਵਹਾਰਕ ਤਬਦੀਲੀ ਨੂੰ ਦਰਸਾਉਂਦਾ ਹੈ, ਜਿੱਥੇ ਨੌਜਵਾਨ ਐਂਟਰੀ-ਪੱਧਰ ਦੇ ਰੁਜ਼ਗਾਰ ਦੇ ਮੌਕਿਆਂ ਦੀ ਉਡੀਕ ਕਰਨ ਦੀ ਬਜਾਏ ਆਪਣੇ ਕੁਝ ਖੁਦ ਰੁਜ਼ਗਾਰ ਸਿਰਜ ਰਹੇ ਹਨ। ਸਰਕਾਰੀ ਆਈਟੀਆਈ ਮੁਕਤਸਰ ਦਾ ਇੱਕ ਨੌਜਵਾਨ ਉੱਦਮੀ ਇਕ ਪ੍ਰੇਰਨਾਦਾਇਕ ਉਦਾਹਰਣ ਬਣ ਗਿਆ ਹੈ ਜੋ ਸਥਾਨਕ ਖਪਤਕਾਰਾਂ, ਦੁਕਾਨਾਂ ਅਤੇ ਰੈਸਟੋਰੈਂਟਾਂ ਨੂੰ ਸਿੱਧੇ ਤੌਰ 'ਤੇ ਸਪਲਾਈ ਕਰਨ ਵਾਲਾ ਇੱਕ ਛੋਟੇ ਪੱਧਰ ਦਾ ਮਸ਼ਰੂਮ ਕਾਸ਼ਤ ਕਾਰੋਬਾਰ ਚਲਾ ਰਿਹਾ ਹੈ, ਜੋ ਮੰਗ ਨਾਲ ਜੁੜੇ ਖੇਤੀਬਾੜੀ-ਅਧਾਰਤ ਮਾਡਲ ਨੂੰ ਪੇਸ਼ ਕਰਦਾ ਹੈ।

ਸਰਕਾਰੀ ਆਈਟੀਆਈ ਬਠਿੰਡਾ ਦੇ ਇੱਕ ਹੋਰ ਨੌਜਵਾਨ ਉੱਦਮੀ ਨੇ ਇੱਕ ਜੈਵਿਕ ਸਕਿਨਕੇਅਰ ਪਹਿਲਕਦਮੀ ਸ਼ੁਰੂ ਕੀਤੀ ਹੈ ਜੋ ਹੱਥ ਨਾਲ ਬਣੇ ਸਾਬਣ ਅਤੇ ਹਰਬਲ ਵਾਲਾਂ ਦਾ ਤੇਲ ਤਿਆਰ ਕਰਦਾ ਹੈ ਅਤੇ ਇੰਸਟਾਗ੍ਰਾਮ ਤੇ ਵਟਸਐਪ ਰਾਹੀਂ ਉਹਨਾਂ ਦੀ ਮਾਰਕੀਟਿੰਗ ਕਰਦਾ ਹੈ। ਸਰਕਾਰੀ ਆਈਟੀਆਈ (ਡਬਲਯੂ), ਐਸਏਐਸ ਨਗਰ (ਮੋਹਾਲੀ) ਦਾ ਇੱਕ ਕਾਸਮੈਟੋਲੋਜੀ ਵਿਦਿਆਰਥੀ ਇੱਕ ਨੇਲ ਸਟੂਡੀਓ ਚਲਾਉਂਦਾ ਹੈ ਜਿਸ ਦੀ ਮਾਰਕੀਟਿੰਗ ਡਿਜੀਟਲ ਪਲੇਟਫਾਰਮਾਂ ਰਾਹੀਂ ਕੀਤੀ ਜਾ ਰਹੀ ਹੈ। ਸਰਕਾਰੀ ਆਈਟੀਆਈ ਲੁਧਿਆਣਾ ਦਾ ਇੱਕ ਰੈਫ੍ਰਿਜਰੇਸ਼ਨ ਅਤੇ ਏਅਰ-ਕੰਡੀਸ਼ਨਿੰਗ ਵਿਦਿਆਰਥੀ ਇੱਕ ਦੁਕਾਨ ਵਿੱਚ ਨਿਵੇਸ਼ ਕਰਨ ਦੀ ਬਜਾਏ ਜਸਟਡਾਇਲ ਅਤੇ ਦੁਕਾਨ ਵਰਗੇ ਪਲੇਟਫਾਰਮਾਂ ਦੀ ਵਰਤੋਂ ਕਰਕੇ ਇੱਕ ਏਅਰ ਕੰਡੀਸ਼ਨਰ ਮੁਰੰਮਤ ਅਤੇ ਰੱਖ-ਰਖਾਅ ਸੇਵਾ ਚਲਾ ਰਿਹਾ ਹੈ। ਹੋਰ ਉੱਦਮਾਂ ਵਿੱਚ ਆਨਲਾਈਨ ਟਿਊਸ਼ਨ ਸੇਵਾਵਾਂ, ਡਿਜੀਟਲ ਮਾਰਕੀਟਿੰਗ, ਆਨਲਾਈਨ ਪ੍ਰਚੂਨ, ਟੇਲਰਿੰਗ ਅਤੇ ਡਿਜੀਟਲ ਸਮੱਗਰੀ ਬਣਾਉਣਾ ਸ਼ਾਮਲ ਹੈ। ਇਹ ਉਦਾਹਰਣਾਂ ਦਰਸਾਉਂਦੀਆਂ ਹਨ ਕਿ ਕਿਵੇਂ ਭਗਵੰਤ ਮਾਨ ਸਰਕਾਰ ਦੀ ਸੁਧਾਰ-ਅਧਾਰਤ ਪਹੁੰਚ ਅਧੀਨ ਪਲੰਬਿੰਗ, ਕਾਸਮੈਟੋਲੋਜੀ, ਰੈਫ੍ਰਿਜਰੇਸ਼ਨ, ਆਈਟੀ ਸਹਾਇਤਾ ਅਤੇ ਹੋਰ ਵਪਾਰਾਂ ਵਿੱਚ ਤਕਨੀਕੀ ਹੁਨਰਾਂ ਨੂੰ ਸਿੱਧੇ ਤੌਰ 'ਤੇ ਰੋਜ਼ੀ-ਰੋਟੀ ਦੇ ਮੌਕਿਆਂ ਵਿੱਚ ਬਦਲਿਆ ਜਾ ਰਿਹਾ ਹੈ। ਦੋ ਰੋਜ਼ਾ ਰੈਜੀਡੈਂਸ਼ੀਅਲ ਬੂਟਕੈਂਪ ਇਨ੍ਹਾਂ ਉੱਦਮਾਂ ਨੂੰ ਹੋਰ ਮਜ਼ਬੂਤ ਕਰੇਗਾ। ਪਹਿਲਾ ਦਿਨ ਡਿਜ਼ਾਈਨ ਬਾਰੇ ਵਿਚਾਰ, ਅਸਲ ਸਮੱਸਿਆਵਾਂ ਦੀ ਪਛਾਣ ਕਰਨ ਅਤੇ ਮੁੱਲ ਪ੍ਰਸਤਾਵ, ਗਾਹਕ ਹਿੱਸਿਆਂ, ਮਾਲੀਏ ਸਬੰਧੀ ਧਾਰਾਵਾਂ ਅਤੇ ਲਾਗਤ ਢਾਂਚਿਆਂ ਲਈ ਬਿਜ਼ਨਸ ਮਾਡਲ ਕੈਨਵਸ ਰਾਹੀਂ ਕਾਰੋਬਾਰ ਸਿਰਜਣ 'ਤੇ ਕੇਂਦ੍ਰਤ ਹੈ। ਦੂਜਾ ਦਿਨ ਮਾਰਕੀਟ ਵਿੱਚ ਐਂਟਰੀ ਸਬੰਧੀ ਰਣਨੀਤੀ, ਗਾਹਕ ਹਾਸਲ ਕਰਨ, ਮਾਰਕੀਟਿੰਗ ਸਮੱਗਰੀ ਦੀ ਸਿਰਜਣਾ ਜਿਵੇਂ ਕਿ ਬਰੋਸ਼ਰ ਜਾਂ ਪਿੱਚ ਡੈੱਕ ਅਤੇ ਕੀਮਤ ਅਤੇ ਵਿੱਤੀ ਵਿਵਹਾਰਕਤਾ ਨੂੰ ਸਮਝਣ 'ਤੇ ਕੇਂਦ੍ਰਤ ਹੈ।

ਇਹ ਪ੍ਰੋਗਰਾਮ ਵਿਦਿਆਰਥੀ ਉੱਦਮਾਂ ਦੀ ਪ੍ਰਦਰਸ਼ਨੀ ਨਾਲ ਸਮਾਪਤ ਹੋਇਆ ਜਿੱਥੇ ਇਹ ਨੌਜਵਾਨ ਕਾਰੋਬਾਰੀਆਂ ਨੇ ਆਪਣੇ ਉੱਦਮ ਪੇਸ਼ ਕੀਤੇ ਅਤੇ ਢਾਂਚਾਗਤ ਫੀਡਬੈਕ ਪ੍ਰਾਪਤ ਕੀਤੀ। ਇਨੋਵੇਸ਼ਨ ਮਿਸ਼ਨ ਪੰਜਾਬ ਰਾਹੀਂ ਬੂਟਕੈਂਪ ਨੂੰ ਸਰਲ ਬਣਾਇਆ ਜਾ ਰਿਹਾ ਹੈ ਅਤੇ ਪ੍ਰੋਗਰਾਮ ਵਿੱਚ ਈਕੋਸਿਸਟਮ ਮੁਹਾਰਤ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਚਾਰ ਸਥਾਪਿਤ ਉੱਦਮੀ ਇਨ੍ਹਾਂ ਨੌਜਵਾਨ ਕਾਰੋਬਾਰੀਆਂ ਨਾਲ ਵਪਾਰ ਦੀ ਸ਼ੁਰੂਆਤ ਕਰਨ, ਕਾਇਮ ਰੱਖਣ ਅਤੇ ਸਕੇਲਿੰਗ ਉੱਦਮਾਂ ਬਾਰੇ ਵਿਹਾਰਕ ਜਾਣਕਾਰੀ ਸਾਂਝੀ ਕਰਨ ਲਈ ਗੱਲਬਾਤ ਕਰਨਗੇ। ਇਹਨਾਂ ਭਾਗੀਦਾਰਾਂ ਵਿੱਚ ਸੀਐਸ ਸਾਫਟ ਸਲਿਊਸ਼ਨਜ਼ ਇਨਫੋਟੈਕ ਤੋਂ ਸ਼੍ਰੀ ਛੋਟੂ ਸ਼ਰਮਾ, ਵਿਜ਼ਨ ਏਆਈ ਤੋਂ ਸ਼੍ਰੀ ਪੁਨੀਤ ਜਿੰਦਲ, ਡਿਜੀਵਾਹ ਤੋਂ ਸ਼੍ਰੀ ਬਿਪਨਜੀਤ ਸਿੰਘ ਅਤੇ ਨੈਚਕਿਨ ਤੋਂ ਸ਼੍ਰੀਮਤੀ ਮਨਪਿੰਦਰ ਕੌਰ ਸ਼ਾਮਲ ਹਨ। ਸਰਕਾਰੀ ਆਈ.ਟੀ.ਆਈ. ਅਤੇ ਪੌਲੀਟੈਕਨਿਕਾਂ ਵਿੱਚ ਉੱਦਮਤਾ ਨੂੰ ਸ਼ਾਮਲ ਕਰਕੇ ਅਤੇ ਨੌਜਵਾਨਾਂ ਨੂੰ ਕਲਾਸਰੂਮ ਤੋਂ ਬਾਹਰ ਦੀ ਸਲਾਹ ਅਤੇ ਐਕਸਪੋਜ਼ਰ ਪ੍ਰਦਾਨ ਕਰਕੇ, ਭਗਵੰਤ ਮਾਨ ਸਰਕਾਰ ਪੰਜਾਬ ਦੇ ਸਿੱਖਿਆ ਮਾਡਲ ਵਿੱਚ ਇੱਕ ਢਾਂਚਾਗਤ ਤਬਦੀਲੀ ਨੂੰ ਯਕੀਨੀ ਬਣਾ ਰਹੀ ਹੈ। ਤਕਨੀਕੀ ਸਿੱਖਿਆ ਹੁਣ ਸਰਟੀਫਿਕੇਟਾਂ ਨਾਲ ਹੀ ਸੀਮਿਤ ਨਹੀਂ ਰਹੀ। ਇਹ ਕਾਰੋਬਾਰੀ ਮਾਲਕੀ, ਆਮਦਨ ਪੈਦਾ ਕਰਨ ਅਤੇ ਸਥਾਨਕ ਰੁਜ਼ਗਾਰ ਸਿਰਜਣ ਵੱਲ ਇੱਕ ਮਾਰਗ ਵਜੋਂ ਵਿਕਸਤ ਹੋ ਰਹੀ ਹੈ। ਇਹ ਪਹਿਲਕਦਮੀ ਇੱਕ ਵੱਡੀ ਨੀਤੀ ਨੂੰ ਦਰਸਾਉਂਦੀ ਹੈ ਜਿਸ ਤਹਿਤ ਪੰਜਾਬ ਦੇ ਨੌਜਵਾਨ ਸਿਰਫ਼ ਸੀਮਤ ਨੌਕਰੀਆਂ ਲਈ ਮੁਕਾਬਲਾ ਨਹੀਂ ਕਰਨਗੇ ਸਗੋਂ ਉਹ ਆਪਣੇ ਲਈ ਅਤੇ ਦੂਜਿਆਂ ਲਈ ਰੁਜ਼ਗਾਰ ਦੇ ਵੱਧ ਤੋਂ ਵੱਧ ਨਵੇਂ ਮੌਕੇ ਪੈਦਾ ਕਰਨਗੇ।

## ਲਾਲਚ ਦੇ ਕੇ ਚਲਾਈ ਜਾ ਰਹੀ ਧਰਮ ਪਰਿਵਰਤਨ ਪ੍ਰਥਾ ਨੂੰ ਬੰਦ ਕਰਵਾਉਣ ਮਾਨ : ਅਮਿਤ ਸ਼ਾਹ

ਜ਼ਿਕਰ ਪੰਜਾਬ

ਖਾਰਘਰ (ਮੁੰਬਈ) : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਪੰਜਾਬ 'ਚ ਧਰਮ ਪਰਿਵਰਤਨ ਹੋ ਰਿਹਾ ਹੈ। ਉਨ੍ਹਾਂ ਭਗਵੰਤ ਮਾਨ ਸਰਕਾਰ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ 'ਲਾਲਚ' ਦੇ ਕੇ ਚਲਾਈ ਜਾ ਰਹੀ ਇਸ ਪ੍ਰਥਾ ਨੂੰ ਬੰਦ ਕਰਵਾਉਣ। ਸ਼ਾਹ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਵੀਂ ਮੁੰਬਈ ਦੇ ਖਾਰਘਰ 'ਚ 'ਹਿੰਦ-ਦੀ-ਚਾਦਰ' ਯਾਦਗਾਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਕੁਰਬਾਨੀ ਦਾ ਜ਼ਿਕਰ ਕੀਤਾ। ਅਮਿਤ ਸ਼ਾਹ ਨੇ ਕਿਹਾ, "ਅੱਜ ਇੱਥੇ ਕਿਹਾ ਜਾ ਰਿਹਾ ਹੈ ਕਿ ਪੰਜਾਬ ਵਿਚ ਧਰਮ ਪਰਿਵਰਤਨ ਹੋ ਰਿਹਾ ਹੈ। ਗੁਰੂ ਤੇਗ਼ ਬਹਾਦਰ ਜੀ ਨੇ ਦੂਸਰਿਆਂ ਦੇ ਧਰਮਾਂ ਨੂੰ ਬਚਾਉਣ ਲਈ ਅਪਣੇ ਆਪ ਨੂੰ ਕੁਰਬਾਨ ਕਰ ਦਿਤਾ। ਉਨ੍ਹਾਂ ਨੇ



ਅੱਤਿਆਚਾਰਾਂ ਦਾ ਸਾਹਮਣਾ ਕੀਤਾ, ਪਰ ਅੱਜ ਅਸੀਂ ਕੁੱਝ ਲਾਲਚ ਕਾਰਨ ਧਰਮ ਪਰਿਵਰਤਨ ਨੂੰ ਤਰਜੀਹ ਦਿੰਦੇ ਹਾਂ, ਤਾਂ ਸਾਨੂੰ ਅਪਣੇ ਮਹਾਨ ਨੇਤਾਵਾਂ ਦੇ ਪੈਰੋਕਾਰ ਨਹੀਂ ਕਿਹਾ ਜਾ ਸਕਦਾ। ਪੰਜਾਬ ਸਰਕਾਰ ਅਤੇ ਪੰਜਾਬ ਸਮਾਜ ਨੂੰ ਧਰਮ ਪਰਿਵਰਤਨ ਬੰਦ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ, ਸਮਾਜ ਅਤੇ ਸਾਰੇ ਧਰਮਾਂ ਦੇ ਲੋਕਾਂ ਨੂੰ ਉਥੇ ਹੋ ਰਹੇ ਧਰਮ ਪਰਿਵਰਤਨ ਨੂੰ ਰੋਕਣਾ ਚਾਹੀਦਾ ਹੈ।

## ਲੁਧਿਆਣਾ 'ਚ ਬਿਨਯਾਮਿਨ ਨਿਤਨਯਾਹੂ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ, ਅਯਤੁੱਲਾਹ ਅਲੀ ਖਾਮੇਨੇਈ ਨੂੰ ਸ਼ਰਧਾਂਜਲੀ

ਜ਼ਿਕਰ ਪੰਜਾਬ

ਲੁਧਿਆਣਾ/ਬਿਊਰੋ

ਈਰਾਨ ਅਤੇ ਇਜ਼ਰਾਈਲ ਵਿਚਾਲੇ ਚੱਲ ਰਹੀ ਤਣਾਅਪੂਰਨ ਸਥਿਤੀ ਦੌਰਾਨ ਅਯਤੁੱਲਾਹ ਅਲੀ ਖਾਮੇਨੇਈ ਦੀ ਮੌਤ ਦੀ ਖ਼ਬਰ ਸਾਹਮਣੇ ਆਉਣ ਤੋਂ ਬਾਅਦ ਪੰਜਾਬ ਦੇ ਲੁਧਿਆਣਾ ਵਿੱਚ ਵੱਡਾ ਰੋਸ ਪ੍ਰਦਰਸ਼ਨ ਵੇਖਣ ਨੂੰ ਮਿਲਿਆ। ਸ਼ਹਿਰ ਦੇ ਜਾਮਾ ਮਸਜਿਦ ਲੁਧਿਆਣਾ ਦੇ ਬਾਹਰ ਮੁਸਲਿਮ ਭਾਈਚਾਰੇ ਦੇ ਲੋਕ ਭਾਰੀ ਗਿਣਤੀ ਵਿੱਚ ਇਕੱਠੇ ਹੋਏ ਅਤੇ ਇਜ਼ਰਾਈਲ ਸਰਕਾਰ ਦੇ ਖਿਲਾਫ ਨਾਅਰੇਬਾਜ਼ੀ ਕੀਤੀ। ਪ੍ਰਦਰਸ਼ਨ ਦੌਰਾਨ ਲੋਕਾਂ ਨੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬਿਨਯਾਮਿਨ ਨਿਤਨਯਾਹੂ ਦਾ ਪੁਤਲਾ ਸਾੜ ਕੇ ਆਪਣਾ ਗੁੱਸਾ ਜਤਾਇਆ। ਦੁਪਹਿਰ ਦੀ ਨਮਾਜ਼ ਤੋਂ ਬਾਅਦ ਖਾਮੇਨੇਈ ਦੀ ਯਾਦ ਵਿੱਚ ਖ਼ਾਸ ਦੁਆ ਵੀ ਕਰਵਾਈ ਗਈ ਅਤੇ ਉਨ੍ਹਾਂ ਦੀ ਮੌਤ ਨੂੰ "ਕੁਰਬਾਨੀ"ਵਜੋਂ ਯਾਦ ਕੀਤਾ ਗਿਆ। ਇਸ ਮੌਕੇ ਮਜਲਿਸ ਅਹਿਰਾਰ ਇਸਲਾਮ ਹਿੰਦ ਨਾਲ ਜੁੜੇ ਅਤੇ ਪੰਜਾਬ ਦੇ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਭੀੜ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਘਟਨਾ ਸਰਕਾਰੀ ਅੱਤਵਾਦ ਦੀ ਨਿਸ਼ਾਨੀ ਹੈ ਅਤੇ ਦੁਨੀਆ ਦੀ ਖਾਮੋਸ਼ੀ ਚਿੰਤਾਜਨਕ ਹੈ। ਉਨ੍ਹਾਂ ਨੇ ਕਿਹਾ ਕਿ ਖਾਮੇਨੇਈ ਸਿਰਫ਼ ਈਰਾਨ ਹੀ ਨਹੀਂ, ਸਗੋਂ ਦੁਨੀਆ ਭਰ ਦੇ ਮੁਸਲਮਾਨਾਂ ਲਈ ਪ੍ਰੇਰਣਾ ਸਨ। ਉਨ੍ਹਾਂ ਨੇ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਮਾਮਲੇ 'ਤੇ ਆਪਣਾ ਵਿਰੋਧ ਸੰਯੁਕਤ ਰਾਸ਼ਟਰ ਸੰਘ ਵਿੱਚ ਦਰਜ ਕਰਵਾਇਆ ਜਾਵੇ ਅਤੇ ਈਰਾਨ ਨਾਲ ਇਤਿਹਾਸਕ ਸਬੰਧਾਂ ਨੂੰ ਧਿਆਨ ਵਿੱਚ ਰੱਖਦਿਆਂ ਕੌਮੀ ਸੋਗ ਦਾ ਐਲਾਨ ਕੀਤਾ ਜਾਵੇ। ਪ੍ਰਦਰਸ਼ਨ ਦੌਰਾਨ ਲੋਕਾਂ ਵੱਲੋਂ "ਖਾਮੇਨੇਈ ਜ਼ਿੰਦਾਬਾਦ"ਅਤੇ "ਇਜ਼ਰਾਈਲ ਮੁਰਦਾਬਾਦ"ਦੇ ਨਾਅਰੇ ਵੀ ਲਗਾਏ ਗਏ, ਜਿਸ ਨਾਲ ਇਲਾਕੇ ਵਿੱਚ ਤਣਾਅਪੂਰਨ ਮਾਹੌਲ ਬਣਿਆ ਰਿਹਾ।



## ਔਜਲਾ ਨੇ ਹਵਾਬਾਜ਼ੀ ਖੇਤਰ ਵਿੱਚ ਸੁਰੱਖਿਆ ਮਾਪਦੰਡਾਂ 'ਤੇ ਸਵਾਲ ਚੁੱਕੇ

ਜ਼ਿਕਰ ਪੰਜਾਬ

**ਅੰਮ੍ਰਿਤਸਰ :** ਝਾਰਖੰਡ ਦੇ ਸੰਘਣੇ ਜੰਗਲਾਂ ਵਿੱਚ ਰੈੱਡਬਰਡ ਏਅਰਵੇਜ਼ ਦੇ ਏਅਰ ਐਂਬੂਲੈਂਸ ਹਾਦਸੇ ਵਿੱਚ ਸੱਤ ਜਣਿਆਂ ਦੀ ਮੌਤ ਤੋਂ ਬਾਅਦ ਦੇਸ਼ ਦੇ ਸ਼ਹਿਰੀ ਹਵਾਬਾਜ਼ੀ ਖੇਤਰ 'ਚ ਸੁਰੱਖਿਆ ਮਾਪਦੰਡਾਂ 'ਤੇ ਸਵਾਲ ਉੱਠ ਰਹੇ ਹਨ। ਅੰਮ੍ਰਿਤਸਰ ਤੋਂ ਲੋਕ ਸਭਾ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਹਾਦਸੇ 'ਤੇ ਦੁੱਖ ਪ੍ਰਗਟ ਕਰਦਿਆਂ ਕੇਂਦਰੀ ਹਵਾਬਾਜ਼ੀ ਮੰਤਰੀ ਕਿੰਜਰਾਪੂ ਰਾਮਮੋਹਨ ਨਾਇਡੂ ਨੂੰ ਪੱਤਰ ਲਿਖ ਕੇ ਵਿਭਾਗ ਦੀ ਕਾਰਜਪ੍ਰਣਾਲੀ 'ਤੇ ਸਵਾਲ ਚੁੱਕੇ ਹਨ। ਸੰਸਦ ਮੈਂਬਰ ਔਜਲਾ ਨੇ ਆਪਣੇ ਪੱਤਰ ਵਿੱਚ ਦੱਸਿਆ ਕਿ ਜਿਹੜਾ 'ਬੀਚਕ੍ਰਾਫਟ ਸੀ 90' ਜਹਾਜ਼ ਹਾਦਸੇ ਦਾ ਸ਼ਿਕਾਰ ਹੋਇਆ, ਉਹ ਲਗਪਗ 39 ਸਾਲ ਪੁਰਾਣਾ ਸੀ ਅਤੇ ਉਸ ਨੇ 6,600 ਘੰਟਿਆਂ ਤੋਂ ਵੱਧ ਦੀ ਉਡਾਣ ਭਰੀ ਸੀ। ਉਨ੍ਹਾਂ ਕਿਹਾ ਕਿ ਇੰਨੀ ਪੁਰਾਣੀ ਮਸ਼ੀਨਰੀ ਨੂੰ ਐਂਬੂਲੈਂਸ ਵਜੋਂ ਵਰਤਣ ਦੀ ਇਜਾਜ਼ਤ ਕਿਸ ਤਰ੍ਹਾਂ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਇਸ ਜਹਾਜ਼ ਵਿੱਚ 'ਬਲੈਕ ਬਾਕਸ' (ਫਲਾਈਟ ਡੇਟਾ ਰਿਕਾਰਡਰ) ਜਾਂ 'ਕਾਕਪਿਟ ਵੁਆਇਸ ਰਿਕਾਰਡਰ' ਤੱਕ ਨਹੀਂ ਸੀ, ਜੋ ਕਿਸੇ ਵੀ ਹਾਦਸੇ ਦੇ ਕਾਰਨਾਂ ਦੀ ਜਾਂਚ ਲਈ ਲਾਜ਼ਮੀ ਹੁੰਦਾ ਹੈ। ਡੀ ਜੀ ਸੀ ਏ ਦੇ ਪੁਰਾਣੇ ਨਿਯਮਾਂ ਕਾਰਨ ਇਸ ਜਹਾਜ਼ ਨੂੰ ਬਿਨਾਂ ਇਨ੍ਹਾਂ ਉਪਕਰਨਾਂ ਦੇ ਉਡਾਣ ਭਰਨ ਦੀ ਛੋਟ ਮਿਲੀ ਹੋਈ ਸੀ, ਜਿਸ ਕਾਰਨ ਹੁਣ ਇਸ ਤ੍ਰਾਸਦੀ ਦੀ ਤਹਿ ਤੱਕ ਪਹੁੰਚਣਾ ਲਗਪਗ ਅਸੰਭਵ ਹੋ ਗਿਆ ਹੈ। ਉਨ੍ਹਾਂ ਮੰਤਰਾਲੇ ਤੋਂ ਮੰਗ ਕੀਤੀ ਕਿ ਅਗਲੇ 30 ਦਿਨਾਂ ਦੇ ਅੰਦਰ ਦੇਸ਼ ਵਿੱਚ ਚੱਲ ਰਹੀਆਂ ਸਾਰੀਆਂ ਏਅਰ ਐਂਬੂਲੈਂਸਾਂ ਦਾ ਵਿਆਪਕ ਆਡਿਟ ਕੀਤਾ ਜਾਵੇ।



●----- ਸਫ਼ਾ 1 ਦਾ ਬਾਕੀ -----●

### ਸੁਪਰੀਮ ਆਗੂ ਆਇਤੁੱਲਾ ਅਲੀ ਖਮੇਨੇਈ...

ਸੁਨੇਹੇ 'ਚ ਖਮੇਨੇਈ ਦੀ ਹੱਤਿਆ ਨੂੰ ਸ਼ਹਾਦਤ ਦੱਸਿਆ। ਉਨ੍ਹਾਂ ਅਮਰੀਕਾ ਅਤੇ ਇਜ਼ਰਾਈਲ ਦੇ ਹਮਲੇ ਨੂੰ ਮੁਸਲਮਾਨਾਂ ਖ਼ਿਲਾਫ਼ ਜੰਗ ਕਰਾਰ ਦਿੰਦਿਆਂ ਕਿਹਾ ਕਿ ਇਰਾਨੀ ਫ਼ੌਜ ਦੁਸ਼ਮਣਾਂ ਦੇ ਹੌਸਲੇ ਢਾਹੁਣ ਲਈ ਤਿਆਰ ਹੈ। ਅਮਰੀਕਾ ਨੇ ਅੱਠ ਮਹੀਨਿਆਂ 'ਚ ਦੂਜੀ ਵਾਰ ਇਰਾਨ ਨੂੰ ਨਿਸ਼ਾਨਾ ਬਣਾਇਆ ਹੈ ਜਦਕਿ ਟਰੰਪ ਪ੍ਰਸ਼ਾਸਨ ਇਰਾਨ ਨਾਲ ਉਸ ਦੇ ਪਰਮਾਣੂ ਪ੍ਰੋਗਰਾਮ ਬਾਰੇ ਗੱਲਬਾਤ ਕਰ ਰਿਹਾ ਸੀ। ਇਰਾਨ ਨੇ ਖਮੇਨੇਈ ਦੀ ਮੌਤ ਮਗਰੋਂ ਬਦਲਾ ਲੈਣ ਦਾ ਅਹਿਦ ਲਿਆ ਅਤੇ ਜਵਾਬੀ ਕਾਰਵਾਈ ਕਰਦਿਆਂ ਇਜ਼ਰਾਈਲ ਅਤੇ ਮੱਧ ਪੂਰਬੀ ਏਸ਼ਿਆਈ ਖ਼ੱਤੇ ਵਿੱਚ ਸਥਿਤ ਅਮਰੀਕੀ ਫ਼ੌਜੀ ਅੱਡਿਆਂ 'ਤੇ ਮਿਜ਼ਾਈਲਾਂ ਅਤੇ ਡਰੋਨਾਂ ਨਾਲ ਅੱਜ ਮੁੜ ਹਮਲੇ ਕੀਤੇ।

ਮੱਧ ਇਜ਼ਰਾਈਲ ਦੇ ਬੇਤ ਸ਼ੇਮੇਸ਼ 'ਚ ਇਰਾਨ ਵੱਲੋਂ ਕੀਤੇ ਗਏ ਮਿਜ਼ਾਈਲ ਹਮਲੇ 'ਚ 10 ਵਿਅਕਤੀ ਮਾਰੇ ਗਏ। ਇਜ਼ਰਾਈਲ ਨੇ ਮਿਨਾਬ ਸ਼ਹਿਰ 'ਚ ਲੜਕੀਆਂ ਦੇ ਸਕੂਲ 'ਤੇ ਹਮਲੇ 'ਚ 165 ਤੋਂ ਵੱਧ ਮੌਤਾਂ ਹੋਣ ਬਾਰੇ ਕੋਈ ਜਾਣਕਾਰੀ ਹੋਣ ਤੋਂ ਇਨਕਾਰ ਕੀਤਾ। ਅਮਰੀਕਾ ਨੇ ਕਿਹਾ ਕਿ ਉਹ ਇਸ ਮਾਮਲੇ ਦੀ ਜਾਂਚ ਕਰ ਰਿਹਾ ਹੈ। ਕੁਵੈਤ, ਕਤਰ ਅਤੇ ਬਹਿਰੀਨ ਨੇ ਕਿਹਾ ਕਿ ਉਨ੍ਹਾਂ ਦੀ ਫ਼ੌਜ ਨੇ ਇਰਾਨ ਵੱਲੋਂ ਦਾਗ਼ੀਆਂ ਗਈਆਂ ਮਿਜ਼ਾਈਲਾਂ ਅਤੇ ਡਰੋਨਾਂ ਨੂੰ ਹਵਾ 'ਚ ਹੀ ਫੁੰਡ ਦਿੱਤਾ। ਕੁਵੈਤ ਨੇ ਕਿਹਾ ਕਿ ਹਮਲਿਆਂ 'ਚ ਇਕ ਵਿਅਕਤੀ ਹਲਾਕ ਅਤੇ 32 ਹੋਰ ਜ਼ਖ਼ਮੀ ਹੋ ਗਏ ਹਨ। ਅਬੂ ਧਾਬੀ 'ਚ ਇਕ ਡਰੋਨ ਨੂੰ ਫੁੰਡਣ ਮਗਰੋਂ ਉਸ ਦੇ ਟੁਕੜੇ ਇਕ ਟਾਵਰ 'ਤੇ ਡਿੱਗੇ ਜਿਸ ਨਾਲ ਇਕ ਮਹਿਲਾ ਅਤੇ ਬੱਚਾ ਜ਼ਖ਼ਮੀ ਹੋ ਗਏ। ਇਰਾਨ ਨੇ ਅਰਬ ਸਾਗਰ 'ਚ ਤਾਇਨਾਤ ਅਮਰੀਕੀ ਬੇੜੇ ਅਬਰਾਹਮ ਲਿੰਕਨ 'ਤੇ ਚਾਰ ਬੈਲਿਸਟਿਕ ਮਿਜ਼ਾਈਲਾਂ ਦਾਗ਼ੀਆਂ। ਯੂ ਏ ਈ ਦੇ ਰਾਸ਼ਟਰਪਤੀ ਮੁਹੰਮਦ ਬਿਨ ਜ਼ਾਇਦ ਅਲ ਨਾਹਯਾਨ ਨੇ ਇਰਾਨ ਨੂੰ ਕਿਹਾ ਕਿ ਉਹ ਹੋਸ਼ 'ਚ ਆਵੇ, ਆਪਣੇ ਆਲੇ-ਦੁਆਲੇ ਦੇ ਮਾਹੌਲ 'ਤੇ ਧਿਆਨ ਦੇਵੇ ਅਤੇ ਤਣਾਅ ਹੋਰ ਵਧਣ ਤੋਂ ਪਹਿਲਾਂ ਆਪਣੇ ਗੁਆਂਢੀਆਂ ਨਾਲ ਪੂਰੀ ਜ਼ਿੰਮੇਵਾਰੀ ਨਾਲ ਪੇਸ਼ ਆਵੇ।

### ਅਲੀ ਖਾਮੇਨੇਈ ਤੋਂ ਬਾਅਦ ਅਲੀਰੇਜ਼ਾ...

ਜਾਂ ਅਹੁਦੇ ਤੋਂ ਹਟਾ ਦਿੱਤਾ ਜਾਂਦਾ ਹੈ, ਤਾਂ ਰਾਸ਼ਟਰਪਤੀ, ਨਿਆਂਪਾਲਿਕਾ ਦਾ ਮੁਖੀ ਅਤੇ ਗਾਰਡੀਅਨ ਕੌਂਸਲ ਦਾ ਇੱਕ ਮੈਂਬਰ ਸੁਪਰੀਮ ਲੀਡਰ ਦੇ ਫਰਜ਼ ਨਿਭਾਉਂਦੇ ਹਨ।

ਅਯਾਤੁੱਲਾ ਅਲੀਰੇਜ਼ਾ ਅਰਾਫੀ ਹੁਣ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਅਤੇ ਚੀਫ਼ ਜਸਟਿਸ ਗੁਲਾਮ ਹੁਸੈਨ ਮੋਹਸੇਨੀ ਏਜੇਈ ਨਾਲ ਇਸਲਾਮੀ ਗਣਰਾਜ 'ਤੇ ਸਹਿ-ਸ਼ਾਸਨ ਕਰਦੇ ਹਨ। ਇਹ ਸ਼ਕਤੀ ਪਹਿਲਾਂ ਸਿਰਫ਼ ਅਯਾਤੁੱਲਾ ਖਾਮੇਨੇਈ ਕੋਲ ਸੀ। ਅਰਾਫੀ ਤਕਨੀਕੀ ਤੌਰ 'ਤੇ ਤਿੰਨ ਮੈਂਬਰਾਂ ਵਿੱਚੋਂ ਇੱਕ ਹੈ। ਹਾਲਾਂਕਿ, ਇੱਕ ਅਜਿਹੇ ਸ਼ਾਸਨ ਵਿੱਚ ਜਿੱਥੇ ਸਿਰਫ਼ ਧਾਰਮਿਕ ਹਸਤੀਆਂ ਨੇ ਹੀ ਸੁਪਰੀਮ ਲੀਡਰ ਵਜੋਂ ਰਾਜ ਕੀਤਾ ਹੈ, ਇੱਕ ਧਾਰਮਿਕ ਆਗੂ ਹੋਣ ਕਰਕੇ ਉਹ ਅਸਲ ਵਿੱਚ ਸਭ ਤੋਂ ਸੀਨੀਅਰ ਮੈਂਬਰ ਬਣ ਜਾਂਦਾ ਹੈ। 1959 ਵਿੱਚ ਈਰਾਨ ਦੇ ਕੇਂਦਰੀ ਪ੍ਰਾਂਤ ਯਜ਼ਦ ਦੇ ਇਤਿਹਾਸਕ ਸ਼ਹਿਰ ਮੇਬੋਦ ਵਿੱਚ ਜਨਮਿਆ, ਅਰਾਫੀ ਇੱਕ ਧਾਰਮਿਕ ਪਰਿਵਾਰ ਤੋਂ ਹੈ।

### ਓਮਾਨ ਦੇ ਤੇਲ ਟੈਂਕਰ 'ਤੇ ਹਮਲਾ

ਉੱਤਰ ਵੱਲ ਤੇਲ ਟੈਂਕਰ ਸਕਾਈਲਾਈਟ 'ਤੇ ਹਮਲਾ ਕੀਤਾ ਗਿਆ ਹੈ। ਜਹਾਜ਼ 'ਤੇ ਚਾਲਕ ਟੀਮ ਦੇ 20 ਮੈਂਬਰ ਸਵਾਰ ਸਨ ਜਿਨ੍ਹਾਂ 'ਚ 15 ਭਾਰਤੀ ਤੇ ਪੰਜ ਇਰਾਨੀ ਹਨ। ਇਨ੍ਹਾਂ ਸਾਰਿਆਂ ਨੂੰ ਸੁਰੱਖਿਅਤ ਕੱਢ ਲਿਆ ਗਿਆ ਹੈ। ਹਮਲੇ 'ਚ ਚਾਰ ਮੈਂਬਰ ਜ਼ਖ਼ਮੀ ਹੋਏ ਹਨ ਜਿਨ੍ਹਾਂ ਨੂੰ ਡਾਕਟਰੀ ਸਹਾਇਤਾ ਦਿੱਤੀ ਗਈ ਹੈ। ਘਟਨਾ ਤੋਂ ਜਾਣੂ ਲੋਕਾਂ ਨੇ ਦੱਸਿਆ ਕਿ ਨਵੀਂ ਦਿੱਲੀ ਸਬੰਧਤ ਅਧਿਕਾਰੀਆਂ ਦੇ ਸੰਪਰਕ 'ਚ ਹੈ। ਵਿਦੇਸ਼ ਮੰਤਰਾਲੇ ਨੇ ਬੀਤੇ ਦਿਨ ਕਿਹਾ ਸੀ ਕਿ ਭਾਰਤ, ਇਰਾਨ ਤੇ ਖਾੜੀ ਖੇਤਰ 'ਚ ਹਾਲ ਹੀ ਵਿੱਚ ਵਾਪਰੀਆਂ ਘਟਨਾਵਾਂ ਕਾਰਨ ਫਿਕਰਮੰਦ ਹੈ।

### ਦੇਸ਼ ਭਰ 'ਚ ਮੁਜ਼ਾਹਰੇ

ਖ਼ਿਲਾਫ਼ ਰੋਸ ਮੁਜ਼ਾਹਰਾ ਕੀਤਾ। ਆਲ ਇੰਡੀਆ ਸ਼ਿਆ ਪਰਸਨਲ ਲਾਅ ਬੋਰਡ ਦੇ ਜਨਰਲ ਸਕੱਤਰ ਮੌਲਾਨਾ ਯਸੂਬ ਅੱਬਾਸ ਨੇ ਐਲਾਨ ਕੀਤਾ ਕਿ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਅਤੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੇ ਪੁਤਲੇ ਸਾੜੇ ਜਾਣਗੇ।

ਪੰਜਾਬ ਦੇ ਲੁਧਿਆਣਾ ਵਿੱਚ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਦੀ ਅਗਵਾਈ ਹੇਠ ਰੋਸ ਮੁਜ਼ਾਹਰਾ ਕੀਤਾ ਗਿਆ।

### ਟੀ-20 ਵਿਸ਼ਵ ਕੱਪ : ਭਾਰਤ ਨੇ ਵੈਸਟਇੰਡੀਜ਼...

ਜੜ ਕੇ ਸਕੋਰ ਬਰਾਬਰ ਕਰ ਦਿੱਤਾ ਅਤੇ ਅਗਲੀ ਹੀ ਗੇਂਦ 'ਤੇ ਚੌਕਾ ਮਾਰ ਕੇ ਭਾਰਤ ਦੀ ਜਿੱਤ 'ਤੇ ਮੋਹਰ ਲਗਾ ਦਿੱਤੀ। ਇਸ ਜਿੱਤ ਦੇ ਨਾਲ ਭਾਰਤ ਨੇ ਸੁਪਰ 8 ਗਰੁੱਪ 1 ਵਿੱਚ ਆਪਣੀ ਸਥਿਤੀ ਮਜ਼ਬੂਤ ਕਰ ਲਈ ਹੈ। ਭਾਰਤ ਨੇ ਆਪਣੇ ਆਖਰੀ ਸੁਪਰ 8 ਮੈਚ ਵਿੱਚ ਵੈਸਟਇੰਡੀਜ਼ ਨੂੰ 5 ਵਿਕਟਾਂ ਨਾਲ ਹਰਾ ਕੇ ਸੈਮੀਫਾਈਨਲ ਵਿੱਚ ਜਗ੍ਹਾ ਪੱਕੀ ਕੀਤੀ।

ਭਾਰਤ 5 ਮਾਰਚ ਨੂੰ ਦੂਜੇ ਸੈਮੀਫਾਈਨਲ ਵਿੱਚ ਇੰਗਲੈਂਡ ਦਾ ਸਾਹਮਣਾ ਕਰੇਗਾ। ਇਹ ਮੈਚ ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਟਾਸ ਹਾਰਨ ਤੋਂ ਬਾਅਦ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ ਵੈਸਟਇੰਡੀਜ਼ ਨੇ 20 ਓਵਰਾਂ ਵਿੱਚ 4 ਵਿਕਟਾਂ ਦੇ ਨੁਕਸਾਨ 'ਤੇ 195 ਦੌੜਾਂ ਬਣਾਈਆਂ। ਟੀਮ ਇੰਡੀਆ ਨੇ 196 ਦੌੜਾਂ ਦੇ ਟੀਚੇ ਦਾ ਪਿੱਛਾ ਕਰਦੇ ਹੋਏ 19.2 ਓਵਰਾਂ ਵਿੱਚ 5 ਵਿਕਟਾਂ ਦੇ ਨੁਕਸਾਨ 'ਤੇ ਜਿੱਤ ਪ੍ਰਾਪਤ ਕਰ ਲਈ। ਸੰਜੂ ਸੈਮਸਨ ਵੀ ਭਾਰਤ ਦੀ ਜਿੱਤ ਦੇ ਹੀਰੋ ਰਹੇ। ਹਾਲਾਂਕਿ, ਵੈਸਟਇੰਡੀਜ਼ ਦਾ ਸਫ਼ਰ ਹਾਰ ਦੇ ਨਾਲ ਹੀ ਖਤਮ ਹੋ ਗਿਆ ਹੈ। 196 ਦੌੜਾਂ ਟੀ-20 ਵਿਸ਼ਵ ਕੱਪ ਵਿੱਚ ਭਾਰਤ ਦਾ ਸਭ ਤੋਂ ਵੱਧ ਦੌੜਾਂ ਦਾ ਪਿੱਛਾ ਹੈ।

### ਈਰਾਨ-ਇਜ਼ਰਾਈਲ ਯੁੱਧ: ਪ੍ਰਧਾਨ ਮੰਤਰੀ...

ਦੀ ਸੁਰੱਖਿਆ ਤੇ ਸਥਿਤੀ ਵਿਗੜਨ 'ਤੇ ਇਸ ਨਾਲ ਨਜਿੱਠਣ ਦੇ ਤਰੀਕਿਆਂ ਬਾਰੇ ਚਰਚਾ ਕੀਤੀ ਗਈ ਹੈ। ਵਰਤਮਾਨ 'ਚ, ਪੱਛਮੀ ਏਸ਼ੀਆ 'ਚ ਹਵਾਈ ਖੇਤਰ ਲਗਭਗ ਬੰਦ ਹੈ। ਪੱਛਮੀ ਏਸ਼ੀਆ 'ਚ ਵਧਦੇ ਫੌਜੀ ਤਣਾਅ ਨੇ ਹਵਾਈ ਸੇਵਾਵਾਂ 'ਚ ਵਿਘਨ ਪਾਇਆ ਹੈ, ਜਿਸ ਕਾਰਨ ਸੈਂਕੜੇ ਭਾਰਤੀ ਦੁਬਈ ਤੇ ਹੋਰ ਪ੍ਰਮੁੱਖ ਹਵਾਈ ਅੱਡਿਆਂ 'ਚ ਫਸੇ ਹੋਏ ਹਨ। ਇਨ੍ਹਾਂ 'ਚੋਂ ਬਹੁਤ ਸਾਰੇ ਲੋਕ ਸੋਸ਼ਲ ਮੀਡੀਆ 'ਤੇ ਭਾਰਤ ਸਰਕਾਰ ਨੂੰ ਸਹਾਇਤਾ ਲਈ ਅਪੀਲ ਕਰ ਰਹੇ ਹਨ।

### ਰਣਜੀਤ ਸਿੰਘ ਐਨਕਾਊਂਟਰ ਮਾਮਲਾ...

ਨੇ ਆਖਿਆ ਕਿ, 'ਇਸ ਸਮੇਂ ਪੰਜਾਬ ਪੁਲਿਸ ਦੀ ਹਰ ਪਾਸੇ ਖ਼ਿਲਾਫਤ ਹੋ ਰਹੀ ਹੈ। ਕਾਨੂੰਨ ਵਿਵਸਥਾ ਹਾਸ਼ੀਏ ਉੱਤੇ ਪਹੁੰਚੀ ਹੋਣ ਕਾਰਣ ਸਿਆਸੀ ਦਬਾਅ ਹੇਠ ਪੁਲਿਸ ਵੱਲੋਂ ਧੱਕੇ ਨਾਲ ਅਜਿਹੇ ਐਨਕਾਊਂਟਰ ਵੀ ਕੀਤੇ ਜਾ ਰਹੇ ਹਨ,ਜਿਨ੍ਹਾਂ ਕਾਰਣ ਲੋਕਾਂ ਵਿੱਚ ਭਾਰੀ ਰੋਸ ਹੈ। ਸਿਆਸੀ ਬਦਲਾਖੋਰੀ ਵਿੱਚ ਚੱਲ ਰਹੀ ਪੰਜਾਬ ਸਰਕਾਰ ਜ਼ਿਆਦਾ ਦੇਰ ਲੋਕਾਂ ਦੇ ਗੁੱਸੇ ਨੂੰ ਦਬਾਅ ਨਹੀਂ ਸਕੇਗੀ।' ਸਾਬਕਾ ਵਿਧਾਇਕ ਸੁੱਚਾ ਸਿੰਘ ਛੋਟੇਪੁਰ ਦਾ ਕਹਿਣਾ ਹੈ ਕਿ ਇਸ ਐਨਕਾਊਂਟਰ ਤੋਂ ਬਾਅਦ ਲਗਾਤਾਰ ਵੱਖਰੇ ਵੱਖਰੇ ਬਿਆਨ ਪੰਜਾਬ ਪੁਲਿਸ ਦੇ ਵੱਡੇ ਅਫਸਰਾਂ ਵੱਲੋਂ ਦਿੱਤੇ ਗਏ ਹਨ। ਬਿਆਨਾਂ ਅਤੇ ਕਾਰਵਾਈਆਂ ਤੋਂ ਸਪੱਸ਼ਟ ਜਾਪਦਾ ਹੈ ਕਿ ਨੌਜਵਾਨ ਨੂੰ ਘਰੋਂ ਚੁੱਕ ਕੇ ਕਤਲ ਕੀਤਾ ਅਤੇ ਬਾਅਦ ਵਿੱਚ ਮੁਕਾਬਲਾ ਵਿਖਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। ਪੋਸਟ ਉੱਤੇ ਤਾਇਨਾਤ ਪੁਲਿਸ ਮੁਲਾਜ਼ਮਾਂ ਦੀ ਮੌਤ ਦੇ ਅਸਲ ਕਾਰਨ ਹੁਣ ਤੱਕ ਇਨ੍ਹਾਂ ਤੋਂ ਲੱਭੇ ਨਹੀਂ ਗਏ। ਦੂਜੇ ਪਾਸੇ ਧਰਨੇ ਵਿੱਚ ਪਹੁੰਚੀ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਮਾਂ ਨੇ ਕਿਹਾ ਕਿ ਦੋ ਪਰਿਵਾਰਾਂ ਦਾ ਇਕੱਲਾ ਪੁੱਤਰ ਰਣਜੀਤ ਸਿੰਘ ਸੀ ਅਤੇ ਬੇਰਹਿਮੀ ਨਾਲ ਉਸ ਦਾ ਕਤਲ ਪੁਲਿਸ ਵੱਲੋਂ ਕਰ ਦਿੱਤਾ ਗਿਆ। ਜੇਕਰ ਮ੍ਰਿਤਕ ਦਾ ਕੋਈ ਕਸੂਰ ਸੀ ਤਾਂ ਅਦਾਲਤਾਂ ਸਜ਼ਾ ਦੇਣ ਲਈ ਬਣੀਆਂ ਹਨ,ਪੁਲਿਸ ਨੂੰ ਇਸ ਤਰ੍ਹਾਂ ਕਤਲ ਕਰਨ ਦਾ ਹੱਕ ਨਹੀਂ ਹੈ।

### ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਿਸੇ ਵੀ...

ਨਹੀਂ ਕੀਤਾ ਜਾ ਸਕਦਾ, ਜ਼ੋ ਕਿ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੀਆਂ ਹਦਾਇਤਾਂ ਦੇ ਉਲਟ ਹੈ। ਉਨ੍ਹਾਂ ਕਿਹਾ ਕਿ ਹਸਪਤਾਲ ਪਰਿਵਾਰ ਤੋਂ ਘੋਸ਼ਣਾ ਪੱਤਰ ਲੈਕੇ ਲਾਸ਼ ਸੌਂਪਣ। ਇਸੇ ਤਰ੍ਹਾਂ ਜੇਕਰ ਕੋਈ ਮਰੀਜ਼ ਇਲਾਜ ਦੀ ਰਕਮ ਅਦਾ ਕਰਨ ਵਿੱਚ ਅਸਮੱਰਥ ਹੋਵੇ ਅਤੇ ਐਫੀਡੇਵਿਟ ਲੈ ਕੇ ਇਲਾਜ਼ ਉਪਰੰਤ ਘਰ ਭੇਜ ਦਿੱਤਾ ਜਾਵੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਹਰ ਹਸਪਤਾਲ ਵਿੱਚ ਇਲਾਜ਼ ਦਰਾਂ ਸਪੱਸ਼ਟ ਤੌਰ 'ਤੇ ਦਰਸਾਈਆ ਜਾਣ। ਉਨ੍ਹਾਂ ਕਿਹਾ ਸਫਾਈ ਕਰਮਚਾਰੀਆਂ ਦੇ ਠੇਕੇਦਾਰ ਜਾਂ ਫ਼ਰਮਾਂ ਵੱਲੋਂ ਸਫ਼ਾਈ ਕਰਮਚਾਰੀਆਂ ਲਈ ਹਰੇਕ ਸੁਰੱਖਿਆ ਉਪਕਰਨ ਦੇਣੇ ਅਤੇ ਉਹਨਾਂ ਦਾ ਬੀਮਾ ਕਰਵਾਉਣਾ ਲਾਜ਼ਮੀ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ, ਐਸ.ਪੀ ਰਾਕੇਸ਼ ਯਾਦਵ, ਐਸ.ਡੀ.ਐਮ ਫ਼ਤਹਿਗੜ੍ਹ ਸਾਹਿਬ ਸੂਬਾ ਸਿੰਘ, ਐਸ.ਡੀ.ਐਮ ਬੱਸੀ ਹਰਵੀਰ ਬਰਾੜ, ਐਸ.ਡੀ.ਐਮ ਖਮਾਣੋਂ ਅਰਵਿੰਦ ਕੁਮਾਰ ਗੁਪਤਾ, ਐਸ.ਡੀ.ਐਮ ਅਮਲੋਹ ਚਰਨਜੋਤ ਸਿੰਘ ਵਾਲੀਆ, ਮੁੱਖ ਮੰਤਰੀ ਫੀਲਡ ਅਫ਼ਸਰ ਸ਼ੰਕਰ ਸ਼ਰਮਾ ਤੋਂ ਇਲਾਵਾ ਸਮਾਜ ਸੇਵੀ ਸੰਸਥਾਵਾਂ, ਵਪਾਰੀਆਂ ਸਮੇਤ ਹੋਰ ਅਧਿਕਾਰੀ ਨੁਮਾਇੰਦੇ ਹਾਜ਼ਰ ਸਨ।

### ਕੇਂਦਰ ਵਿੱਚ ਭਾਜਪਾ ਦੇ ਤਾਨਾਸ਼ਾਹੀ ਸ਼ਾਸਨ...

ਸਮਰਥਨ ਦੇਣ ਵਾਲਿਆਂ ਅਤੇ ਮੋਹਰਲੀ ਕਤਾਰ 'ਚ ਰਹਿ ਕੇ ਕੰਮ ਕਰਨ ਵਾਲੇ ਹਰ ਇੱਕ ਸਾਥੀ ਨੂੰ ਅਦਾਲਤ ਤੋਂ ਮਿਲੀ ਇਸ ਵੱਡੀ ਜਿੱਤ 'ਤੇ ਵਧਾਈ ਦਿੰਦਾ ਹਾਂ। ਪੰਜਾਬ ਦੇ ਮੁੱਖ ਮੰਤਰੀ ਨੇ ਪਾਰਟੀ ਦੇ ਹੁਣ ਤੱਕ ਦੇ ਸਫ਼ਰ ਬਾਰੇ ਗੱਲ ਕਰਦਿਆਂ ਕਿਹਾ ਕਿ ਜਦੋਂ ਵੀ 'ਆਪ' 'ਤੇ ਕੋਈ ਸੰਕਟ ਆਉਂਦਾ ਹੈ ਤਾਂ ਪਾਰਟੀ ਦੋ ਜਾਂ ਚਾਰ ਗੁਣਾ ਹੋਰ ਮਜ਼ਬੂਤ ਹੋ ਕੇ ਉੱਭਰਦੀ ਹੈ। ਮੈਨੂੰ ਨਹੀਂ ਪਤਾ ਕਿਉਂ, ਪਰ ਕਿਸਮਤ ਜਾਂ ਪਰਮਾਤਮਾ ਸਾਨੂੰ ਹਮੇਸ਼ਾ ਉਸੇ ਮੰਚ (ਜੰਤਰ-ਮੰਤਰ) 'ਤੇ ਲਿਆ ਖੜ੍ਹਾ ਕਰਦਾ ਹੈ, ਜਿੱਥੋਂ ਸਾਡੀ 'ਆਪ' ਪਾਰਟੀ ਜਨਮੀ ਸੀ । ਅੱਜ ਦਾ ਪ੍ਰੋਗਰਾਮ ਪਹਿਲਾਂ ਤੋਂ ਤੈਅ ਸੀ, ਪਰ ਸਾਨੂੰ ਨਹੀਂ ਪਤਾ ਸੀ ਕਿ ਜੱਜ ਵੱਲੋਂ ਅਜਿਹਾ ਫੈਸਲਾ ਆਵੇਗਾ। ਅੱਜ ਸਾਡੇ ਕੋਲ ਪੂਰੇ ਦੇਸ਼ ਨੂੰ ਇਹ ਦੱਸਣ ਦਾ ਮੌਕਾ ਹੈ ਕਿ ਸੱਚ ਹਮੇਸ਼ਾ ਸੱਚ ਹੀ ਰਹਿੰਦਾ ਹੈ। ਸੱਚ ਬੋਲਣ ਦਾ ਸਭ ਤੋਂ ਵੱਡਾ ਫਾਇਦਾ ਇਹ ਹੈ ਕਿ ਤੁਹਾਨੂੰ ਇਸਨੂੰ ਦੁਬਾਰਾ ਯਾਦ ਨਹੀਂ ਰੱਖਣਾ ਪੈਂਦਾ। ਤੁਸੀਂ ਜਿੱਥੇ ਵੀ ਬੋਲਦੇ ਹੋ, ਉਹੀ ਸੱਚ ਬੋਲਦੇ ਹੋ। ਝੂਠ ਬੋਲਣ ਵਾਲਿਆਂ ਨੂੰ ਯਾਦ ਰੱਖਣਾ ਪੈਂਦਾ ਹੈ ਕਿ ਉਨ੍ਹਾਂ ਨੇ ਪਹਿਲਾਂ ਕੀ ਕਿਹਾ ਸੀ। ਨੀਤੀਗਤ ਤਬਦੀਲੀਆਂ 'ਤੇ ਨਿਸ਼ਾਨਾ ਸਾਧਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਅਜਿਹੇ ਕਈ ਮੌਕੇ ਆਏ ਜਿੱਥੇ ਜੀਐਸਟੀ ਦਾ ਵਿਰੋਧ ਕੀਤਾ ਗਿਆ ਅਤੇ ਬਾਅਦ ਵਿੱਚ ਇਸ ਨੂੰ ਲਾਗੂ ਕਰ ਦਿੱਤਾ ਗਿਆ। ਪਹਿਲਾਂ ਕਈ ਫੈਸਲਿਆਂ ਦਾ ਵਿਰੋਧ ਹੋਇਆ ਅਤੇ ਬਾਅਦ ਵਿੱਚ ਇਸ ਦਾ ਉਲਟ ਹੋਇਆ। ਪਹਿਲਾਂ ਤੇਲ ਦੀਆਂ ਵਧਦੀਆਂ ਕੀਮਤਾਂ ਬਾਰੇ ਬਿਆਨ ਦਿੱਤੇ ਗਏ, ਜਦਕਿ ਹੁਣ ਕੀਮਤਾਂ ਹੋਰ ਕਿਤੇ ਜ਼ਿਆਦਾ ਵੱਧ ਹਨ। ਇਸ ਸਭ ਦੇ ਬਾਵਜੂਦ ਵੀ ਇਸਨੂੰ ਮਾਸਟਰਸਟ੍ਰੋਕ ਕਿਹਾ ਜਾ ਰਿਹਾ ਹੈ। ਸੱਚ ਅਤੇ ਝੂਠ ਵਿੱਚ ਇਹੀ ਫ਼ਰਕ ਹੈ। ਪਾਰਟੀ ਦੇ ਸਥਾਪਨਾ ਦੇ ਸਿਧਾਂਤਾਂ ਨੂੰ ਚੇਤੇ ਕਰਦਿਆਂ ਉਨ੍ਹਾਂ ਕਿਹਾ ਕਿ ਇਸੇ ਨਿੰਮ ਦੇ ਰੁੱਖ ਹੇਠ, ਜਿੱਥੇ ਸਾਡੀ ਪਾਰਟੀ ਦੀ ਨੀਂਹ ਰੱਖੀ ਗਈ ਸੀ, ਅਸੀਂ ਇਸ ਦੇਸ਼ ਦੀ ਰਾਜਨੀਤੀ 'ਚ ਬਦਲਾਅ ਲਿਆਉਣ ਅਤੇ ਇਸ ਵਿੱਚ ਇਮਾਨਦਾਰੀ ਭਰਨ ਦੇ ਆਪਣੇ ਵਾਅਦੇ ਨੂੰ ਨਵਿਆਉਂਦੇ ਹਾਂ। ਪਹਿਲਾਂ ਪਾਰਟੀਆਂ ਦੇ ਮੈਨੀਫੈਸਟੋ ਸਿਰਫ਼ ਨਫ਼ਰਤ ਅਤੇ ਧਰਮ ਸਬੰਧੀ ਬਿਆਨਾਂ ਨਾਲ ਭਰੇ ਹੁੰਦੇ ਸਨ। ਅਰਵਿੰਦ ਕੇਜਰੀਵਾਲ ਨੇ ਦੂਜੀਆਂ ਪਾਰਟੀਆਂ ਨੂੰ ਆਪਣੇ ਮੈਨੀਫੈਸਟੋ ਵਿੱਚ ਸਕੂਲ, ਹਸਪਤਾਲ, ਬਿਜਲੀ, ਰੋਜ਼ਗਾਰ ਅਤੇ ਬੁਨਿਆਦੀ ਢਾਂਚੇ ਬਾਰੇ ਲਿਖਣ ਲਈ ਮਜਬੂਰ ਕੀਤਾ, ਕਿਉਂ ਕਿ ਇਸ ਤੋਂ ਪਹਿਲਾਂ ਤਾਂ ਉਹ ਸਿਰਫ਼ ਧਰਮ ਅਤੇ ਜਾਤ ਬਾਰੇ ਹੀ ਬਿਆਨ ਦਿੰਦੇ ਰਹਿੰਦੇ ਸਨ। ਉਨ੍ਹਾਂ ਅੱਗੇ ਕਿਹਾ ਕਿ ਅਰਵਿੰਦ ਕੇਜਰੀਵਾਲ ਸਾਡੇ ਨੇਤਾ ਹਨ। ਉਨ੍ਹਾਂ ਨੇ ਦਿਖਾਇਆ ਹੈ ਕਿ ਜੇਕਰ ਇਸ ਦੇਸ਼ ਦੇ 140 ਕਰੋੜ ਨਾਗਰਿਕ ਕੁਝ ਕਰਨ ਦਾ ਫੈਸਲਾ ਕਰਦੇ ਹਨ ਤਾਂ ਇਹ ਜ਼ਮੀਨੀ ਪੱਧਰ 'ਤੇ ਸਪੱਸ਼ਟ ਦਿਸਦਾ ਹੈ। ਜੋ ਸੱਚ ਲਈ ਖੜ੍ਹੇ ਹਨ, ਪਰਮਾਤਮਾ ਵੀ ਉਨ੍ਹਾਂ ਦੇ ਨਾਲ ਖੜ੍ਹਾ ਹੈ। ਆਪ ਵਰਕਰਾਂ ਨੂੰ ਇਹ ਸੰਦੇਸ਼ ਫੈਲਾਉਣ ਦਾ ਸੱਦਾ ਦਿੰਦਿਆਂ ਉਨ੍ਹਾਂ ਅੱਗੇ ਕਿਹਾ ਕਿ ਸਾਨੂੰ ਦੇਸ਼ ਭਰ ਵਿੱਚ ਜਾ ਕੇ ਆਪਣੇ ਰਿਸ਼ਤੇਦਾਰਾਂ, ਦੋਸਤਾਂ ਅਤੇ ਜਾਣਕਾਰਾਂ ਨੂੰ ਦੱਸਣਾ ਚਾਹੀਦਾ ਹੈ ਕਿ ਇਹ ਸੱਚ ਦੀ ਜਿੱਤ ਹੈ। ਸਾਨੂੰ ਇਹ ਦੱਸਣਾ ਚਾਹੀਦਾ ਹੈ ਕਿ ਕਿਵੇਂ ਸਾਜ਼ਿਸ਼ਾਂ ਰਚੀਆਂ ਗਈਆਂ ਸਨ। ਜਦੋਂ ਸਰਕਾਰੀ ਹਸਪਤਾਲਾਂ ਵਿੱਚ ਸੁਧਾਰ ਹੋਇਆ ਤਾਂ ਨਿੱਜੀ ਸੈਕਟਰਾਂ ਤੋਂ ਦਬਾਅ ਆਇਆ। ਜਦੋਂ ਸਰਕਾਰੀ ਸਕੂਲਾਂ ਵਿੱਚ ਸੁਧਾਰ ਹੋਇਆ ਅਤੇ ਬੱਚੇ ਨਿੱਜੀ ਸਕੂਲਾਂ ਤੋਂ ਸਰਕਾਰੀ ਸਕੂਲਾਂ ਵੱਲ ਜਾਣ ਲੱਗੇ ਤਾਂ ਡੋਨੇਸ਼ਨਾਂ ਲੈਣ ਵਾਲਿਆਂ ਨੂੰ ਖ਼ਤਰਾ ਮਹਿਸੂਸ ਹੋਣ ਲੱਗਾ। ਜਦੋਂ ਬਿਜਲੀ ਮੁਫ਼ਤ ਕੀਤੀ ਗਈ, ਦਵਾਈਆਂ ਮੁਫ਼ਤ ਕੀਤੀਆਂ ਗਈਆਂ, ਬੁਨਿਆਦੀ ਢਾਂਚੇ ਦਾ ਵਿਸਥਾਰ ਕੀਤਾ ਗਿ ਅਤੇ ਬਜਟ 300 ਕਰੋੜ ਤੋਂ ਵਧ ਕੇ 60,000 ਕਰੋੜ ਰੁਪਏ ਹੋ ਗਿਆ ਤਾਂ ਵਿਰੋਧੀਆਂ ਲਈ ਚੋਣਾਂ 'ਚ ਸਾਹ ਲੈਣਾ ਕਰਨਾ ਮੁਸ਼ਕਲ ਹੋ ਗਿਆ। ਇਸ ਲਈ ਉਨ੍ਹਾਂ ਨੇ ਜਾਣਬੁੱਝ ਕੇ ਕੋਈ ਘੁਟਾਲਾ ਦਿਖਾਉਣ ਅਤੇ ਅਰਵਿੰਦ ਕੇਜਰੀਵਾਲ ਅਤੇ ਉਨ੍ਹਾਂ ਦੀ ਟੀਮ ਨੂੰ ਜੇਲ੍ਹ ਭੇਜਣ ਦਾ ਫੈਸਲਾ ਕੀਤਾ, ਜਿਸ ਦੇ ਚਲਦਿਆਂ ਉਨ੍ਹਾਂ ਨੇ ਸਮੁੱਚੀ ਉੱਚ-ਪੱਧਰ ਲੀਡਰਸ਼ਿਪ ਨੂੰ ਜੇਲ੍ਹ ਵਿੱਚ ਡੱਕ ਦਿੱਤਾ। ਵਾਰ-ਵਾਰ ਅਦਾਲਤੀ ਸੁਣਵਾਈਆਂ ਨਾਲ ਹੁੰਦੀ ਪਰੇਸ਼ਾਨੀ ਬਾਰੇ ਗੱਲ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਡੇ ਦੇਸ਼ ਵਿੱਚ, ਸ਼ਾਇਦ ਸਜ਼ਾ ਓਨੀ ਸਖ਼ਤ ਨਹੀਂ ਹੁੰਦੀ ਜਿੰਨੀਆਂ ਮੁਸ਼ਕਲਾਂ ਅਤੇ ਪਰੇਸ਼ਾਨੀਆਂ ਵਾਰ-ਵਾਰ ਅਦਾਲਤ ਦੀਆਂ ਤਾਰੀਖਾਂ ਨਾਲ ਹੁੰਦੀਆਂ ਹਨ। ਤਾਰੀਖ ਤੋਂ ਬਾਅਦ ਇੱਕ ਹੋਰ ਤਾਰੀਖ ਮਿਲਣਾ ਹੀ ਆਪਣੇ ਆਪ ਵਿੱਚ ਇੱਕ ਸਜ਼ਾ ਹੈ। ਉਨ੍ਹਾਂ ਨੇ ਉਸ ਚੁਣੌਤੀਪੂਰਨ ਦੌਰ ਨੂੰ ਯਾਦ ਕੀਤਾ ਜਦੋਂ ਸੀਨੀਅਰ ਆਗੂ ਜਲੰਧਰ ਜ਼ਿਮਨੀ ਚੋਣ ਸਮੇਂ ਜੇਲ੍ਹ ਵਿੱਚ ਸਨ। ਉਸ ਸਮੇਂ, ਪਾਰਟੀ ਦੀ ਸਮੁੱਚੀ ਉੱਚ-ਪੱਧਰੀ ਅਤੇ ਫੈਸਲੇ ਲੈਣ ਵਾਲੀ ਲੀਡਰਸ਼ਿਪ ਜੇਲ੍ਹ ਦੇ ਅੰਦਰ ਸੀ ਅਤੇ ਫਿਰ ਵੀ, ਸਾਡੀ ਬੈਕਅੱਪ ਟੀਮ ਦੇ ਨਾਲ, ਅਸੀਂ ਆਪਣੀ ਮਿਹਨਤ ਜਾਰੀ ਰੱਖੀ। ਮੁਲਾਕਾਤਾਂ ਦੌਰਾਨ ਅਰਵਿੰਦ ਕੇਜਰੀਵਾਲ ਹਮੇਸ਼ਾ ਪੰਜਾਬ ਬਾਰੇ ਪੁੱਛਦੇ ਸਨ। ਉਹ ਪੁੱਛਦੇ ਸਨ ਕਿ ਕੀ ਮੁਫ਼ਤ ਬਿਜਲੀ ਲੋਕਾਂ ਤੱਕ ਪਹੁੰਚ ਰਹੀ ਹੈ, ਕੀ ਸਿੰਚਾਈ ਦਾ ਕੰਮ ਅੱਗੇ ਵਧ ਰਿਹਾ ਹੈ ਅਤੇ ਨਿਰਦੇਸ਼ ਦਿੰਦੇ ਸਨ ਕਿ ਜੇ ਕੋਈ ਵੀ ਭ੍ਰਿਸ਼ਟ ਪਾਇਆ ਜਾਂਦਾ ਹੈ ਤਾਂ ਉਸਨੂੰ ਜੇਲ੍ਹ ਵਿੱਚ ਡੱਕਿਆ ਜਾਵੇ। ਅਜਿਹੇ ਹਾਲਾਤਾਂ ਦੇ ਬਾਵਜੂਦ ਅਸੀਂ ਜਲੰਧਰ ਜ਼ਿਮਨੀ ਚੋਣ ਅਤੇ ਇੱਕ ਹੋਰ ਐਮ.ਪੀ. ਸੀਟ ਵੱਡੇ ਫਰਕ ਨਾਲ ਜਿੱਤੀ, ਜਿਸ ਨਾਲ ਸਾਨੂੰ ਹੋਰ ਵੀ ਮਜ਼ਬੂਤੀ ਮਿਲੀ। ਆਜ਼ਾਦੀ ਸੰਘਰਸ਼ ਨਾਲ ਸੰਤੁਲਨ ਬਿਠਾਉਂਦਿਆਂ ਉਨ੍ਹਾਂ ਕਿਹਾ ਕਿ ਇਤਿਹਾਸ ਆਪਣੇ ਆਪ ਨੂੰ ਦੁਹਰਾਉਂਦਾ ਹੈ। ਜਦੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੇ ਸਵੈ-ਇੱਛਾ ਨਾਲ ਗ੍ਰਿਫ਼ਤਾਰੀ ਦਿੱਤੀ ਅਤੇ ਕੋਰਟ ਰੂਮ ਵਿੱਚ ਮੀਡੀਆ ਦੇ ਸਾਹਮਣੇ ਅੰਗਰੇਜ਼ੀ ਵਿੱਚ ਆਪਣੀਆਂ ਦਲੀਲਾਂ ਰੱਖੀਆਂ ਤਾਂ ਲਹਿਰ ਨੂੰ ਹੋਰ ਬਲ ਮਿਲਿਆ। ਇਸੇ ਤਰ੍ਹਾਂ ਅਰਵਿੰਦ ਕੇਜਰੀਵਾਲ ਨੇ ਵੀ ਸਾਨੂੰ ਜੇਲ੍ਹ ਤੋਂ ਕਦੇ ਨਾ ਝੁਕਣ ਦੇ ਸੁਨੇਹੇ ਭੇਜੇ। ਉਨ੍ਹਾਂ ਕਿਹਾ ਕਿ ਭਗਵੰਤ, ਕਿਸੇ ਵੀ ਹਾਲਤ ਵਿੱਚ ਨਹੀਂ ਝੁਕਣਾ। ਜਿੱਥੇ ਲੋੜ ਹੋਵੇ ਕਾਰਵਾਈ ਕਰੋ, ਪਰ ਕਿਸੇ ਵੀ ਕੀਮਤ 'ਤੇ ਝੁਕਣਾ ਨਹੀਂ। ਆਮ ਆਦਮੀ ਪਾਰਟੀ ਹੋਰ ਮਜ਼ਬੂਤ ਹੋ ਕੇ ਉਭਰੇਗੀ ਅਤੇ ਉਸੇ ਤਰ੍ਹਾਂ ਹੋਇਆ ਪਾਰਟੀ ਇੱਕ ਕੌਮੀ ਤਾਕਤ ਵਜੋਂ ਉਭਰ ਕੇ ਸਾਹਮਣੇ ਆਈ ਹੈ। ਕੇਂਦਰੀ ਲੀਡਰਸ਼ਿਪ ਨੂੰ ਸਪੱਸ਼ਟ ਸੁਨੇਹਾ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਿੰਘਾਸਨ 'ਤੇ ਬੈਠੇ ਲੋਕਾਂ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਉਹ ਕਿਰਾਏਦਾਰ ਹਨ, ਮਾਲਕ ਨਹੀਂ। ਇਸ ਦੇਸ਼ ਦੀ ਮਿੱਟੀ ਵਿੱਚ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ, ਕਰਤਾਰ ਸਿੰਘ ਸਰਾਭਾ ਅਤੇ ਅਸ਼ਫਾਕਉੱਲਾ ਖਾਨ ਦਾ ਖੂਨ ਹੈ। ਇਹ ਦੇਸ਼ ਕਿਸੇ ਦੇ ਬਾਪ ਦੀ ਨਿੱਜੀ ਜਾਗੀਰ ਨਹੀਂ। ਉਨ੍ਹਾਂ ਨੇ ਪੰਜਾਬ ਦੇ ਰਾਹ ਵਿੱਚ ਵਿੱਤੀ ਮੁਸ਼ਕਲਾਂ ਖੜ੍ਹੀਆਂ ਕਰਨ ਦੇ ਹੱਥਕੰਡਿਆਂ ਬਾਰੇ ਗੱਲ ਕਰਦਿਆਂ ਕਿਹਾ ਕਿ ਪੰਜਾਬ ਦੇ 8,000 ਕਰੋੜ ਰੁਪਏ ਦੇ ਆਰਡੀਐਫ ਫੰਡ ਕੇਂਦਰ ਨੇ ਰੋਕ ਰੱਖੇ ਹਨ। ਜੀਐਸਟੀ ਦਾ ਬਕਾਇਆ ਜਾਰੀ ਨਹੀਂ ਕੀਤਾ ਗਿਆ। ਜਦੋਂ ਪੰਜਾਬ ਨੂੰ ਇਤਿਹਾਸ ਦੇ ਸਭ ਤੋਂ ਭਿਆਨਕ ਹੜ੍ਹਾਂ ਵਿੱਚੋਂ ਇੱਕ ਦਾ ਸਾਹਮਣਾ ਕਰਨਾ ਪਿਆ ਤਾਂ ਸਿਰਫ਼ 1,600 ਕਰੋੜ ਰੁਪਏ ਦੀ ਟੋਕਨ ਰਾਸ਼ੀ ਐਲਾਨੀ ਗਈ ਅਤੇ ਹੁਣ ਤੱਕ ਉਸ ਵਿੱਚੋਂ 16 ਪੈਸੇ ਵੀ ਨਹੀਂ ਦਿੱਤੇ ਗਏ। ਇਸ ਸਭ ਦੇ ਬਾਵਜੂਦ ਵੀ ਉਹ ਪੰਜਾਬ ਵਿੱਚ ਚੋਣਾਂ ਲੜਨਾ ਚਾਹੁੰਦੇ ਹਨ। ਦੇਸ਼ ਲਈ ਪੰਜਾਬ ਦੇ ਯੋਗਦਾਨ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਜਦੋਂ ਦੇਸ਼ ਨੂੰ ਅਨਾਜ ਦੀ ਲੋੜ ਸੀ ਤਾਂ ਪੰਜਾਬੀਆਂ ਨੇ ਦਿਨ-ਰਾਤ ਮਿਹਨਤ ਕਰਕੇ ਹਰੀ ਕ੍ਰਾਂਤੀ ਲਿਆਂਦੀ ਅਤੇ ਦੇਸ਼ ਦੇ ਅੰਨ ਭੰਡਾਰ ਭਰ ਦਿੱਤੇ। ਜਦੋਂ ਦੇਸ਼ ਨੂੰ ਆਜ਼ਾਦੀ ਦੀ ਲੋੜ ਸੀ ਤਾਂ 90 ਫੀਸਦ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ। ਜਦੋਂ ਵੀ ਸਰਹੱਦ 'ਤੇ ਪਹਿਲੀ ਗੋਲੀ ਚਲਦੀ ਹੈ ਤਾਂ ਪੰਜਾਬੀ ਨੌਜਵਾਨ ਸੈਨਿਕ ਹਿੱਕ ਤਾਣ ਕੇ ਸਭ ਤੋਂ ਅੱਗੇ ਖੜ੍ਹਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਹਮੇਸ਼ਾ ਤੁਹਾਡੇ ਨਾਲ ਖੜ੍ਹਾ ਰਹੇਗਾ। ਅਸੀਂ ਪੰਜਾਬ 'ਚ ਸਰਕਾਰ ਚਲਾ ਰਹੇ ਹਾਂ ਅਤੇ 2027 ਵਿੱਚ ਵੀ ਅਸੀਂ ਤੁਹਾਨੂੰ ਭਾਰੀ ਬਹੁਮਤ ਨਾਲ ਜਿੱਤ ਦੀਆਂ ਸੀਟਾਂ ਦਾ ਸੈਂਕੜਾ ਲਗਾ ਕੇ ਵੱਡਾ ਤੋਹਫ਼ਾ ਦੇਵੇਗਾਂ। ਜਿਸ ਪਾਸੇ ਪੰਜਾਬ ਮਾਰਚ ਕਰਦਾ ਹੈ, ਦੇਸ਼ ਵੀ ਉਸੇ ਰਾਹ 'ਤੇ ਚਲਦਾ ਹੈ।

## ਲਾਅ ਐਂਡ ਆਰਡਰ ਦਾ ਬੁਰਾ ਹਾਲ, ਜਲੰਧਰ ਸ਼ਹਿਰ ਦਾ ਰੱਬ ਹੀ ਰਾਖਾ : ਰਜਿੰਦਰ ਬੇਰੀ

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਜਿਲਾ ਕਾਂਗਰਸ ਕਮੇਟੀ ਸ਼ਹਿਰੀ ਦੇ ਪ੍ਰਧਾਨ ਅਤੇ ਸਾਬਕਾ ਵਿਧਾਇਕ ਰਜਿੰਦਰ ਬੇਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਲਾਅ ਐਂਡ ਆਰਡਰ ਨੂੰ ਕਾਇਮ ਰੱਖਣ ਵਿੱਚ ਬੁਰੀ ਤਰਾਂ ਨਾਲ ਫ਼ੇਲ ਹੋ ਚੁੱਕੀ ਹੈ। ਜਲੰਧਰ ਸ਼ਹਿਰ ਦਾ ਤਾਂ ਹੁਣ ਰੱਬ ਹੀ ਰਾਖਾ ਹੈ । ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਵਪਾਰੀ ਅਤੇ ਕਾਰੋਬਾਰੀ ਸਭ ਤੰਗ ਹਨ। ਰੋਜ਼ਾਨਾ ਗੋਲੀਬਾਰੀ ਹੋ ਰਹੀ ਹੈ, ਪੁਲਿਸ ਦਾ ਕੋਈ ਕੰਟਰੋਲ ਨਹੀ ਹੈ। ਕਿਸੇ ਨੂੰ ਗੋਲੀ ਨਾਲ ਡਰਾਇਆ ਜਾ ਰਿਹਾ ਹੈ, ਕਿਸੇ ਕੋਲੋ ਫਿਰੌਤੀਆਂ ਮੰਗੀਆਂ ਜਾ ਰਹੀਆਂ ਹਨ। ਲਾਅ ਐਂਡ ਆਰਡਰ ਦਾ ਜਨਾਜ਼ਾ ਨਿਕਲ ਚੁੱਕਿਆ ਹੈ। ਸਰਕਾਰ ਕੁੰਭਕਰਨੀ ਨੀਂਦ ਸੁੱਤੀ ਪਈ ਹੈ। ਸ਼ਰੇਆਮ ਕਤਲ ਹੋ ਰਹੇ ਹਨ, ਸਨੈਚਿੰਗ ਸ਼ਰੇਆਮ ਹੋ ਰਹੀ ਹੈ। ਪੰਜਾਬ ਨੂੰ ਕਾਲੇ ਦੌਰ ਵੱਲ ਧੱਕਿਆ ਜਾ ਰਿਹਾ ਹੈ। ਪਹਿਲਾ ਹੀ ਸਾਡੇ ਸ਼ਹੀਦਾਂ ਨੇ ਕੁਰਬਾਨੀਆਂ ਦੇ ਕੇ ਪੰਜਾਬ ਨੂੰ ਖੁਸ਼ਹਾਲ ਸੂਬਾ ਬਣਾਇਆ ਸੀ ਪਰ ਅੱਜ ਦੀ ਮੌਜੂਦਾਂ ਸਰਕਾਰ ਨੇ ਪੰਜਾਬ ਦਾ ਮਾੜਾ ਹਾਲ ਕਰ ਦਿੱਤਾ ਹੈ।




ਅਸ਼ਵਨੀ ਜੇਤਲੀ ਮਾਲਕ, ਐਡੀਟਰ/ਪ੍ਰਿੰਟਰ ਤੇ ਪਬਲਿਸ਼ਰ ਨੇ ਰੋਟਰੀ ਪ੍ਰਿੰਟਰਜ਼ ਤੋਂ ਛਪਵਾ ਕੇ ਦਫ਼ਤਰ ਜ਼ਿਕਰ ਪੰਜਾਬ (ਸਪਤਾਹਿਕ) 7, ਮਾਣਕ ਇਨਕਲੇਵ, ਧਾਂਦਰਾ ਰੋਡ, ਲੁਧਿਆਣਾ ਤੋਂ ਪ੍ਰਕਾਸ਼ਿਤ ਕੀਤਾ।
Published, Printed & Owned by Ashwani Jaitly Published at 7, Manak Enclave, Dhandra Road, Ludhiana, Punjab State Printed at Rotary Printers, Kot Almgir, Ludhiana, Punjab State Editor- Ashwani Jaitly

ਸੰਪਾਦਕੀ

# ਜੰਗ ਨਹੀਂ ਕਿਸੇ ਮਸਲੇ ਦਾ ਹੱਲ

ਅਮਰੀਕਾ-ਇਜ਼ਰਾਈਲ ਦੀ ਈਰਾਨ ਨਾਲ ਸ਼ੁਰੂ ਹੋਈ ਜੰਗ ਵਿਸ਼ਵ ਅਮਨ ਲਈ ਬਦਸ਼ਗਨੀ ਹੈ। ਇਸ ਜੰਗ ਦਾ ਭਾਰਤ ਉੱਤੇ ਕਾਫ਼ੀ ਪ੍ਰਭਾਵ ਪੈ ਸਕਦਾ ਹੈ। ਹਵਾਈ ਯਾਤਰਾ ਦਾ ਪ੍ਰਭਾਵਿਤ ਹੋਣਾ ਤਾਂ ਨਿਸ਼ਚਿਤ ਹੀ ਹੈ।



ਈਰਾਨ ਨੇ ਸੁਰੱਖਿਆ ਕਾਰਨਾਂ ਕਰਕੇ ਆਪਣਾ ਹਵਾਈ ਖੇਤਰ ਬੰਦ ਕਰ ਦਿੱਤਾ ਹੈ, ਜਿਸ ਕਾਰਨ ਅਮਰੀਕਾ, ਯੂਰਪ ਅਤੇ ਹੋਰ ਦੇਸ਼ਾਂ ਦੀਆਂ ਉਡਾਣਾਂ ਨੂੰ ਲੰਬਾ ਸਫ਼ਰ ਕਰਨਾ ਪੈ ਰਿਹਾ ਹੈ, ਜਿਸ ਨਾਲ ਯਾਤਰਾ ਦਾ ਸਮਾਂ ਅਤੇ ਲਾਭਤ ਵਧ ਗਈ ਹੈ। ਵਪਾਰ ਅਤੇ ਸੰਪਰਕ ਪ੍ਰੋਜੈਕਟ ਵੀ ਪ੍ਰਭਾਵਿਤ ਹੋਣਗੇ। ਭਾਰਤ ਦੇ ਵਪਾਰ ਅਤੇ ਸੰਪਰਕ ਪ੍ਰੋਜੈਕਟ ਜਿਵੇਂ ਕਿ ਚਾਬਹਾਰ ਬੰਦਰਗਾਹ, ਭਾਰਤ-ਮੱਧ ਪੂਰਬ-ਯੂਰਪ ਆਰਥਿਕ ਗਲਿਆਰਾ ਪ੍ਰਭਾਵਿਤ ਹੋਣਗੇ। ਊਰਜਾ ਖੇਤਰ ਦੀ ਗੱਲ ਕਰੀਏ ਤਾਂ ਮੱਧ ਪੂਰਬ ਤੇਲ ਅਤੇ ਗੈਸ ਦੀ ਮਹੱਤਵਪੂਰਨ ਵਿਸ਼ਵ ਸਪਲਾਈ ਦਾ ਇੱਕ ਸਰੋਤ ਹੈ, ਇਸ ਲਈ ਇਸ ਟਕਰਾਅ ਦਾ ਭਾਰਤ ਦੀ ਊਰਜਾ ਸੁਰੱਖਿਆ ਉੱਤੇ ਪ੍ਰਭਾਵ ਪੈ ਸਕਦਾ ਹੈ। ਹਵਾਬਾਜ਼ੀ ਉਦਯੋਗ ਅਤੇ ਸੈਰ-ਸਪਾਟਾ ਪ੍ਰਭਾਵਿਤ ਹੋਵੇਗਾ ਅਤੇ ਆਰਥਿਕਤਾ ਦੇ ਹੋਰ ਸਬੰਧਤ ਖੇਤਰਾਂ ਨੂੰ ਵੀ ਨੁਕਸਾਨ ਹੋਵੇਗਾ। ਭਾਰਤ ਸਰਕਾਰ ਨੇ ਈਰਾਨ-ਇਜ਼ਰਾਈਲ ਯੁੱਧ ਦੇ ਮੱਦੇਨਜ਼ਰ ਕਈ ਕਦਮ ਚੁੱਕੇ ਹਨ। ਸਰਕਾਰ ਨੇ ਸਥਿਤੀ 'ਤੇ ਨਜ਼ਰ ਰੱਖਣ ਅਤੇ ਸਮੁੰਦਰੀ ਸੁਰੱਖਿਆ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਵਪਾਰਕ ਅਤੇ ਵਣਜ ਮੰਤਰਾਲੇ ਨੇ ਸਥਿਤੀ ਦੀ ਸਮੀਖਿਆ ਲਈ ਬੈਠਕਾਂ ਕੀਤੀਆਂ ਹਨ। ਸਰਕਾਰ ਵਲੋਂ ਸਮੁੰਦਰੀ ਸੁਰੱਖਿਆ ਲਈ ਦਿਸ਼ਾ-ਨਿਰਦੇਸ਼ ਜਾਰੀ ਕਰਨ ਤੋਂ ਇਲਾਵਾ ਵਪਾਰਕ ਅਤੇ ਵਣਜ ਮੰਤਰਾਲੇ ਨੇ ਸਥਿਤੀ ਦੀ ਸਮੀਖਿਆ ਲਈ ਬੈਠਕਾਂ ਕੀਤੀਆਂ ਹਨ। ਭਾਰਤ ਦੋਵਾਂ ਦੇਸ਼ਾਂ ਨਾਲ ਸਬੰਧ ਸੰਤੁਲਿਤ ਰੱਖਣ ਦੀ ਕੋਸ਼ਿਸ਼ ਕਰ ਰਿਹਾ ਹੈ ਅਤੇ ਆਪਣੇ ਤੇਲ ਸਰੋਤਾਂ ਨੂੰ ਵਿਭਿੰਨ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ, ਜਿਸ ਵਿੱਚ ਰੂਸ, ਅਮਰੀਕਾ ਅਤੇ ਬ੍ਰਾਜ਼ੀਲ ਸ਼ਾਮਲ ਹਨ। ਸਰਕਾਰ ਨੇ ਇਜ਼ਰਾਈਲ ਅਤੇ ਈਰਾਨ ਤੋਂ ਭਾਰਤੀਆਂ ਨੂੰ ਸੁਰੱਖਿਅਤ ਕੱਢਣ ਲਈ ਆਪ੍ਰੇਸ਼ਨ ਸਿੰਧੂ ਵੀ ਸ਼ੁਰੂ ਕੀਤਾ ਹੈ। ਭਾਰਤ ਦੀ ਵਿਦੇਸ਼ ਨੀਤੀ ਨੇ ਹਮੇਸ਼ਾ ਸ਼ਾਂਤੀ, ਸਹਿਯੋਗ ਅਤੇ ਵਿਕਾਸ ਨੂੰ ਉਤਸ਼ਾਹਿਤ ਕਰਨ 'ਤੇ ਜ਼ੋਰ ਦਿੱਤਾ ਹੈ। ਅਸੀਂ ਅਮਨ, ਸ਼ਾਂਤੀ ਅਤੇ ਸਦਭਾਵਨਾ ਵਿੱਚ ਵਿਸ਼ਵਾਸ ਰੱਖਦੇ ਹਾਂ ਅਤੇ ਚਾਹੁੰਦੇ ਹਾਂ ਕਿ ਟਕਰਾਅ ਦੀ ਥਾਂ ਮਸਲਿਆਂ ਦਾ ਹੱਲ ਗਲਬਾਤ ਰਾਹੀਂ ਕੱਢਿਆ ਜਾਵੇ। ਜੰਗ ਕਿਸੇ ਮਸਲੇ ਦਾ ਹੱਲ ਨਹੀਂ ਹੁੰਦੀ, ਸਗੋਂ ਇਹ ਤਾਂ ਖੁਦ ਇੱਕ ਵੱਡਾ ਮਸਲਾ ਹੁੰਦੀ ਹੈ। ਭਾਰਤ ਦਾ ਅਵਾਮ ਅਮਨ ਦਾ ਹਾਮੀ ਹੈ ਅਤੇ ਅਸੀਂ ਕਾਮਨਾ ਕਰਦੇ ਹਾਂ ਕਿ ਖਿੱਤੇ ਵਿਚ ਅਤੇ ਵਿਸ਼ਵ ਵਿੱਚ ਸ਼ਾਂਤੀ ਰਹੇ ਅਤੇ ਜੰਗ ਵਿੱਚ ਉਲਝੀਆਂ ਧਿਰਾਂ ਇਸ ਬਰਬਾਦੀ ਵਾਲੇ ਕਦਮ ਨੂੰ ਪਿਛਾਂਹ ਮੋੜਨ ਅਤੇ ਅਮਨ ਸ਼ਾਂਤੀ ਦੀ ਬਹਾਲੀ ਲਈ ਦੂਸਰੇ ਦੇਸ਼ ਇਹਨਾਂ ਧਿਰਾਂ ਨੂੰ ਗੱਲਬਾਤ ਰਾਹੀਂ ਮਸਲਿਆਂ ਦੇ ਹੱਲ ਲਈ ਪ੍ਰੇਰਿਤ ਕਰਨ।

**- ਅਸ਼ਵਨੀ ਜੇਤਲੀ**

### 4 ਮਾਰਚ 2026 ਲਈ ਵਿਸ਼ੇਸ਼ :

# ਖ਼ਾਲਸਾ ਪੰਥ ਦੇ ਨਿਆਰੇਪਣ ਦਾ ਪ੍ਰਤੀਕ 'ਹੋਲਾ ਮਹੱਲਾ'

ਜ਼ਿਕਰ ਪੰਜਾਬ

ਹੋਲਾ ਮਹੱਲਾ ਖ਼ਾਲਸਾ ਪੰਥ ਦੇ ਨਿਆਰੇਪਣ ਦਾ ਪ੍ਰਤੀਕ ਹੈ, ਜਿਸ ਦੀ ਸ਼ੁਰੂਆਤ ਪਿੱਛੇ ਉੱਚੀਆਂ ਸੁੱਚੀਆਂ ਤੇ ਸਾਰਥਕ ਕਦਰਾਂ-ਕੀਮਤਾਂ ਹਨ। ਦਸਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸਿੱਖਾਂ ਦੀ ਸ਼ਖ਼ਸੀਅਤ ਉਸਾਰੀ ਲਈ ਅਗਾਂਹਵਧੂ ਸੋਚ ਹੋਲਾ ਮਹੱਲਾ ਦੀ ਪ੍ਰੰਪਰਾ ਪਿੱਛੇ ਸ਼ਕਤੀ ਅਤੇ ਪ੍ਰੇਰਣਾ ਵਜੋਂ ਕੰਮ ਕਰਦੀ ਹੈ। ਗੁਰੂ ਸਾਹਿਬਾਨ ਦਾ ਮੰਤਵ ਨਿਰਾਰਥਕ ਅਤੇ ਉਦੇਸ਼ਹੀਣ ਮਾਨਵਸ਼ਕਤੀ ਨੂੰ ਚੜ੍ਹਦੀ ਕਲਾ ਨਾਲ ਜੋੜ ਕੇ ਸਿਹਤਮੰਦ ਸਮਾਜ ਦੀ ਸਿਰਜਨਾ ਕਰਨਾ ਸੀ ਅਤੇ ਇਸੇ ਦਿਸ਼ਾ ਵਿਚ ਹੀ ਉਨ੍ਹਾਂ ਨੇ ਖਾਲਸਈ ਦਿਹਾੜਿਆਂ ਨੂੰ ਆਰੰਭ ਕੀਤਾ। ਇਤਿਹਾਸ ਅੰਦਰ ਜਿਨ੍ਹਾਂ ਖ਼ਾਲਸਈ ਰੰਗ ਵਿਚ ਪੇਸ਼ ਦਿਹਾੜਿਆਂ ਦਾ ਜ਼ਿਕਰ ਆਉਂਦਾ ਹੈ, ਉਨ੍ਹਾਂ ਵਿਚ ਹੋਲਾ ਮਹੱਲਾ ਤੋਂ ਇਲਾਵਾ ਬੰਦੀ ਛੋੜ ਦਿਵਸ ਤੇ ਖਾਲਸਾ ਸਾਜਨਾ ਦਿਵਸ ਆਦਿ ਪ੍ਰਮੁੱਖ ਹਨ। ਇਨ੍ਹਾਂ ਖ਼ਾਲਸਈ ਦਿਹਾੜਿਆਂ ਨੇ ਇਕੱਲਾ ਸਿੱਖਾਂ ਨੂੰ ਹੀ ਨਵਾਂ ਜੋਸ਼ ਅਤੇ ਸ਼ਕਤੀ ਨਹੀਂ ਦਿੱਤੀ, ਸਗੋਂ ਸਮੁੱਚੀ ਮਾਨਵਤਾ ਨੇ ਹੀ ਚੇਤ, ਅਚੇਤ ਰੂਪ ਵਿਚ ਇਨ੍ਹਾਂ ਦਾ ਪ੍ਰਭਾਵ ਕਬੂਲਿਆ। ਹੋਲਾ ਮਹੱਲਾ ਬਸੰਤ ਰੁੱਤ ਦੇ ਤਿਉਹਾਰ ਹੋਲੀ ਤੋਂ ਅਗਲੇ ਦਿਨ ਮਨਾਇਆ ਜਾਂਦਾ ਹੈ। ਦਸਮੇਸ਼ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਚੇਤ ਵਦੀ ਇਕ ਸੰਮਤ 1757 ਬਿਕ੍ਰਮੀ ਵਾਲੇ ਦਿਨ, ਸ੍ਰੀ ਅਨੰਦਪੁਰ ਸਾਹਿਬ ਵਿਖੇ ਕਿਲ੍ਹਾ ਹੋਲਗੜ੍ਹ ਦੇ ਸਥਾਨ 'ਤੇ ਹੋਲੇ ਮਹੱਲੇ ਦਾ ਆਰੰਭ ਕੀਤਾ ਸੀ। ਗੁਰੂ ਸਾਹਿਬ ਦਾ ਮੰਤਵ ਤੇ ਉਦੇਸ਼ ਬੜਾ ਉਸਾਰੂ ਸੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਗੁਰਸਿੱਖਾਂ ਦੇ ਅੰਦਰ 'ਫ਼ਤਹਿ' ਦੇ ਮੰਤਵ ਨੂੰ ਹੋਰ ਦ੍ਰਿੜ੍ਹ ਕਰਨਾ ਚਾਹੁੰਦੇ ਸਨ। ਦਸਮੇਸ਼ ਪਿਤਾ ਜੀ ਨੇ ਮਾਨਵਤਾ ਨੂੰ ਸਵੈਮਾਣ ਤੇ ਆਪਣੀ ਹੋਂਦ ਦਾ ਅਹਿਸਾਸ ਕਰਵਾਉਣ ਲਈ ਉਨ੍ਹਾਂ ਵਿਚ ਨਿਡਰਤਾ ਤੇ ਨਿਰਭੈਤਾ ਭਰਨ ਅਤੇ ਸੂਰਬੀਰ ਯੋਧੇ ਬਣਾਉਣ ਦੇ ਮਕਸਦ ਨਾਲ ਹੋਲੀ ਦੀ ਥਾਂ ਹੋਲੇ ਮਹੱਲੇ ਦਾ ਪ੍ਰਚਲਨ ਕੀਤਾ। ਕੌਮ ਅੰਦਰ ਅਜ਼ਾਦੀ ਦੀ ਸਪਿਰਟ ਭਰਨ ਲਈ ਕਲਗੀਧਰ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਜਿਥੇ ਨਵਾਂ ਜੀਵਨ ਬਖਸ਼ਿਆ ਉਥੇ ਭਾਰਤੀ ਸਮਾਜ ਲਈ ਉਹਨਾਂ ਦੇ ਰੀਤੀ-ਰਿਵਾਜ਼ਾਂ ਅਤੇ ਰਸਮਾਂ ਨੂੰ ਮਨਾਉਣ ਦੇ ਢੰਗ ਵਿਚ ਵੀ ਇਨਕਲਾਬੀ ਤਬਦੀਲੀਆਂ ਲਿਆਂਦੀਆਂ। ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਲੋਂ ਚਲਾਇਆ ਹੋਲਾ ਮਹੱਲਾ ਸ਼ਕਤੀ ਨੂੰ ਪ੍ਰਗਟ ਕਰਨ ਅਤੇ ਅਣਖ ਦੇ ਅਨੁਭਵ ਦਾ ਅਨੋਖਾ ਢੰਗ ਹੈ। ਹੋਲਾ ਮਹੱਲਾ ਸਿੱਖਾਂ ਨੂੰ ਹਰ ਸਾਲ ਦ੍ਰਿੜ੍ਹ ਵਿਸ਼ਵਾਸੀ, ਪਰਮਾਤਮਾ ਦੀ ਭਗਤੀ ਤੇ ਉੱਚੇ-ਸੁੱਚੇ ਮਨੁੱਖੀ ਆਦਰਸ਼ਾਂ, ਜ਼ੁਲਮ, ਜ਼ਬਰ, ਨਾਸਤਿਕਤਾ ਤੇ ਭ੍ਰਿਸ਼ਟਾਚਾਰ ਵਿਰੁੱਧ ਜੂਝਣ ਲਈ ਨਵਾਂ ਜੋਸ਼ ਤੇ ਉਤਸ਼ਾਹ ਪ੍ਰਦਾਨ ਕਰਦਾ ਹੈ।

ਪ੍ਰਚੱਲਤ ਤਿਉਹਾਰ ਹੋਲੀ ਦਾ ਇਹ ਬਦਲ ਹੋਲੇ-ਮਹੱਲੇ ਦੇ ਰੂਪ ਵਿਚ ਕ੍ਰਾਂਤੀਕਾਰੀ ਸੰਕਲਪ ਵਜੋਂ ਸੀ, ਜਿਸ ਦਾ ਢੰਗ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਆਪ ਨਿਸ਼ਚਿਤ ਕੀਤਾ। ਇਸ ਦੀ ਅਲੌਕਿਕ ਮਹਿਮਾ ਦਾ ਵਰਣਨ ਕਰਦਿਆਂ ਕਵੀ ਸੁਮੇਰ ਸਿੰਘ ਇਸ ਤਰ੍ਹਾਂ ਲਿਖਦੇ ਹਨ:



**ਔਰਨ ਕੀ ਹੋਲੀ ਮਮ ਹੋਲਾ। ਕਹਯੋ ਕ੍ਰਿਪਾਨਿਧ ਬਚਨ ਅਮੋਲਾ।**

ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਯੁੱਧ ਵਿਦਿਆ ਦੇ ਅਭਿਆਸ ਨੂੰ ਨਿੱਤ ਨਵਾਂ ਰੱਖਣ ਵਾਸਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਲਾਈ ਰੀਤੀ ਅਨੁਸਾਰ ਚੇਤ ਵਦੀ 1 ਨੂੰ ਸਿੱਖਾਂ ਵਿਚ ਹੋਲਾ ਮਹੱਲਾ ਹੁੰਦਾ ਹੈ ਜਿਸ ਦਾ ਹੋਲੀ ਦੀ ਰਸਮ ਨਾਲ ਕੋਈ ਸਬੰਧ ਨਹੀਂ। ਮਹੱਲਾ ਇਕ ਪ੍ਰਕਾਰ ਦੀ ਮਨਸੂਈ ਲੜਾਈ ਹੈ। ਪੈਦਲ, ਘੋੜਸਵਾਰ ਤੇ ਸ਼ਸਤਰਧਾਰੀ ਸਿੰਘ ਦੋ ਪਾਸਿਆਂ ਤੋਂ ਇਕ ਖਾਸ ਹਮਲੇ ਦੀ ਥਾਂ ਹਮਲਾ ਕਰਦੇ ਹਨ। ਕਲਗੀਧਰ ਆਪ ਇਸ ਬਣਾਉਟੀ ਲੜਾਈ ਨੂੰ ਵੇਖਦੇ ਤੇ ਦੋਨਾਂ ਜੱਥਿਆਂ ਨੂੰ ਲੋੜੀਂਦੀ, ਸਿੱਖਿਆ ਪ੍ਰਦਾਨ ਕਰਦੇ। ਜਿਹੜਾ ਜਥਾ ਜੇਤੂ ਹੁੰਦਾ ਉਸ ਨੂੰ ਸਿਰੋਪਾ ਬਖਸ਼ਿਸ਼ ਕਰਦੇ। ਭਾਈ ਵੀਰ ਸਿੰਘ ਅਨੁਸਾਰ- ਮਹੱਲਾ ਸ਼ਬਦ ਤੋਂ ਭਾਵ 'ਮਯ ਹੱਲਾ' ਭਾਵ ਬਨਾਉਟੀ ਹਮਲਾ ਹੈ। ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਖਾਲਸੇ ਨੂੰ ਯੁੱਧ-ਵਿੱਦਿਆ ਵਿਚ ਪ੍ਰਬੀਨ ਬਣਾਉਣਾ ਚਾਹੁੰਦੇ ਸਨ, ਇਸ ਲਈ ਉਨ੍ਹਾਂ ਨੇ ਹੋਲਾ ਮਹੱਲਾ ਦੀ ਖ਼ਾਲਸਈ ਰਵਾਇਤ ਆਰੰਭ ਕੀਤੀ। ਇਤਿਹਾਸ ਗਵਾਹ ਹੈ ਕਿ ਪਾਤਸ਼ਾਹ ਜੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਹੋਲਾ-ਮਹੱਲਾ ਦੇ ਰੂਪ ਵਿਚ ਮਨਾਏ ਜਾਂਦੇ ਜੰਗਜੂ ਤਿਉਹਾਰ ਸਮੇਂ ਸਿੰਘਾਂ ਦੀਆਂ ਆਪਸ ਵਿਚ ਲੜੀਆਂ ਜਾਂਦੀਆਂ ਅਭਿਆਸ ਰੂਪੀ ਮਸਨੂਈ ਲੜਾਈਆਂ ਨੇ ਭਾਰਤੀ ਲੋਕਾਂ ਦੇ ਮਨੋ-ਬਲ ਨੂੰ ਉੱਚਾ ਕੀਤਾ। ਲੋਕ ਕਾਇਰਤਾ ਭਰੇ ਮਾਹੌਲ 'ਚੋਂ ਨਿਕਲ ਕੇ ਇਸ ਉਤਸਵ ਵਿਚ ਬੜੇ ਜੋਸ਼ ਤੇ ਸਜ-ਧਜ ਨਾਲ ਸ਼ਾਮਲ ਹੋਣ ਲੱਗੇ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਹੋਲਾ ਮਹੱਲਾ ਮਨਾਉਣ ਦੀ ਚਲਾਈ ਪ੍ਰੰਪਰਾ ਸਿੱਖਾਂ ਅੰਦਰ ਸ਼ਕਤੀ ਤੇ ਅਣਖ ਨੂੰ ਪ੍ਰਗਟ ਕਰਨ ਦਾ ਅਨੋਖਾ ਢੰਗ ਸੀ। ਇਹ ਖ਼ਾਲਸਾ ਪੰਥ ਲਈ ਸਵੈਮਾਨ, ਖਾਲਸੇ ਦੇ ਬੋਲ-ਬਾਲੇ ਅਤੇ ਚੜ੍ਹਦੀ ਕਲਾ ਦਾ ਪ੍ਰਤੀਕ ਹੈ। ਇਸ ਨਾਲ ਸਿੱਖਾਂ ਅੰਦਰ ਜ਼ਬਰ ਜ਼ੁਲਮ ਵਿਰੁੱਧ ਜੂਝਣ ਲਈ ਨਵਾਂ ਉਤਸ਼ਾਹ ਪੈਦਾ ਹੁੰਦਾ ਹੈ। ਸਿੱਖ ਕੌਮ ਦੀ ਨਿਆਰੀ ਹੋਂਦ ਨੂੰ ਦਰਸਾਉਂਦੇ ਇਸ ਕੌਮੀ ਤਿਉਹਾਰ ਮੌਕੇ ਹਰ ਸਾਲ ਲੱਖਾਂ ਸੰਗਤਾਂ ਪਾਵਨ ਧਰਤੀ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਪਾਉਂਟਾ ਸਾਹਿਬ ਤੇ ਸ੍ਰੀ ਹਜ਼ੂਰ ਸਾਹਿਬ ਵਿਖੇ ਪੁੱਜਦੀਆਂ ਹਨ। ਇਸ ਮੌਕੇ ਜਿਥੇ ਧਾਰਮਿਕ ਦੀਵਾਨ ਸਜਦੇ ਹਨ ਉਥੇ ਨਿਹੰਗ ਸਿੰਘਾਂ ਦੇ ਜੰਗਜੂ ਕਰਤਬ ਸੰਗਤਾਂ ਦੀ ਖਿੱਚ ਦਾ ਕੇਂਦਰ ਹੁੰਦੇ ਹਨ। ਖ਼ਾਲਸੇ ਦਾ ਹੋਲਾ ਮਹੱਲਾ ਸ਼ਕਤੀ ਨੂੰ ਪ੍ਰਗਟ ਕਰਨ ਅਤੇ ਅਣਖ ਦੇ ਅਨੁਭਵ ਦਾ ਅਨੋਖਾ ਢੰਗ ਹੈ। ਇਹ ਖ਼ਾਲਸਾ ਪੰਥ ਲਈ ਸਵੈਮਾਨ, ਖਾਲਸੇ ਦੇ ਬੋਲ-ਬਾਲੇ ਅਤੇ ਚੜ੍ਹਦੀ ਕਲਾ ਦਾ ਪ੍ਰਤੀਕ ਹੈ। ਹੋਲਾ ਮਹੱਲਾ ਸਿੱਖਾਂ ਨੂੰ ਹਰ ਸਾਲ ਦ੍ਰਿੜ੍ਹ ਵਿਸ਼ਵਾਸੀ, ਪ੍ਰਭੂ-ਭਗਤੀ ਤੇ ਉੱਚੇ-ਸੁੱਚੇ ਮਨੁੱਖੀ ਆਦਰਸ਼ਾਂ, ਜ਼ੁਲਮ, ਜਬਰ, ਨਾਸਤਿਕਤਾ ਤੇ ਭ੍ਰਿਸ਼ਟਾਚਾਰ ਵਿਰੁੱਧ ਜੂਝਣ ਲਈ ਨਵਾਂ ਜੋਸ਼ ਤੇ ਉਤਸ਼ਾਹ ਪ੍ਰਦਾਨ ਕਰਦਾ ਹੈ। ਇੰਝ ਖ਼ਾਲਸਾ-ਪੰਥ ਵਿਚ 'ਹੋਲਾ ਮਹੱਲਾ' ਦੇ ਮੰਤਵ ਤੇ ਉਦੇਸ਼ ਬੜੇ ਉਸਾਰੂ ਤੇ ਸਾਰਥਿਕ ਹਨ।

ਅੱਜ ਆਪਣੇ ਵਿਰਸੇ ਤੋਂ ਦੂਰ ਜਾ ਰਹੀ ਨੌਜਵਾਨ ਪੀੜ੍ਹੀ ਨੂੰ ਆਪਣੀ ਵਿਰਾਸਤ ਨਾਲ ਜੋੜਨ ਲਈ ਇਹ ਤਿਉਹਾਰ ਪ੍ਰੇਰਨਾ ਸਰੋਤ ਹੋ ਸਕਦੇ ਹਨ। ਅਜੋਕੀ ਪੀੜ੍ਹੀ ਨੂੰ ਆਪਣੇ ਸ਼ਾਨਾ ਮੱਤੇ ਇਤਿਹਾਸ, ਗੌਰਵਮਈ ਵਿਰਸੇ ਅਤੇ ਬੀਰ-ਰਸੀ ਰਵਾਇਤਾਂ ਤੋਂ ਜਾਣੂ ਕਰਵਾ ਕੇ ਪਤਿਤਪੁਣੇ ਅਤੇ ਨਸ਼ਿਆਂ ਤੋਂ ਰੋਕਿਆ ਜਾ ਸਕਦਾ ਹੈ। ਅੱਜ ਲੋੜ ਹੈ ਕਿ ਹਰ ਸਿੱਖ ਆਪਣੇ ਵਿਰਸੇ ਨੂੰ ਜਾਣਦਾ ਹੋਇਆ ਸ਼ਸਤਰ ਵਿਦਿਆ ਵਿਚ ਵੀ ਨਿਪੁੰਨ ਹੋਵੇ। ਸੋ ਆਓ ਖਾਲਸਾ ਪੰਥ ਦੇ ਨਿਆਰੇ ਤਿਉਹਾਰ ਹੋਲਾ ਮਹੱਲਾ ਮੌਕੇ ਆਪਣੇ ਜੀਵਨ ਅੰਦਰ ਖ਼ਾਲਸਾਈ ਜਜ਼ਬੇ ਦੀ ਭਾਵਨਾ ਭਰਦਿਆਂ ਉੱਦਮੀ ਜੀਵਨ ਜੀਉਣ ਲਈ ਅੱਗੇ ਵਧੀਏ। ਸਮਾਜ ਵਿਚ ਫੈਲੀਆਂ ਕੁਰੀਤੀਆਂ ਦੇ ਖਾਤਮੇ ਲਈ ਵਚਨਬਧ ਹੋਈਏ ਅਤੇ ਸਾਵੇਂ ਸੁਖਾਵੇਂ ਸਮਾਜ ਦੀ ਸਿਰਜਣਾ ਲਈ ਗੁਰੂ ਬਖਸ਼ੀ ਰਹਿਣੀ ਦਾ ਪ੍ਰਚਾਰ ਪ੍ਰਸਾਰ ਕਰੀਏ।



**ਐਡਵੋਕੇਟ ਹਰਜਿੰਦਰ ਸਿੰਘ ਧਾਮੀ**
**ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।**

### ਭਾਰਤ-ਈਯੂ ਮੁਕਤ ਵਪਾਰ ਸਮਝੌਤਾ:

# ਕੱਪੜਾ ਉਦਯੋਗ ਲਈ ਇੱਕ ਇਤਿਹਾਸਕ ਵਪਾਰਕ ਪ੍ਰਾਪਤੀ

ਜ਼ਿਕਰ ਪੰਜਾਬ

ਭਾਰਤ ਨੇ ਵਿਸ਼ਵ ਪੱਧਰ 'ਤੇ ਇਸ ਢੰਗ ਨਾਲ ਕਦਮ ਰੱਖਿਆ ਹੈ ਜਿਸ ਨੂੰ ਦੁਨੀਆ ਅਣਦੇਖਾ ਨਹੀਂ ਕਰ ਸਕਦੀ। 16ਵੇਂ ਭਾਰਤ-ਈਯੂ ਸੰਮੇਲਨ ਨੇ ਭਾਰਤ ਅਤੇ ਯੂਰਪੀ ਸੰਘ ਦਰਮਿਆਨ ਮੁਕਤ ਵਪਾਰ ਸਮਝੌਤੇ (ਐੱਫਟੀਏ) ਨੂੰ ਰਸਮੀ ਤੌਰ 'ਤੇ ਅੰਤਿਮ ਰੂਪ ਦਿੱਤਾ। ਇਹ ਇੱਕ ਇਤਿਹਾਸਕ ਪਲ ਸੀ, ਜਿਸ 'ਤੇ ਦਹਾਕਿਆਂ ਤੋਂ ਕੰਮ ਚੱਲ ਰਿਹਾ ਸੀ। ਇਹ ਸਮਝੌਤਾ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਦੂਰਦਰਸ਼ੀ, ਦ੍ਰਿੜ ਅਤੇ ਮਜ਼ਬੂਤ ਆਰਥਿਕ ਅਗਵਾਈ ਦਾ ਨਤੀਜਾ ਹੈ।

ਭਾਰਤ ਅਤੇ ਯੂਰਪੀ ਸੰਘ ਇਕੱਠੇ ਦੁਨੀਆ ਦੀ ਚੌਥੀ ਅਤੇ ਦੂਜੀ ਸਭ ਤੋਂ ਵੱਡੀ ਅਰਥਵਿਵਸਥਾ ਹੈ, ਜੋ ਕਿ ਆਲਮੀ ਜੀਡੀਪੀ ਦਾ ਲਗਭਗ 25 ਪ੍ਰਤੀਸ਼ਤ ਬਣਦੀਆਂ ਹਨ। ਜਦੋਂ ਇਨ੍ਹਾਂ ਦੋ ਪ੍ਰਮੁੱਖ ਆਰਥਿਕ ਭਾਈਵਾਲਾਂ ਨੇ ਭਾਰਤ-ਈਯੂ ਮੁਕਤ ਵਪਾਰ ਸਮਝੌਤੇ ਨੂੰ ਅੰਤਿਮ ਰੂਪ ਦਿੱਤਾ, ਤਾਂ ਇਹ ਸਿਰਫ਼ ਇੱਕ ਹੋਰ ਵਪਾਰ ਸਮਝੌਤਾ ਨਹੀਂ ਸੀ, ਸਗੋਂ ਇਸਦੇ ਆਕਾਰ ਅਤੇ ਰਣਨੀਤਕ ਮਹੱਤਵ ਦੇ ਕਾਰਨ ਇਹ ਇੱਕ ਵੱਡਾ ਅਤੇ ਇਤਿਹਾਸਕ ਸਮਝੌਤਾ ਸੀ।

ਭਾਰਤ-ਈਯੂ ਐੱਫਟੀਏ ਦੀ ਯਾਤਰਾ ਸ਼ਾਸਨ ਵਿੱਚ ਸਪੱਸ਼ਟ ਅੰਤਰ ਦਰਸਾਉਂਦੀ ਹੈ। 2014 ਤੋਂ ਪਹਿਲਾਂ, ਭਾਰਤ ਕੋਲ ਸਿਰਫ਼ 19 ਦੇਸ਼ਾਂ ਤੱਕ ਵਪਾਰ ਪਹੁੰਚ ਸੀ, ਜਦਕਿ ਅੱਜ ਇਹ ਗਿਣਤੀ 56 ਤੱਕ ਪਹੁੰਚ ਗਈ ਹੈ। ਇਕੱਲੇ ਭਾਰਤ-ਈਯੂ ਐੱਫਟੀਏ ਨੇ 27 ਪ੍ਰਮੁੱਖ ਅਤੇ ਮਹੱਤਵਪੂਰਨ ਬਾਜ਼ਾਰਾਂ ਤੱਕ ਪਹੁੰਚ ਖੋਲ੍ਹੀ ਹੈ। ਇਹ ਸਪੱਸ਼ਟ, ਨਤੀਜਾ-ਅਧਾਰਤ, ਅਤੇ ਮਜ਼ਬੂਤ ਸ਼ਾਸਨ ਦਾ ਪ੍ਰਤੀਕ ਹੈ।

ਅੱਜ, ਵਿਸ਼ਵ ਕੱਪੜਾ ਅਤੇ ਪਹਿਰਾਵਾ ਬਾਜ਼ਾਰ 1.1 ਟ੍ਰਿਲੀਅਨ ਅਮਰੀਕੀ ਡਾਲਰ ਤੋਂ ਵੱਧ ਹੋ ਗਿਆ ਹੈ, ਜੋ ਕਿ ਦੁਨੀਆ ਭਰ ਵਿੱਚ ਵਧਦੀ ਮੰਗ ਅਤੇ ਤੇਜ਼ੀ ਨਾਲ ਬਦਲਾਅ ਨੂੰ ਦਰਸਾਉਂਦਾ ਹੈ। 2001 ਵਿੱਚ 366.8 ਅਰਬ ਅਮਰੀਕੀ ਡਾਲਰ ਤੋਂ ਵੱਧ ਦੀ ਆਲਮੀ ਦਰਾਮਦ 2024 ਤੱਕ ਲਗਭਗ 800 ਅਰਬ ਅਮਰੀਕੀ ਡਾਲਰ ਤੱਕ ਪਹੁੰਚਣ ਦਾ ਅੰਦਾਜ਼ਾ ਹੈ। ਇਹ ਸਪੱਸ਼ਟ ਤੌਰ 'ਤੇ ਅੰਤਰਰਾਸ਼ਟਰੀ ਵਪਾਰ ਦੇ ਨਿਰੰਤਰ ਵਾਧੇ ਨੂੰ ਦਰਸਾਉਂਦਾ ਹੈ।

ਇਸ ਆਲਮੀ ਮਾਹੌਲ ਵਿੱਚ, ਭਾਰਤ ਨੇ ਵੀ ਆਪਣੀ ਸਥਿਤੀ ਨੂੰ ਲਗਾਤਾਰ ਮਜ਼ਬੂਤ ਕੀਤਾ ਹੈ। ਭਾਰਤ ਦਾ ਕੁੱਲ ਕੱਪੜਾ ਨਿਰਯਾਤ ਲਗਭਗ 10 ਅਰਬ ਅਮਰੀਕੀ ਡਾਲਰ ਤੋਂ ਵਧ ਕੇ ਲਗਭਗ 40 ਅਰਬ ਅਮਰੀਕੀ ਡਾਲਰ ਹੋ ਗਿਆ ਹੈ, ਜਿਸ ਨਾਲ ਵਿਸ਼ਵ ਵਪਾਰ ਵਿੱਚ ਭਾਰਤ ਦਾ ਹਿੱਸਾ ਕਾਫ਼ੀ ਮਜ਼ਬੂਤ ਹੋਇਆ ਹੈ। ਦੇਸ਼ ਦੇ ਅੰਦਰ ਵੀ ਕੱਪੜਾ ਸੈਕਟਰ ਤੇਜ਼ੀ ਨਾਲ ਤਰੱਕੀ ਕਰ ਰਿਹਾ ਹੈ। ਭਾਰਤ ਦਾ ਘਰੇਲੂ ਕੱਪੜਾ ਬਾਜ਼ਾਰ 2025 ਤੱਕ 138 ਅਰਬ ਅਮਰੀਕੀ ਡਾਲਰ ਤੋਂ ਵਧ ਕੇ ਲਗਭਗ 190 ਅਰਬ ਅਮਰੀਕੀ ਡਾਲਰ ਹੋਣ ਦਾ ਅੰਦਾਜ਼ਾ ਹੈ। ਇਹ ਮੁੱਖ ਤੌਰ 'ਤੇ ਵਧਦੀ ਖਪਤਕਾਰ ਮੰਗ ਅਤੇ ਵਧਦੀ ਖਰੀਦ ਸ਼ਕਤੀ ਦੇ ਕਾਰਨ ਹੋਇਆ ਹੈ। ਇਹ ਵਾਧਾ ਕਈ ਨੀਤੀਗਤ ਸੁਧਾਰਾਂ ਅਤੇ ਸਰਕਾਰੀ



ਪਹਿਲਕਦਮੀਆਂ ਸਦਕਾ ਸੰਭਵ ਹੋਇਆ ਹੈ ਜਿਨ੍ਹਾਂ ਨੇ ਉਤਪਾਦਨ ਪ੍ਰਣਾਲੀਆਂ ਨੂੰ ਆਧੁਨਿਕ ਬਣਾਇਆ, ਸਪਲਾਈ ਅਤੇ ਮੁੱਲ ਲੜੀ ਨੂੰ ਮਜ਼ਬੂਤ ਕੀਤਾ ਅਤੇ ਅੰਤਰਰਾਸ਼ਟਰੀ ਮੁਕਾਬਲੇਬਾਜ਼ੀ ਨੂੰ ਵਧਾਇਆ। ਇਸ ਪਿਛੋਕੜ 'ਚ ਭਾਰਤ-ਯੂਰਪੀ ਸੰਘ ਮੁਕਤ ਵਪਾਰ ਸਮਝੌਤਾ ਇਤਿਹਾਸਕ ਮਹੱਤਵ ਰੱਖਦਾ ਹੈ। ਇਹ ਸਮਝੌਤਾ ਭਾਰਤ ਨੂੰ ਸਮੁੱਚੇ ਯੂਰਪੀ ਸੰਘ ਦੇ ਬਾਜ਼ਾਰ ਤੱਕ ਪਹੁੰਚ ਪ੍ਰਦਾਨ ਕਰਦਾ ਹੈ, ਜਿਸ ਵਿੱਚ ਲਗਭਗ 2 ਅਰਬ ਖਪਤਕਾਰ ਹਨ ਅਤੇ ਕੁੱਲ ਬਾਜ਼ਾਰ ਦਾ ਆਕਾਰ ਲਗਭਗ £24 ਟ੍ਰਿਲੀਅਨ ਹੈ।

ਇਸ ਸਮਝੌਤੇ ਦੇ ਤਹਿਤ, ਮੁੱਲ ਦੇ ਹਿਸਾਬ ਨਾਲ ਭਾਰਤ ਦੇ 99 ਪ੍ਰਤੀਸ਼ਤ ਤੋਂ ਵੱਧ ਨਿਰਯਾਤ ਨੂੰ ਵਿਸ਼ੇਸ਼ (ਤਰਜੀਹੀ) ਵਪਾਰਕ ਵਿਸ਼ੇਸ਼ ਅਧਿਕਾਰ ਪ੍ਰਾਪਤ ਹੋਣਗੇ। ਇਸ ਤੋਂ ਇਲਾਵਾ, ਲਗਭਗ £33 ਬਿਲੀਅਨ ਮੁੱਲ ਦੀਆਂ ਵਸਤੂਆਂ 'ਤੇ 10 ਤੋਂ 12 ਪ੍ਰਤੀਸ਼ਤ ਦੇ ਟੈਰਿਫ ਖਤਮ ਕਰ ਦਿੱਤੇ ਜਾਣਗੇ। ਇਹ ਭਾਰਤੀ ਉਤਪਾਦਾਂ ਨੂੰ ਦੁਨੀਆ ਦੇ ਸਭ ਤੋਂ ਵੱਧ ਪ੍ਰੀਮੀਅਮ ਬਾਜ਼ਾਰਾਂ ਵਿੱਚ ਵਧੇਰੇ ਕਿਫਾਇਤੀ ਅਤੇ ਪ੍ਰਤੀਯੋਗੀ ਬਣਾ ਦੇਵੇਗਾ।

ਪਿਛਲੇ ਦੋ ਸਾਲਾਂ ਵਿੱਚ, ਅਸੀਂ ਜੀਡੀਪੀ, ਮੰਗ ਰੁਝਾਨਾਂ, ਆਬਾਦੀ ਅਤੇ ਪ੍ਰਤੀ ਵਿਅਕਤੀ ਆਮਦਨ ਵਰਗੇ ਡੇਟਾ ਦੇ ਅਧਾਰ ਤੇ ਇੱਕ ਨਵੀਂ ਮਾਰਕੀਟ ਵਿਭਿੰਨਤਾ ਰਣਨੀਤੀ ਵਿਕਸਤ ਅਤੇ ਲਾਗੂ ਕੀਤੀ ਹੈ।

ਇਸ ਰਣਨੀਤੀ ਦੇ ਸਪੱਸ਼ਟ ਨਤੀਜੇ ਹੁਣ ਦਿਖਾਈ ਦੇ ਰਹੇ ਹਨ। 2025 ਵਿੱਚ, ਆਲਮੀ ਚੁਣੌਤੀਆਂ ਦੇ ਬਾਵਜੂਦ, ਭਾਰਤ ਦੇ ਕੱਪੜਾ ਨਿਰਯਾਤ ਨੇ 100 ਤੋਂ ਵੱਧ ਦੇਸ਼ਾਂ ਵਿੱਚ ਸਕਾਰਾਤਮਕ ਵਾਧਾ ਦਰਜ ਕੀਤਾ, ਜਿਸ ਨਾਲ ਭਾਰਤ ਦੀ ਆਲਮੀ ਮੌਜੂਦਗੀ ਹੋਰ ਮਜ਼ਬੂਤ ਹੋਈ। ਇਸ ਨਿਸ਼ਾਨਾਬੱਧ ਰਣਨੀਤੀ ਨੇ ਨਿਰਯਾਤ ਵਿੱਚ ਤੇਜ਼ੀ ਨਾਲ ਵਾਧਾ ਕੀਤਾ ਹੈ। ਅਰਜਨਟੀਨਾ ਵਿੱਚ 77 ਪ੍ਰਤੀਸ਼ਤ, ਪੈਰਾਗੁਏ ਵਿੱਚ 45 ਪ੍ਰਤੀਸ਼ਤ ਅਤੇ ਮਿਸਰ ਵਿੱਚ 30 ਪ੍ਰਤੀਸ਼ਤ ਦਾ ਵਾਧਾ ਦੇਖਿਆ ਗਿਆ। ਇਹ ਵਾਧਾ ਮੁੱਖ ਤੌਰ 'ਤੇ ਰੈਡੀਮੇਡ ਕੱਪੜਿਆਂ ਕਾਰਨ ਹੋਇਆ ਹੈ। ਅਜਿਹਾ ਪਿਛਲੇ ਦਸ ਸਾਲਾਂ ਵਿੱਚ ਨਿਰਮਾਣ ਸਮਰੱਥਾ ਦੇ ਨਿਰੰਤਰ ਵਿਸਥਾਰ ਸਦਕਾ ਹੋਇਆ ਹੈ।

ਪਿਛਲੇ ਦਸ ਸਾਲਾਂ ਵਿੱਚ ਭਾਰਤ ਦੀ ਉਤਪਾਦਨ ਪ੍ਰਣਾਲੀ ਵਿੱਚ 20 ਮਿਲੀਅਨ ਤੋਂ ਵੱਧ ਸਿਲਾਈ ਮਸ਼ੀਨਾਂ ਜੋੜੀਆਂ ਗਈਆਂ ਹਨ। ਇਸ ਨਾਲ ਉਤਪਾਦਨ ਵਿੱਚ ਵਾਧਾ ਹੋਇਆ ਹੈ, ਉਤਪਾਦਕਤਾ ਵਿੱਚ ਸੁਧਾਰ ਹੋਇਆ ਹੈ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਏ ਹਨ। ਇਸ ਵਿਸਥਾਰ ਨੂੰ ਮਜ਼ਬੂਤ ਨੀਤੀਗਤ ਸਮਰਥਨ ਵੀ ਮਿਲ ਰਿਹਾ ਹੈ। ਕੇਂਦਰੀ ਬਜਟ 2026-27 ਕੱਪੜਾ ਸੈਕਟਰ ਨੂੰ ਭਾਰਤ ਦੀ ਵਿਕਾਸ ਰਣਨੀਤੀ ਦੇ ਕੇਂਦਰ ਵਿੱਚ ਰੱਖਦਾ ਹੈ, 'ਸਮਰੱਥ 2.0' ਦੇ ਤਹਿਤ ਮੈਗਾ ਟੈਕਸਟਾਈਲ ਪਾਰਕਾਂ, ਏਕੀਕ੍ਰਿਤ ਮੁੱਲ ਲੜੀ, ਟਿਕਾਊ ਉਤਪਾਦਨ ਪਹਿਲਕਦਮੀਆਂ ਅਤੇ ਹੁਨਰ ਵਿਕਾਸ 'ਤੇ ਜ਼ੋਰ ਦਿੰਦਾ ਹੈ।



ਗਿਰੀਰਾਜ ਸਿੰਘ

ਇਸ ਤੋਂ ਇਲਾਵਾ, ਕੱਪੜਾ ਨਿਰਯਾਤ ਸਹੂਲਤ ਕੇਂਦਰ ਪ੍ਰਮੁੱਖ ਟੈਕਸਟਾਈਲ ਕਲੱਸਟਰਾਂ ਵਿੱਚ ਸਥਾਪਤ ਕੀਤੇ ਜਾਣਗੇ। ਇਹ ਕੇਂਦਰ ਨਿਰਯਾਤਕਾਂ ਨੂੰ ਇੱਕ ਪਲੇਟਫਾਰਮ 'ਤੇ ਮਾਰਕੀਟ ਜਾਣਕਾਰੀ, ਐੱਫਟੀਏ ਸਬੰਧਤ ਮਾਰਗਦਰਸ਼ਨ, ਰੈਗੂਲੇਟਰੀ ਸਹਾਇਤਾ ਅਤੇ ਅੰਤ ਤੋਂ ਅੰਤ ਤੱਕ ਸੇਵਾਵਾਂ ਪ੍ਰਦਾਨ ਕਰਨਗੇ। 2030 ਤੱਕ 100 ਅਰਬ ਡਾਲਰ ਦੇ ਨਿਰਯਾਤ ਦੇ ਟੀਚੇ ਦੇ ਨਾਲ, ਭਾਰਤ ਦੀ ਕੱਪੜਾ ਰਣਨੀਤੀ ਪੈਮਾਨੇ, ਗਤੀ ਅਤੇ ਆਲਮੀ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ।

ਭਾਰਤ-ਈਯੂ ਮੁਕਤ ਵਪਾਰ ਸਮਝੌਤਾ ਇਸ ਗਤੀ ਨੂੰ ਹੋਰ ਮਜ਼ਬੂਤ ਕਰਦਾ ਹੈ। ਇਹ ਸਿਰਫ਼ ਇੱਕ ਵਪਾਰ ਸਮਝੌਤਾ ਨਹੀਂ ਹੈ, ਸਗੋਂ ਇੱਕ ਰਣਨੀਤਕ ਭਾਈਵਾਲੀ ਹੈ, ਜਿਸਦਾ ਮੰਤਵ 2030 ਤੱਕ ਭਾਰਤ ਅਤੇ ਯੂਰਪੀ ਸੰਘ ਦਰਮਿਆਨ ਕੁੱਲ ਵਪਾਰ ਅਤੇ ਸਹਿਯੋਗ ਨੂੰ 179 ਅਰਬ ਅਮਰੀਕੀ ਡਾਲਰ ਤੋਂ ਵਧਾ ਕੇ 350 ਅਰਬ ਅਮਰੀਕੀ ਡਾਲਰ ਤੱਕ ਲਿਜਾਣਾ ਹੈ। ਭਾਰਤ ਅੱਜ ਸਿਰਫ਼ ਆਲਮੀ ਵਪਾਰ ਵਿੱਚ ਭਾਗੀਦਾਰ ਹੀ ਨਹੀਂ, ਸਗੋਂ ਇੱਕ ਪ੍ਰੇਰਕ ਸ਼ਕਤੀ ਬਣ ਰਿਹਾ ਹੈ।

**(ਲੇਖਕ ਕੇਂਦਰੀ ਕੱਪੜਾ ਮੰਤਰੀ ਹਨ। ਪ੍ਰਗਟ ਕੀਤੇ ਵਿਚਾਰ ਨਿੱਜੀ ਹਨ।)**

# ਸੂਰਜ ਤੇ ਪੌਣ ਦੀ ਤਾਕਤ: ਕੀ ਇਹੀ ਹੈ ਧਰਤੀ ਦੀ ਆਖ਼ਰੀ ਉਮੀਦ?



ਜ਼ਿਕਰ ਪੰਜਾਬ

ਅੱਜ ਸਮੁੱਚਾ ਸੰਸਾਰ ਜਿੱਥੇ ਇੱਕ ਪਾਸੇ ਗਲੋਬਲ ਵਾਰਮਿੰਗ, ਮੌਸਮੀ ਤਬਦੀਲੀ ਅਤੇ ਵਾਤਾਵਰਣੀ ਚੱਕਰ ਵਿੱਚ ਉਲਝਿਆ ਪਿਆ ਹੈ, ਉੱਥੇ ਊਰਜਾ ਸੰਕਟ ਸੰਸਾਰ ਸਾਹਮਣੇ ਨਵੀ ਸਮੱਸਿਆ ਦੇ ਰੂਪ ਵਿੱਚ ਸਾਡੇ ਸਾਹਮਣੇ ਹੈ। ਤੇਜੀ ਨਾਲ ਵੱਧ ਰਹੀ ਜਨਸੰਖਿਆ, ਉਦਯੋਗੀਕਰਨ ਅਤੇ ਜੀਵਨ ਸ਼ੈਲੀ ਵਿੱਚ ਹੋ ਰਹੇ ਬਦਲਾਅ ਕਰਕੇ ਊਰਜਾ ਦੀ ਮੰਗ ਵੀ ਤੇਜੀ ਨਾਲ ਵਧੀ ਹੈ ਅਤੇ ਇਸ ਮੰਗ ਨੂੰ ਪੂਰਾ ਕਰਨ ਲਈ ਕੋਲਾ ਆਦਿ ਕੁਦਰਤੀ ਸਾਧਨਾਂ ਉੱਤੇ ਨਿਰਭਰਤਾ ਵੀ ਵਧੀ । ਇਹ ਸਾਧਨ ਸੀਮਤ ਹੋਣ ਦੇ ਨਾਲ-ਨਾਲ ਧਰਤੀ ਜੀਵਨ ਲਈ ਘਾਤਕ ਵੀ ਹਨ। ਇਸ ਵਿੱਚ ਕੋਈ ਸ਼ੱਕ ਨਹੀਂ ਕਿ ਕੋਲਾ, ਪੈਟਰੋਲੀਅਮ ਅਤੇ ਕੁਦਰਤੀ ਸਾਧਨਾਂ ਨੇ ਦੇਸ਼ ਦੀ ਆਰਥਿਕ ਖੁਸ਼ਹਾਲੀ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਇਆ ਹੈ ਪਰੰਤੂ ਇਸਦੇ ਨਕਾਰਾਤਮਕ ਪੱਖਾਂ-ਪ੍ਰਦੂਸ਼ਣ, ਤਾਪਮਨ ਵਾਧੇ ਅਤੇ ਕੁਦਰਤੀ ਆਫਤਾਂ- ਨੇ ਧਰਤੀ ਨੂੰ ਦੂਸ਼ਿਤ ਵੀ ਕੀਤਾ ਹੈ।ਧਰਤੀ ਉੱਤੇ ਵੱਧ ਰਹੇ ਪ੍ਰਦੂਸ਼ਣ ਨੂੰ ਘਟਾਉਣ ਅਤੇ ਖਤਮ ਹੋ ਰਹੇ ਕੁਦਰਤੀ ਸਾਧਨਾਂ ਉੱਤੇ ਨਿਰਭਰਤਾ ਘਟਾਉਣ ਦਾ ਬਦਲ ਹੈ ਨਵਿਆਉਣਯੋਗ ਊਰਜਾ - ਸੂਰਜੀ ਅਤੇ ਪੌਣ ਊਰਜਾ - ਜੋ ਮਨੁੱਖਤਾ ਲਈ ਇੱਕ ਉਮੀਦ ਦੀ ਮਜਬੂਤ ਕਿਰਨ ਬਣ ਕੇ ਸਾਹਮਣੇ ਆਈ ਹੈ।ਪ੍ਰਸ਼ਨ ਇਹ ਉੱਠਦਾ ਹੈ ਕਿ ਸੂਰਜੀ ਅਤੇ ਪੌਣ ਊਰਜਾ ਸਾਡੀ ਹਰੀ-ਭਰੀ ਧਰਤੀ ਨੂੰ ਬਚਾ ਸਕਦੀਆਂ ਹਨ।

ਸੰਯੁਕਤ ਰਾਸ਼ਟਰ ਅਤੇ ਜਲਵਾਯੂ ਤਬਦੀਲੀ ਉੱਤੇ ਅੰਤਰ-ਸਰਕਾਰੀ ਪੈਨਲ ਦੀਆਂ ਰਿਪੋਰਟਾਂ ਸਪੱਸ਼ਟ ਕਰਦੀਆਂ ਹਨ ਕਿ ਜੇਕਰ ਗ੍ਰੀਨਹਾਊਸ ਗੈਸਾਂ ਦੇ ਨਿਕਾਸ ਨੂੰ ਤੁਰੰਤ ਨਹੀਂ ਘਟਾਇਆ ਗਿਆ ਤਾਂ ਆਉਣ ਵਾਲੇ ਦਹਾਕੇ ਵਿੱਚ ਧਰਤੀ ਦਾ ਤਾਪਮਾਨ 1.5 ਤੋਂ 2 ਡਿਗਰੀ ਸੈਲਸੀਅਸ ਤੋਂ ਵੱਧ ਵਧ ਸਕਦਾ ਹੈ। ਇਹ ਵਾਧਾ ਸਿਰਫ਼ ਅੰਕੜਿਆਂ ਦੀ ਗੱਲ ਤੱਕ ਸੀਮਤ ਨਹੀਂ, ਇਹ ਕੁਦਰਤੀ ਆਫਤਾਂ ਅਤੇ ਭੋਜਨ ਸੁਰੱਖਿਆ ਉੱਤੇ ਵੱਡਾ ਖਤਰਾ ਹੋਵੇਗਾ।ਸਾਡੇ ਭਾਰਤ ਵਰਗੇ ਵਿਕਾਸਸ਼ੀਲ ਦੇਸ਼, ਜਿੱਥੇ ਵੱਡੀ ਜਨਸੰਖਿਆ ਖੇਤੀ 'ਤੇ ਨਿਰਭਰ ਕਰਦੀ ਹੈ, ਇਹ ਤਬਦੀਲੀ ਘਾਤਕ ਸਿੱਧ ਹੋ ਸਕਦੀ ਹੈ।

**ਸੋਲਰ ਊਰਜਾ-ਸੂਰਜੀ ਸ਼ਕਤੀ:**

ਭਾਰਤ ਦੀ ਭੂਗੋਲਿਕ ਸਥਿਤੀ ਸੋਲਰ ਜਾਂ ਸੂਰਜੀ ਊਰਜਾ ਲਈ ਕਾਫੀ ਉਪਯੋਗੀ ਹੈ। ਇੱਥੇ ਸਾਲ ਵਿੱਚ 300 ਤੋਂ ਵੱਧ ਦਿਨ ਧੁੱਪਾਂ ਵਾਲੇ ਹੁੰਦੇ ਹਨ।ਇਸ ਕਰਕੇ ਸੋਲਰ ਪੈਨਲਾਂ ਰਾਹੀਂ ਬਿਜਲੀ ਉਤਪਾਦਨ ਦੀ ਸੰਭਾਵਨਾ ਦਾ ਖੇਤਰ ਵਿਸ਼ਾਲ ਹੈ।ਤਕਨਾਲੌਜੀ ਵਿੱਚ ਆਈ ਕ੍ਰਾਂਤੀ ਦੇ ਸਿੱਟੇ ਵੱਜੋਂ ਪਿਛਲੇ ਕੁਝ ਸਾਲਾਂ ਵਿੱਚ ਸੂਰਜੀ ਊਰਜਾ ਦੀ ਲਾਗਤ ਵਿੱਚ ਵੱਡੀ ਕਮੀਂ ਆਈ ਹੈ ਅਤੇ ਜਿੱਥੇ ਇਹ ਕੋਲੇ ਅਤੇ ਹੋਰ ਕਦਰਤੀ ਸਾਧਨਾਂ ਦਾ ਮੁਕਾਬਲਾ ਕਰਨ ਦੇ ਯੋਗ ਹੋਈ ਹੈ, ਉੱਥੇ ਆਮ ਲੋਕਾਂ ਵਿੱਚ ਘੱਟ ਲਾਗਤ ਕਰਕੇ ਹਰਮਨ ਪਿਆਰੀ ਹੋ ਰਹੀ ਹੈ। ਮੌਜੂਦਾ ਸਮੇਂ ਵਿੱਚ ਭਾਰਤ ਅੰਤਰਰਾਸ਼ਟਰੀ ਸੋਲਰ ਸਮੂਹ ਦੀ ਨੁਮਾਇੰਦਗੀ ਵੀ ਕਰਦਾ ਹੈ, ਜਿਸ ਵਿੱਚ ਸੌ ਤੋਂ ਵੱਧ ਦੇਸ਼ ਹਨ ਜੋ ਕਰਕ ਅਤੇ ਮਕਰ ਰੇਖਾ ਦੇ ਵਿਚਕਾਰ ਸਥਿਤ ਦੇਸ਼ ਹਨ ਅਤੇ ਇੱਥੇ ਸੋਲਰ ਊਰਜਾ ਦੀ ਸੰਭਾਵਨਾ ਵੱਧ ਹੈ।ਇਹ ਸਮੂਹ ਇੱਕ ਸੰਸਥਾ ਮਾਤਰ ਨਹੀਂ, ਸਗੋਂ ਸੂਰਜੀ ਕ੍ਰਾਂਤੀ ਦੀ ਦਿਸ਼ਾ ਵਿੱਚ ਇੱਕ ਸੰਸਾਰ-ਪੱਧਰੀ ਅਭਿਆਨ ਵੀ ਹੈ। ਸੂਰਜੀ ਊਰਜਾ ਦੇ ਲਾਭ ਸਪੱਸ਼ਟ ਹਨ — ਇਹ ਸਾਫ ਅਤੇ ਪ੍ਰਦੂਸ਼ਣ ਮੁਕਤ ਬਿਜਲੀ ਪ੍ਰਦਾਨ ਕਰਨ ਦੇ ਨਾਲ-ਨਾਲ ਕਾਰਬਨ ਨਿਕਾਸ ਨੂੰ ਘਟਾਉਂਦੀ ਹੈ। ਅੱਜ ਸਾਰੇ ਭਾਰਤ ਵਿੱਚ ਛੱਤਾਂ ਉੱਤੇ ਲੱਗੇ ਸੋਲਰ ਪੈਨਲ ਘਰ-ਘਰ ਰੌਸ਼ਨੀ ਪਹੁੰਚਾ ਰਹੇ ਹਨ।ਕਿਸਾਨ ਸੋਲਰ ਪੰਪਾਂ ਨਾਲ ਸਿੰਜਾਈ ਕਰ ਰਹੇ ਹਨ। ਇਹ ਸੋਲਰ ਊਰਜਾ ਸਾਨੂੰ ਆਤਮਨਿਰਭਰਤਾ ਵੱਲ ਵੀ ਲੈ ਕੇ ਜਾ ਰਹੀਂ ਹੈ।

**ਪੌਣ ਊਰਜਾ - ਹਵਾ ਦੀ ਸ਼ਕਤੀ:**

ਪੌਣ ਊਰਜਾ ਵੀ ਨਵਿਆਉਣਯੋਗ ਊਰਜਾ ਦੇ ਮੁੱਖ ਸੋਮਿਆਂ ਵਿੱਚੋਂ ਇੱਕ ਹੈ।ਇਹ ਸਮੁੰਦਰੀ ਕਿਨਾਰਿਆਂ ਅਤੇ ਪਹਾੜੀ ਖੇਤਰਾਂ ਵਿੱਚ ਜਿਆਦਾ ਕਾਰਗਰ ਸਿੱਧ ਹੋਈ ਹੈ। ਇਹਨਾਂ ਖੇਤਰਾਂ ਵਿੱਚ ਲੱਗੇ ਵੱਡੇ-ਵੱਡੇ ਟਰਬਾਈਨ ਕਾਫੀ ਮਾਤਰਾ ਵਿੱਚ ਬਿਜਲੀ ਪੈਦਾ ਕਰਨ ਵਿੱਚ ਸਮਰੱਥ ਹਨ।ਭਾਰਤ ਦਾ ਸਮੁੰਦਰੀ ਤੱਟ ਕਾਫੀ ਵਿਸ਼ਾਲ ਹੋਣ ਕਰਕੇ ਪੌਣ ਊਰਜਾ ਦੀ ਸੰਭਾਵਨਾ ਹੋਰ ਵੀ ਵੱਧ ਜਾਂਦੀ ਹੈ। ਸੰਸਾਰ ਵਿੱਚ ਡੈੱਨਮਾਰਕ ਅਜਿਹਾ ਦੇਸ਼ ਹੈ, ਜਿੱਥੇ ਬਿਜਲੀ ਦੀ ਵੱਡੀ ਪੂਰਤੀ ਪੌਣ ਊਰਜਾ ਤੋਂ ਕੀਤੀ ਜਾਂਦੀ ਹੈ। ਸਾਡੇ ਦੇਸ਼ ਵਿੱਚ ਤਾਮਿਲਨਾਡੂ ਅਤੇ ਗੁਜਰਾਤ ਰਾਜ ਪੌਣ ਊਰਜਾ ਉਤਪਾਦਨ ਦੇ ਕੇਂਦਰ ਬਣ ਚੁੱਕੇ ਹਨ।ਪੌਣ ਊਰਜਾ ਦਾ ਸਭ ਤੋਂ ਵੱਡਾ ਲਾਭ ਹੈ ਇਹ ਹੈ ਕਿ ਇਸ ਵਿੱਚ ਲਾਗਤ



ਪ੍ਰਿੰਸੀਪਲ ਕੁਸੁਮ ਟਾਕ



ਬਹੁਤ ਘੱਟ ਅਤੇ ਕਾਰਬਨ ਨਿਕਾਸ ਨਾ-ਮਾਤਰ ਹੈ। ਭਾਵੇਂ ਕਿ ਇਹ ਮੌਸਮੀ ਅਸਥਿਰਤਾ ਨਾਲ ਜੁੜੀ ਹੈ,ਜਿਵੇਂ ਹਵਾ ਦੀ ਗਤੀ ਘੱਟ ਹੋਣ 'ਤੇ ਊਰਜਾ ਪੈਦਾਵਾਰ ਪ੍ਰਭਾਵਿਤ ਹੁੰਦੀ ਹੈ ਪਰੰਤੂ ਫਿਰ ਵੀ ਵਾਤਾਵਰਣ ਪੱਖੀ ਹੋਣ ਕਰਕੇ ਕੁਝ ਸਮੇਂ ਤੋਂ ਇਸਦਾ ਰੁਝਾਨ ਵਧਿਆ ਹੈ।

**ਨਵਿਆਉਣਯੋਗ ਊਰਜਾ ਦੇ ਦੂਜੇ ਪੱਖ:**

ਨਵਿਆਉਣਯੋਗ ਊਰਜਾ ਸਿਰਫ਼ ਬਿਜਲਈ ਊਰਜਾ ਉਤਪਾਦਨ ਜਾਂ ਵਾਤਾਵਰਣੀ ਮਸਲੇ ਤੱਕ ਸੀਮਤ ਨਹੀਂ, ਸਗੋਂ ਇਹ ਆਰਥਿਕ ਮੌਕਾ ਵੀ ਪ੍ਰਦਾਨ ਕਰਦੀ ਹੈ। ਜੇਕਰ ਰਾਜਨੀਤਿਕ ਪੱਖੋਂ ਇਸ ਖੇਤਰ ਵੱਲ ਸਕਾਰਾਤਮਕ ਕਦਮ ਚੁੱਕੇ ਜਾਣ ਤਾਂ ਨਵੀਂ ਤਕਨਾਲੌਜੀ, ਰੁਜਗਾਰ ਦੇ ਸੋਮੇ ਅਤੇ ਘਰੇਲੂ ਉਦਯੋਗਾਂ ਨੂੰ ਉਤਸ਼ਾਹਿਤ ਕੀਤਾ ਜਾ ਸਕਦਾ ਹੈ।ਭਾਰਤ ਸਰਕਾਰ ਵੱਲੋਂ "ਮੇਕ ਇਨ ਇੰਡੀਆ"ਪ੍ਰੋਜੈਕਟ ਤਹਿਤ ਸੋਲਰ ਪੈਨਲ ਅਤੇ ਬੈਟਰੀ ਉਦਯੋਗਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਜੇਕਰ ਸਰਕਾਰ ਭਵਿੱਖਤ ਸੰਭਾਵਨਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਨਵਿਆਉਣਯੋਗ ਊਰਜਾ ਵਿੱਚ ਸਬਸਿਡੀਆਂ, ਟੈਕਸਾਂ ਵਿੱਚ ਛੂਟ ਅਤੇ ਢੁਕਵੀਂ ਨੀਤੀ ਬਣਾਉਣ ਅਤੇ ਵਿਦੇਸ਼ੀ ਨਿਵੇਸ਼ ਨੂੰ ਆਕਰਸ਼ਿਤ ਕਰਨ ਵਿੱਚ ਸਫ਼ਲ ਰਹਿੰਦੀਆਂ ਹਨ, ਤਾਂ ਇਸ ਖੇਤਰ ਕਾਫੀ ਉੱਨਤੀ ਦੀ ਸੰਭਾਵਨਾ ਬਣਦੀ ਹੈ।

**ਭਵਿੱਖਤ ਦਿਸ਼ਾ:**

ਭਾਵੇਂ ਕਿ ਭਵਿੱਖ ਸਿਰਫ਼ ਸੂਰਜੀ ਅਤੇ ਪੌਣ ਊਰਜਾ ਤੱਕ ਸੀਮਿਤ ਨਹੀਂ ਰਹੇਗਾ। ਸਾਡੇ ਸਾਇੰਸਦਾਨ ਹਾਈਡਰੋਜਨ ਫ਼ਿਊਲ, ਬਾਇਓ-ਐੱਨਰਜੀ ਅਤੇ ਨਿਊਕਲੀਅਰ ਊਰਜਾ 'ਤੇ ਵੀ ਕੰਮ ਕਰ ਰਹੇ ਹਨ, ਇਸ ਦੌੜ ਵਿੱਚ ਸ਼ਾਮਲ ਹਨ।ਪਰੰਤੂ ਮੌਜੂਦਾ ਸਮੇਂ ਵਿੱਚ ਸਭ ਤੋਂ ਵੱਡੀ ਸੰਭਾਵਨਾ ਅਤੇ ਤੇਜ਼ੀ ਨਾਲ ਵਿਕਾਸ ਸੂਰਜੀ ਅਤੇ ਪੌਣ ਖੇਤਰ ਵਿੱਚ ਹੀ ਦਿਖਾਈ ਦਿੰਦੀ ਹੈ। ਧਰਤੀ ਨੂੰ ਬਚਾਉਣਾ ਅਤੇ ਹਰਾ-ਭਰਾ ਰੱਖਣਾ ਸਾਡੀ ਨੈਤਿਕ ਜ਼ਿੰਮੇਵਾਰੀ ਹੈ। ਜੇਕਰ ਅਸੀਂ ਅੱਜ ਇਸ ਬਾਬਤ ਫ਼ੈਸਲਾ ਨਹੀਂ ਲੈਂਦੇ, ਤਾਂ ਭਵਿੱਖ ਦੀਆਂ ਪੀੜ੍ਹੀਆਂ ਸਾਨੂੰ ਮੁਆਫ਼ ਨਹੀਂ ਕਰਨਗੀਆਂ।ਸੂਰਜੀ ਅਤੇ ਪੌਣ ਊਰਜਾ ਸਾਨੂੰ ਇੱਕ ਮੌਕਾ ਦਿੰਦੀਆਂ ਹਨ- ਸਾਫ਼, ਸੁਰੱਖਿਅਤ ਅਤੇ ਟਿਕਾਊ ਵਿਕਾਸ ਦਾ।

ਅੰਤ, ਇਹ ਕਹਿਣਾ ਸਹੀ ਹੋਵੇਗਾ ਕਿ ਸੂਰਜੀ ਅਤੇ ਪੌਣ ਊਰਜਾ ਧਰਤੀ ਨੂੰ ਬਚਾਉਣ ਦੀ ਦਿਸ਼ਾ ਵਿੱਚ ਮਜ਼ਬੂਤ ਆਧਾਰ ਹਨ। ਭਾਵੇਂ ਇਹ ਆਪਣੇ-ਆਪ ਵਿੱਚ ਸੰਪੂਰਨ ਹੱਲ ਨਹੀਂ, ਪਰ ਬਿਨਾਂ ਇਨ੍ਹਾਂ ਦੇ ਹੱਲ ਸੰਭਵ ਵੀ ਨਹੀਂ।ਜੇਕਰ ਸੰਸਾਰ ਭਰ ਦੀਆਂ ਸਰਕਾਰਾਂ, ਉਦਯੋਗਪਤੀ ਅਤੇ ਨਾਗਰਿਕ ਮਿਲ ਕੇ ਨਵਿਆਉਣਯੋਗ ਊਰਜਾ ਨੂੰ ਅਪਣਾਉਣ ਤਾਂ ਧਰਤੀ ਨੂੰ ਸੰਕਟ ਤੋਂ ਬਚਾਇਆ ਜਾ ਸਕਦਾ ਹੈ।ਹੁਣ ਸਮਾਂ ਹੈ ਕਿ ਅਸੀਂ ਚੋਣ ਕਰੀਏ—ਪੁਰਾਣੀ ਪ੍ਰਦੂਸ਼ਿਤ ਰਾਹ ਜਾਂ ਨਵੀਂ ਹਰੀ ਦਿਸ਼ਾ। ਸੂਰਜ ਅਤੇ ਹਵਾ ਸਾਨੂੰ ਸੱਦਾ ਦੇ ਰਹੇ ਹਨ - ਫ਼ੈਸਲਾ ਸਾਡਾ ਹੈ।

**ਸੰਪਰਕ : 99880-01978**

# ਇੱਕ ਨਵੀਂ ਸ਼ਹਿਰੀ ਰੂਪਰੇਖਾ: ਸ਼ਹਿਰੀ ਚੁਣੌਤੀ ਫੰਡ ਭਾਰਤ ਦੇ ਸ਼ਹਿਰਾਂ ਨੂੰ ਕਿਵੇਂ ਦੇ ਸਕਦਾ ਹੈ ਨਵਾਂ ਰੂਪ

ਜ਼ਿਕਰ ਪੰਜਾਬ

ਭਾਰਤ ਦੇ ਸ਼ਹਿਰੀਕਰਣ ਦਾ ਸਫ਼ਰ ਨਿਰਣਾਇਕ ਮੋੜ 'ਤੇ ਹੈ। ਅੱਜ ਦੇਸ਼ ਦੇ ਜੀਡੀਪੀ ਵਿੱਚ ਸ਼ਹਿਰਾਂ ਦਾ ਵੱਡਾ ਯੋਗਦਾਨ ਹੈ, ਇਹ ਦੇਸ਼ ਦੇ ਸਭ ਤੋਂ ਗਤੀਸ਼ੀਲ ਆਰਥਿਕ ਕੇਂਦਰਾਂ ਦੇ ਕੇਂਦਰ ਹਨ ਅਤੇ ਲੱਖਾਂ ਲੋਕਾਂ ਦੇ ਜੀਵਨ ਪੱਧਰ ਨੂੰ ਲਗਾਤਾਰ ਪ੍ਰਭਾਵਿਤ ਕਰ ਰਹੇ ਹਨ। ਫਿਰ ਵੀ, ਇਹ ਸ਼ਹਿਰ ਬੁਨਿਆਦੀ ਢਾਂਚੇ ਦੀ ਘਾਟ, ਜਲਵਾਯੂ ਪਰਿਵਰਤਨ ਦੇ ਖਤਰੇ, ਵਿੱਤੀ ਰੁਕਾਵਟਾਂ ਅਤੇ ਸੰਸਥਾਗਤ ਬਿਖਰਾਓ ਜਿਹੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ। ਹੁਣ ਚੁਣੌਤੀ ਇਹ ਨਹੀਂ ਹੈ ਕਿ ਭਾਰਤ ਦਾ ਸ਼ਹਿਰੀਕਰਣ ਹੋਵੇਗਾ ਜਾਂ ਨਹੀਂ, ਸਗੋਂ ਇਹ ਹੈ ਕਿ ਕੀ ਭਾਰਤ ਦਾ ਸ਼ਹਿਰੀਕਰਣ ਪ੍ਰਭਾਵਸ਼ਾਲੀ, ਟਿਕਾਊ ਅਤੇ ਸਮਾਵੇਸ਼ੀ ਤਰੀਕੇ ਨਾਲ ਹੋ ਪਾਵੇਗਾ।ਹਾਲ ਹੀ ਵਿੱਚ ਸਵੀਕ੍ਰਿਤ ਸ਼ਹਿਰੀ ਚੁਣੌਤੀ ਫੰਡ (ਯੂਸੀਐੱਫ) ਇਸ ਸਵਾਲ ਦੇ ਜਵਾਬ ਦੇਣ ਦੇ ਭਾਰਤ ਦੇ ਨਜ਼ਰੀਏ ਵਿੱਚ ਇੱਕ ਅਹਿਮ ਬਦਲਾਅ ਦਾ ਪ੍ਰਤੀਕ ਹੈ। ਵਿੱਤੀ ਵਰ੍ਹੇ 2025-26 ਤੋਂ ਵਿੱਤੀ ਵਰ੍ਹੇ 2030-31 ਤੱਕ 1 ਲੱਖ ਕਰੋੜ ਰੁਪਏ ਦੀ ਕੇਂਦਰੀ ਸਹਾਇਤਾ ਰਾਸ਼ੀ ਅਤੇ ਕਰੀਬ 4 ਲੱਖ ਕਰੋੜ ਰੁਪਏ ਦੇ ਕੁੱਲ ਨਿਵੇਸ਼ ਨੂੰ ਪ੍ਰੇਰਿਤ ਕਰਨ ਦੀ ਉਮੀਦ ਕੀਤੀ ਗਈ ਯੋਜਨਾ ਦੇ ਨਾਲ, ਇਹ ਫੰਡ ਰਵਾਇਤੀ ਗ੍ਰਾਂਟ-ਅਧਾਰਿਤ ਵਿੱਤ ਤੋਂ ਹਟ ਕੇ, ਸ਼ਹਿਰੀ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਬਜ਼ਾਰ-ਅਧਾਰਿਤ, ਸੁਧਾਰ-ਸੰਚਾਲਿਤ ਅਤੇ ਨਤੀਜੇ 'ਤੇ ਅਧਾਰਿਤ ਢਾਂਚੇ ਵੱਲ ਤਬਦੀਲੀ ਦਾ ਪ੍ਰਤੀਕ ਹੈ।

**ਗ੍ਰਾਂਟ ਤੋਂ ਬਜ਼ਾਰ ਅਨੁਸ਼ਾਸਨ ਵੱਲ**

ਸ਼ਹਿਰੀ ਚੁਣੌਤੀ ਫੰਡ ਦਾ ਢਾਂਚਾ ਉਸ ਨੂੰ ਪਿਛਲੇ ਪ੍ਰੋਗਰਾਮਾਂ ਤੋਂ ਵੱਖਰਾ ਕਰਦੀ ਹੈ। ਕੇਂਦਰੀ ਸਹਾਇਤਾ ਪ੍ਰੋਜੈਕਟ ਲਾਗਤ ਦੇ 25 ਪ੍ਰਤੀਸ਼ਤ ਤੱਕ ਸੀਮਿਤ ਹੈ ਅਤੇ ਸ਼ਹਿਰਾਂ ਨੂੰ ਘੱਟੋ-ਘੱਟ 50 ਪ੍ਰਤੀਸ਼ਤ ਫੰਡ ਮਿਊਂਸੀਪਲ ਬਾਂਡ, ਬੈਂਕ ਲੋਨਸ ਜਾਂ ਜਨਤਕ-ਨਿਜੀ ਭਾਈਵਾਲੀ ਜਿਹੇ ਬਜ਼ਾਰ ਸਰੋਤਾਂ ਤੋਂ ਇਕੱਠੇ ਕਰਨੇ ਹੋਣਗੇ। ਬਾਕੀ ਫੰਡ ਰਾਜਾਂ, ਸ਼ਹਿਰੀ ਸਥਾਨਕ ਸੰਸਥਾਵਾਂ ਜਾਂ ਹੋਰ ਵਿੱਤਪੋਸ਼ਣ ਮਾਧਿਅਮਾਂ ਤੋਂ ਆ ਸਕਦੇ ਹਨ। ਇਹ ਜ਼ਰੂਰਤ ਪ੍ਰੋਗਰਾਮ ਦੇ ਮੂਲ ਵਿੱਚ ਵਿੱਤੀ ਅਨੁਸ਼ਾਸਨ ਨੂੰ ਸਥਾਪਿਤ ਕਰਦੀ ਹੈ। ਇਹ ਸੰਕੇਤ ਦਿੰਦੀ ਹੈ ਕਿ ਸ਼ਹਿਰੀ ਬੁਨਿਆਦੀ ਢਾਂਚਾ ਹੁਣ ਸਿਰਫ਼ ਜਨਤਕ ਬਜਟ 'ਤੇ ਨਿਰਭਰ ਨਹੀਂ ਰਹਿ ਸਕਦਾ, ਇਸ ਨੂੰ ਰੈਵੇਨਿਊ ਸਮਰਥਿਤ ਪ੍ਰੋਜੈਕਟਾਂ ਦੇ ਜ਼ਰੀਏ ਪੂੰਜੀ ਬਜ਼ਾਰਾਂ ਤੱਕ ਵੱਧ ਤੋਂ ਵੱਧ ਪਹੁੰਚ ਬਣਾਉਣੀ ਹੋਵੇਗੀ। ਅਜਿਹਾ ਕਰਕੇ, ਇਹ ਫੰਡ ਢਾਂਚਾਗਤ ਮਹੱਤਵਕਾਂਖਿਆਵਾਂ ਦੇ ਨਾਲ ਵਿੱਤੀ ਸੰਜਮ ਦਾ ਤਾਲਮੇਲ ਬਿਠਾਉਣ ਦੀ ਕੋਸ਼ਿਸ਼ ਕਰਦਾ ਹੈ।

**ਸ਼ਹਿਰੀ ਕੇਂਦਰ ਦੀ ਮੁੜ ਕਲਪਨਾ**

ਇਹ ਫੰਡ ਤਿੰਨ ਵਿਸ਼ੇਸ਼ ਖੇਤਰਾਂ 'ਤੇ ਅਧਾਰਿਤ ਹੈ, ਜੋ ਭਾਰਤ ਦੇ ਸ਼ਹਿਰੀ ਲੈਂਡਸਕੇਪ ਦੀਆਂ ਬਦਲਦੀਆਂ ਤਰਜੀਹਾਂ ਨੂੰ ਦਰਸਾਉਂਦੇ ਹਨ।ਪਹਿਲਾ ਖੇਤਰ ਹੈ ਵਿਕਾਸ ਕੇਂਦਰ ਦੇ ਰੂਪ ਵਿੱਚ ਸ਼ਹਿਰਾਂ ਨੂੰ ਦੇਖਣਾ। ਇਸ ਦੇ ਤਹਿਤ ਇਹ ਮੰਨਿਆ ਜਾਂਦਾ ਹੈ ਕਿ ਸ਼ਹਿਰੀ ਖੇਤਰ ਆਰਥਿਕ ਇੰਜਣ ਹਨ। ਇਹ ਏਕੀਕ੍ਰਿਤ ਸਥਾਨਕ ਅਤੇ ਪਾਰਗਮਨ ਯੋਜਨਾ, ਆਰਥਿਕ ਕੌਰੀਡੋਰ ਦੇ ਨਾਲ ਬੁਨਿਆਦੀ ਢਾਂਚੇ ਅਤੇ ਉਦਯੋਗਿਕ, ਸੈਰ ਸਪਾਟਾ ਜਾਂ ਲੌਜਿਸਟਿਕਸ ਕਲਸਟਰ ਜਿਹੇ ਮਜ਼ਬੂਤ ਆਰਥਿਕ ਅਧਾਰਾਂ ਦੇ ਵਿਕਾਸ ਦਾ ਸਮਰਥਨ ਕਰਦਾ ਹੈ। ਇਸ ਦਾ ਮਕਸਦ ਸਿਰਫ਼ ਸੰਪਤੀਆਂ ਦਾ ਨਿਰਮਾਣ ਕਰਨਾ ਨਹੀਂ, ਸਗੋਂ ਮੁਕਾਬਲੇਬਾਜ਼ੀ ਅਤੇ ਉਤਪਾਦਕਤਾ ਨੂੰ ਵੀ ਵਧਾਉਣਾ ਹੈ। ਦੂਜਾ ਖੇਤਰ, ਸ਼ਹਿਰਾਂ ਦਾ ਰਚਨਾਤਮਕ ਪੁਨਰ ਵਿਕਾਸ, ਭਾਰਤੀ ਸ਼ਹਿਰੀਕਰਣ ਦੀ ਇੱਕ ਲੰਬੇ ਸਮੇਂ ਤੋਂ ਚਲੀ ਆ ਰਹੀ ਚੁਣੌਤੀ, ਇਤਿਹਾਸਿਕ ਕੇਂਦਰਾਂ ਅਤੇ ਕੇਂਦਰੀ ਵਪਾਰਕ ਜ਼ਿਲ੍ਹਿਆਂ ਵਿੱਚ ਭੀੜ ਅਤੇ ਗਿਰਾਵਟ- ਦਾ ਸਮਾਧਾਨ ਕਰਦਾ ਹੈ। ਬ੍ਰਾਊਨਫੀਲਡ ਰੀਜਨਰੇਸ਼ਨ, ਆਵਾਜਾਈ ਅਧਾਰਿਤ ਵਿਕਾਸ ਅਤੇ ਪਬਲਿਕ ਲੈਂਡ ਦੇ ਪੁਨਰ ਗਠਨ ਨੂੰ ਪ੍ਰੋਤਸਾਹਿਤ ਕਰਕੇ, ਇਹ ਫੰਡ ਮੌਜੂਦਾ ਸ਼ਹਿਰੀ ਖੇਤਰਾਂ ਦੇ ਅੰਦਰ ਕਦਰਾਂ-ਕੀਮਤਾਂ ਨੂੰ ਉਜਾਗਰ ਕਰਨ ਦਾ ਯਤਨ ਕਰਦਾ ਹੈ। ਇਹ ਭੂਮੀ ਮੁੱਲ ਪ੍ਰਾਪਤੀ ਅਤੇ ਢਾਂਚਾਗਤ ਪੁਨਰ ਵਿਕਾਸ ਮਾਡਲ ਦੇ ਤਰਕ ਨੂੰ ਪੇਸ਼ ਕਰਦਾ ਹੈ, ਜਿਸ ਨਾਲ ਸ਼ਹਿਰ ਸੱਭਿਆਚਾਰਕ ਅਤੇ ਵਿਰਾਸਤ ਚਰਿੱਤਰ ਨੂੰ ਸੁਰੱਖਿਅਤ ਕਰਦੇ ਹੋਏ ਘੱਟ ਵਰਤੋਂ ਵਾਲੀਆਂ ਸੰਪਤੀਆਂ ਨੂੰ ਨਵੀਨੀਕਰਣ ਦੇ ਚਾਲਕ ਵਿੱਚ ਬਦਲਿਆ ਜਾ ਸਕਦਾ ਹੈ। ਤੀਜਾ ਖੇਤਰ ਪਾਣੀ ਅਤੇ ਸਵੱਛਤਾ 'ਤੇ ਕੇਂਦ੍ਰਿਤ ਹੈ, ਜਿੱਥੇ ਸੇਵਾ ਸੰਤ੍ਰਿਪਤ, ਗੰਦੇ ਪਾਣੀ ਦੀ ਮੁੜ ਵਰਤੋਂ, ਹੜ੍ਹ ਘਟਾਉਣ ਅਤੇ ਵਿਰਾਸਤੀ ਰਹਿੰਦ-ਖੂੰਹਦ ਵਾਲੀਆਂ ਥਾਵਾਂ ਦੇ ਇਲਾਜ 'ਤੇ ਜ਼ੋਰ ਦਿੱਤਾ ਜਾਂਦਾ ਹੈ। ਇਸ ਢਾਂਚੇ ਵਿੱਚ ਜਲਵਾਯੂ ਵਿੱਚ ਪਰਿਵਰਤਨ ਨੂੰ ਸ਼ਾਮਲ ਕੀਤਾ ਗਿਆ ਹੈ, ਇਹ ਮੰਨਦੇ ਹੋਏ ਕਿ ਅਤਿਅੰਤ ਮੌਸਮੀ ਘਟਨਾਵਾਂ ਅਤੇ ਵਾਤਾਵਰਣਿਕ ਤਣਾਅ ਸ਼ਹਿਰੀ ਕਮਜ਼ੋਰੀ ਨੂੰ ਨਵਾਂ ਰੂਪ ਦੇ ਰਹੇ ਹਨ।

**ਛੋਟੇ ਸ਼ਹਿਰਾਂ ਨੂੰ ਵਿੱਤੀ ਮੁੱਖਧਾਰਾ ਵਿੱਚ ਲਿਆਉਣਾ**

ਸ਼ਹਿਰੀ ਚੁਣੌਤੀ ਫੰਡ ਦੇ ਸਭ ਤੋਂ ਨਵੀਨਤਾਕਾਰੀ ਤੱਤਾਂ ਵਿੱਚੋਂ ਇੱਕ 5,000 ਕਰੋੜ ਰੁਪਏ ਦੀ ਲੋਨ ਮੁੜ ਅਦਾਇਗੀ ਗਾਰੰਟੀ ਸਕੀਮ ਹੈ। ਪਹਿਲੀ ਵਾਰ, ਛੋਟੀਆਂ ਸ਼ਹਿਰੀ ਸਥਾਨਕ ਸੰਸਥਾਵਾਂ, ਖਾਸ ਕਰਕੇ ਇੱਕ ਲੱਖ ਤੋਂ ਘੱਟ ਆਬਾਦੀ ਵਾਲੇ, ਨਾਲ ਹੀ ਪਹਾੜੀ ਅਤੇ ਉੱਤਰ-ਪੂਰਬੀ ਰਾਜਾਂ ਦੇ ਸ਼ਹਿਰਾਂ, ਨੂੰ ਇੱਕ ਢਾਂਚਾਗਤ ਕੇਂਦਰੀ ਗਾਰੰਟੀ ਦੇ ਨਾਲ ਮਾਰਕੀਟ ਵਿੱਤ ਤੱਕ ਪਹੁੰਚ ਪ੍ਰਾਪਤ ਕਰਨ ਵਿੱਚ ਯੋਗ ਬਣਾਇਆ ਜਾ ਰਿਹਾ ਹੈ। ਸ਼ੁਰੂਆਤੀ ਉਧਾਰ ਨੂੰ ਜੋਖਮ ਮੁਕਤ ਕਰਕੇ, ਇਹ ਸਕੀਮ ਛੋਟੀਆਂ ਨਗਰਪਾਲਿਕਾਵਾਂ ਲਈ ਪ੍ਰਵੇਸ਼ ਸਬੰਧੀ ਰੁਕਾਵਟਾਂ ਨੂੰ ਘਟਾਉਂਦੀ ਹੈ ਅਤੇ ਕਰਜ਼ਾਦਾਤਾਵਾਂ ਨੂੰ ਵਿਸ਼ਵਾਸ ਦਿਵਾਉਂਦੀ ਹੈ। ਅਜਿਹਾ ਕਰਕੇ, ਇਹ ਸ਼ਹਿਰੀ ਸਥਾਨਕ ਸੰਸਥਾਵਾਂ ਨੂੰ ਅੰਤਰ-ਸਰਕਾਰੀ ਟ੍ਰਾਂਸਫਰਾਂ 'ਤੇ ਪੂਰੀ ਤਰ੍ਹਾਂ ਨਿਰਭਰ ਰਹਿਣ ਦੀ ਬਜਾਏ, ਪੂੰਜੀ ਬਜ਼ਾਰਾਂ ਦਾ ਲਾਭ ਉਠਾਉਣ ਵਿੱਚ ਸਮਰੱਥ ਭਰੋਸੇਯੋਗ ਵਿੱਤੀ ਸੰਸਥਾਵਾਂ ਵਜੋਂ ਮੁੜ ਸਥਾਪਿਤ ਕਰਨਾ ਸ਼ੁਰੂ ਕਰਦਾ ਹੈ।

**ਸੁਧਾਰ ਹੀ ਅਧਾਰ**

ਯੂਸੀਐੱਫ ਦੇ ਅਧੀਨ ਕੇਂਦਰੀ ਸਹਾਇਤਾ ਪ੍ਰਾਪਤ ਕਰਨਾ ਸ਼ਾਸਨ, ਵਿੱਤੀ ਅਤੇ ਯੋਜਨਾਬੱਧ ਸੁਧਾਰਾਂ 'ਤੇ ਨਿਰਭਰ ਹੈ। ਸ਼ਹਿਰਾਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਕ੍ਰੈਡਿਟ ਵਿੱਚ ਸੁਧਾਰ ਕਰਨ , ਸੰਪਤੀ ਪ੍ਰਬੰਧਨ ਪ੍ਰਣਾਲੀਆਂ ਨੂੰ ਮਜ਼ਬੂਤ ??ਕਰਨ, ਸੇਵਾ ਪ੍ਰਦਾਨ ਕਰਨ ਨੂੰ ਡਿਜੀਟਲ ਬਣਾਉਣ, ਸੰਚਾਲਨ ਕੁਸ਼ਲਤਾ ਵਧਾਉਣ, ਅਤੇ ਏਕੀਕ੍ਰਿਤ ਭੂਮੀ ਵਰਤੋਂ ਅਤੇ ਗਤੀਸ਼ੀਲਤਾ ਯੋਜਨਾਬੰਦੀ ਢਾਂਚੇ ਨੂੰ ਅਪਣਾਉਣ। ਵਿੱਤ ਪੋਸ਼ਣ ਟੀਚਿਆਂ ਅਤੇ ਮਾਪਣਯੋਗ ਨਤੀਜਿਆਂ ਨਾਲ ਜੁੜਿਆ ਹੋਇਆ ਹੈ ਅਤੇ ਨਿਰੰਤਰ ਸੁਧਾਰ ਬਾਅਦ ਦੀਆਂ ਵੰਡਾਂ ਲਈ ਇੱਕ ਪੂਰਵ ਸ਼ਰਤ ਹੈ। ਇਹ ਦ੍ਰਿਸ਼ਟੀਕੋਣ ਇਸ ਦਿਸ਼ਾ ਵਿੱਚ ਯਤਨ ਕਰਦਾ ਹੈ ਕਿ ਬੁਨਿਆਦੀ ਢਾਂਚੇ ਦੇ ਨਿਰਮਾਣ ਦੇ ਨਾਲ -ਨਾਲ ਸੰਸਥਾਗਤ ਮਜ਼ਬੂਤੀ ਵੀ ਹੋਵੇ, ਜਿਸ ਨਾਲ ਕਮਜ਼ੋਰ ਰੱਖ-ਰਖਾਅ ਜਾਂ ਕੁਪ੍ਰਬੰਧਨ ਦੇ ਕਾਰਨ ਸੰਪਤੀਆਂ ਦੇ ਪਤਨ ਦੇ ਜੋਖਮ ਘੱਟ ਹੋਣ। ਸ਼ਹਿਰੀ ਚੁਣੌਤੀ ਫੰਡ ਸ਼ਹਿਰੀ ਵਿਕਾਸ ਵਿੱਚ ਨਿਜੀ ਖੇਤਰ ਦੀ ਭੂਮਿਕਾ ਨੂੰ ਵੀ ਮੁੜ ਪਰਿਭਾਸ਼ਿਤ ਕਰਦਾ ਹੈ। ਬਜ਼ਾਰ ਵਿੱਤ ਪੋਸ਼ਣ ਨੂੰ ਲਾਜ਼ਮੀ ਬਣਾ ਕੇ ਅਤੇ ਢਾਂਚਾਗਤ ਜੋਖਮ-ਸਾਂਝਾਕਰਣ ਵਿਵਸਥਾਵਾਂ ਨੂੰ ਉਤਸ਼ਾਹਿਤ ਕਰਕੇ, ਇਹ ਡਿਜ਼ਾਈਨ, ਵਿੱਤ ਪੋਸ਼ਣ ਅਤੇ ਸੰਚਾਲਨ ਵਿੱਚ ਨਿਜੀ ਭਾਗੀਦਾਰੀ ਨੂੰ ਹੋਰ ਵਧੇਰੇ ਵਿਆਪਕ ਬਣਾਉਂਦਾ ਹੈ। ਪ੍ਰੋਜੈਕਟ ਤਿਆਰੀ ਸਹਾਇਤਾ, ਲੈਣ-ਦੇਣ ਸਲਾਹਕਾਰ ਸਹਾਇਤਾ ਅਤੇ ਡਿਜੀਟਲ ਨਿਗਰਾਨੀ ਪ੍ਰਣਾਲੀਆਂ ਦਾ ਉਦੇਸ਼ ਪ੍ਰੋਜੈਕਟ ਦੀ ਵਿਵਹਾਰਿਕਤਾ ਅਤੇ ਨਿਵੇਸ਼ਕਾਂ ਦੇ ਵਿਸ਼ਵਾਸ ਨੂੰ ਮਜ਼ਬੂਤ ??ਕਰਨਾ ਹੈ। ਜੇਕਰ ਇਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਂਦਾ ਹੈ, ਤਾਂ ਇਹ ਭਾਰਤ ਦੇ ਮਿਊਂਸੀਪਲ ਬਾਂਡ ਬਜ਼ਾਰ ਨੂੰ ਹੋਰ ਵੱਡਾ ਕਰ ਸਕਦਾ ਹੈ ਅਤੇ ਸ਼ਹਿਰੀ ਬੁਨਿਆਦੀ ਢਾਂਚੇ ਲਈ ਵਿੱਤ ਪੋਸ਼ਣ ਅਧਾਰ ਨੂੰ ਵਿਆਪਕ ਬਣਾ ਸਕਦਾ ਹੈ।

**ਸਹਿਯੋਗਾਤਮਕ ਲਾਗੂਕਰਨ ਮਾਡਲ**

ਹਾਊਸਿੰਗ ਅਤੇ ਸ਼ਹਿਰੀ ਮਾਮਲੇ ਮੰਤਰਾਲੇ ਨੇ ਇਸ ਫੰਡ ਨੂੰ ਇੱਕ ਵਿਆਪਕ ਹਿਤਧਾਰਕ ਵਿਵਸਥਾ ਦੇ ਤਹਿਤ ਰੱਖਿਆ ਹੈ। ਰਾਜਾਂ, ਸ਼ਹਿਰੀ ਸਥਾਨਕ ਸੰਸਥਾਵਾਂ, ਵਿੱਤੀ ਸੰਸਥਾਨਾਂ, ਕ੍ਰੈਡਿਟ ਰੇਟਿੰਗ ਏਜੰਸੀਆਂ ਅਤੇ ਨਿਜੀ ਵਿਕਾਸਕਰਤਾਵਾਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਇੱਕ ਮੁਕਾਬਲੇਬਾਜ਼ੀ, ਚੁਣੌਤੀ-ਅਧਾਰਿਤ ਪ੍ਰਕਿਰਿਆ ਦੇ ਜ਼ਰੀਏ ਇਸ ਵਿੱਚ ਸ਼ਾਮਲ ਹੋਣ, ਜੋ ਤਤਪਰਤਾ ਅਤੇ ਨਵੀਨਤਾ ਨੂੰ ਪੁਰਸਕ੍ਰਿਤ ਕਰਦੀ ਹੈ।

ਰਾਸ਼ਟਰੀ, ਰਾਜ ਅਤੇ ਸ਼ਹਿਰੀ ਪੱਧਰ 'ਤੇ ਸਮਰੱਥਾ ਨਿਰਮਾਣ ਦੇ ਪ੍ਰਾਵਧਾਨ ਇਸ ਢਾਂਚੇ ਵਿੱਚ ਬਿਲਟ-ਇਨ ਹਨ, ਇਹ ਮੰਨਦੇ ਹੋਏ ਕਿ ਵਿੱਤੀ ਮਦਦ ਤੱਕ ਪਹੁੰਚ ਦੇ ਨਾਲ-ਨਾਲ ਤਕਨੀਕੀ ਅਤੇ ਪ੍ਰਬੰਧਕੀ ਕੁਸ਼ਲਤਾ ਵੀ ਜ਼ਰੂਰੀ ਹੈ। ਡਿਜੀਟਲ ਨਿਗਰਾਨੀ ਪਲੈਟਫਾਰਮ ਤੋਂ ਪਾਰਦਰਸ਼ਿਤਾ ਅਤੇ ਜਵਾਬਦੇਹੀ ਵਧਣ ਅਤੇ ਨਤੀਜਾ-ਅਧਾਰਿਤ ਸ਼ਾਸਨ ਨੂੰ ਮਜ਼ਬੂਤ ਕਰਨ ਦੀ ਉਮੀਦ ਕੀਤੀ ਜਾਂਦੀ ਹੈ।

**ਭਵਿੱਖ ਲਈ ਤਿਆਰ ਸ਼ਹਿਰਾਂ ਦੀ ਰਾਹ**


ਆਉਣ ਵਾਲੇ ਦਹਾਕਿਆਂ ਵਿੱਚ ਭਾਰਤ ਦੀ ਸ਼ਹਿਰੀ ਆਬਾਦੀ ਵਿੱਚ ਕਾਫ਼ੀ ਵਾਧਾ ਹੋਣ ਵਾਲਾ ਹੈ ਅਤੇ ਇਸ ਦੇ ਨਾਲ ਹੀ ਬੁਨਿਆਦੀ ਢਾਂਚੇ ਦੀ ਮੰਗ ਵੀ ਵਧੇਗੀ। ਸ਼ਹਿਰੀ ਚੁਣੌਤੀ ਫੰਡ ਇਸ ਲੰਬੇ ਸਮੇਂ ਦੇ ਦ੍ਰਿਸ਼ਟੀਕੋਣ ਨੂੰ ਧਿਆਨ ਵਿੱਚ ਰੱਖਦੇ ਹੋਏ ਆਰਥਿਕ ਵਿਕਾਸ, ਜਲਵਾਯੂ ਪਰਿਵਰਤਨ ਨਾਲ ਨਜਿੱਠਣ ਦੀ ਸਮਰੱਥਾ ਅਤੇ ਵਿੱਤੀ ਸਥਿਰਤਾ ਨੂੰ ਇੱਕ ਹੀ ਢਾਂਚੇ ਵਿੱਚ ਏਕੀਕ੍ਰਿਤ ਕਰਨ ਦਾ ਯਤਨ ਕਰਦਾ ਹੈ। ਆਖਰਕਾਰ ਕੀ ਇਹ ਫੰਡ ਭਾਰਤ ਦੇ ਸ਼ਹਿਰੀ ਵਿਕਾਸ ਦੀ ਦਿਸ਼ਾ ਬਦਲ ਪਾਵੇਗਾ, ਇਹ ਇਸ ਦੇ ਲਾਗੂ ਕਰਨ 'ਤੇ ਹੀ ਨਿਰਭਰ ਕਰੇਗਾ। ਪਰ ਇਸ ਦਾ ਉਦੇਸ਼ ਸਾਫ ਹੈ। ਸ਼ਹਿਰੀ ਚੁਣੌਤੀ ਫੰਡ ਸ਼ਹਿਰੀਕਰਣ ਨੂੰ ਇੱਕ ਵਿੱਤੀ ਬੋਝ ਵਜੋਂ ਨਹੀਂ, ਸਗੋਂ ਇੱਕ ਨਿਵੇਸ਼ ਦੇ ਮੌਕੇ ਵਜੋਂ ਦੇਖਦਾ ਹੈ ਜਿਸ ਦਾ ਲਾਭ ਉਠਾਇਆ ਜਾ ਸਕਦਾ ਹੈ। ਬਜ਼ਾਰ ਅਨੁਸ਼ਾਸਨ, ਸੁਧਾਰ ਪ੍ਰੋਤਸਾਹਨ ਅਤੇ ਮਾਪਣਯੋਗ ਨਤੀਜਿਆਂ ਆਪਣੇ ਡਿਜ਼ਾਈਨ ਵਿੱਚ ਸ਼ਾਮਲ ਕਰਕੇ, ਇਹ ਭਾਰਤ ਦੇ ਸ਼ਹਿਰੀ ਪਰਿਵਰਤਨ ਦੇ ਅਗਲੇ ਪੜਾਅ ਨੂੰ ਗਤੀ ਪ੍ਰਦਾਨ ਕਰਨਾ ਚਾਹੁੰਦਾ ਹੈ, ਇਹ ਇੱਕ ਅਜਿਹਾ ਪੜਾਅ ਜਿਸ ਵਿੱਚ ਸ਼ਹਿਰ ਸਸ਼ਕਤ, ਪ੍ਰਤੀਯੋਗੀ ਅਤੇ ਭਵਿੱਖ ਲਈ ਤਿਆਰ ਵਿਕਾਸ ਕੇਂਦਰਾਂ ਵਿੱਚ ਵਿਕਸਿਤ ਹੋਣ।

**ਸ਼੍ਰੀਨਿਵਾਸ ਕਟੀਕਿਥਲਾ**
**(ਲੇਖਕ ਹਾਊਸਿੰਗ ਅਤੇ ਸ਼ਹਿਰੀ ਮਾਮਲੇ ਮੰਤਰਾਲੇ ਦੇ ਸਕੱਤਰ ਹਨ)**

# ਮਨੀਪੁਰ 'ਚ ਨਵੀਂ ਸਰਕਾਰ ਲਈ ਚੁਣੌਤੀਆਂ

ਜ਼ਿਕਰ ਪੰਜਾਬ

ਮੁੱਖ ਮੰਤਰੀ ਯੁਮਨਾਮ ਖੇਮਚੰਦ ਸਿੰਘ ਦੀ ਅਗਵਾਈ ਵਾਲੀ ਨਵੀਂ ਸਰਕਾਰ ਦੇ ਗਠਨ ਦੇ ਕਈ ਦਿਨਾਂ ਬਾਅਦ ਵੀ ਉੱਤਰ-ਪੂਰਬੀ ਰਾਜ ਮਨੀਪੁਰ ਵਿਚ ਨਸਲੀ ਹਿੰਸਾ ਤੇ ਸਾੜ-ਫੂਕ ਜਾਰੀ ਹੈ। ਮਨੀਪੁਰ ਦੇ ਨਾਗਾ ਬਹੁ-ਗਿਣਤੀ ਇਲਾਕੇ ਉਖਰੂਲ ਜ਼ਿਲ੍ਹੇ ਦੇ ਇਕ ਸਕੂਲ ਵਿੱਚੋਂ ਪੁਲਿਸ ਨੇ ਲਗਪਗ 51 ਕੁਕੀ ਵਿਦਿਆਰਥੀਆਂ ਨੂੰ ਦੋ ਭਾਈਚਾਰਿਆਂ ਵਿਚਾਲੇ ਝੜਪ ਤੋਂ ਬਾਅਦ ਅਹਿਤਿਆਤ ਦੇ ਤੌਰ 'ਤੇ ਕੱਢਿਆ ਹੈ। ਉਖਰੂਲ 'ਚ ਤੰਗਖੁਲ ਨਾਗਾ ਜਨਜਾਤੀ ਅਤੇ ਕੁਕੀ ਲੋਕਾਂ ਦਰਮਿਆਨ ਇਕ ਹਫ਼ਤੇ ਤੋਂ ਤਣਾਅ ਚੱਲ ਰਿਹਾ ਹੈ। ਉਖਰਾਲੂ ਜ਼ਿਲ੍ਹੇ ਦੇ ਲਿਟਨ ਸਾਰੇਖੌਂਗ ਇਲਾਕੇ ਵਿਚ ਝੜਪ ਦੌਰਾਨ 30 ਕੁ ਘਰ ਸਾੜ ਦਿੱਤੇ ਗਏ ਸਨ। ਉਖਰੂਲ ਜ਼ਿਲ੍ਹਾ ਪੁਲਿਸ ਨੇ ਇਕ ਬਿਆਨ ਵਿਚ ਕਿਹਾ ਕਿ ਉਖਰੂਲ ਦੇ ਜਵਾਹਰ ਨਵੋਦਿਆ ਵਿਦਿਆਲਾ ਰਾਮਵਾ ਦੇ 51 ਵਿਦਿਆਰਥੀਆਂ ਨੂੰ ਬਚਾ ਕੇ ਕਾਂਗਪੋਕਪੀ ਜ਼ਿਲ੍ਹੇ ਦੇ ਜਵਾਹਰ ਨਵੋਦਿਆ ਵਿਦਿਆਲਾ ਭੇਜਣ ਲਈ ਸੈਕੂਲ ਥਾਣੇ ਦੀ ਪੁਲਿਸ ਪਾਰਟੀ ਦੇ ਸਪੁਰਦ ਕੀਤਾ ਗਿਆ। ਇਕੱਤੀ ਵਿਦਿਆਰਥੀਆਂ ਅਤੇ 20 ਵਿਦਿਆਰਥਣਾਂ ਨੂੰ ਕੁਕੀ ਬਹੁ-ਗਿਣਤੀ ਜ਼ਿਲ੍ਹੇ ਕਾਂਗਪੋਕਪੀ ਭੇਜਿਆ ਗਿਆ ਹੈ। ਇਸੇ ਮਹੀਨੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਯੁਮਨਾਮ ਖੇਮਚੰਦ ਸਿੰਘ ਨੇ ਬਤੌਰ ਮੁੱਖ ਮੰਤਰੀ ਸਹੁੰ ਚੁੱਕੀ ਸੀ। ਦੋ ਵਾਰ ਦੇ ਵਿਧਾਇਕ ਰਹੇ ਅਤੇ 62 ਸਾਲਾ ਮੈਤੇਈ ਆਗੂ ਨੂੰ ਮਨੀਪੁਰ ਦੀ ਰਾਜਧਾਨੀ ਇੰਫਾਲ ਸਥਿਤ 'ਲੋਕ ਭਵਨ' ਵਿਚ ਇਕ ਵਿਸ਼ੇਸ਼ ਸਮਾਗਮ ਦੌਰਾਨ ਰਾਜਪਾਲ ਅਜੈ ਕੁਮਾਰ ਭੱਲਾ ਨੇ ਸਹੁੰ ਚੁਕਾਈ। ਨਗਾ ਪੀਪਲਜ਼ ਫਰੰਟ ਦੇ ਵਿਧਾਇਕ ਐੱਲ ਦਿਖੋ ਅਤੇ ਕੁਕੀ ਭਾਈਚਾਰੇ ਦੀ ਭਾਜਪਾ ਵਿਧਾਇਕ ਨੇਮਚਾ ਕਿਪਗੇਨ ਨੇ ਬਤੌਰ ਉਪ ਮੁੱਖ ਮੰਤਰੀ ਸਹੁੰ ਚੁੱਕੀ। ਕੁਕੀ-ਜੋ ਕਾਊਂਸਲ ਨੇ ਨਵੀਂ ਸਰਕਾਰ ਤੋਂ ਦੂਰੀ ਬਣਾ ਲਈ ਹੈ ਅਤੇ ਸਰਕਾਰ 'ਚ ਸ਼ਾਮਲ ਹੋਣ ਵਾਲਿਆਂ ਨੂੰ ਗ਼ਦਾਰ ਕਿਹਾ ਹੈ। ਸਿੰਘ ਦੇ ਸਹੁੰ ਚੁੱਕਣ ਤੋਂ ਅਗਲੇ ਦਿਨ ਦੋਵਾਂ ਭਾਈਚਾਰਿਆਂ ਦਰਮਿਆਨ ਨਸਲੀ ਹਿੰਸਾ ਮੁੜ ਸ਼ੁਰੂ ਹੋ ਗਈ। ਮਨੀਪੁਰ ਦੇ ਕੁਕੀ ਬਹੁ-ਗਿਣਤੀ ਵਾਲੇ ਜ਼ਿਲ੍ਹੇ ਚੁਰਾਚਾਂਦਪੁਰ 'ਚ ਮੁਜ਼ਾਹਰਾਕਾਰੀਆਂ ਤੇ ਸੁਰੱਖਿਆ ਬਲਾਂ ਵਿਚਾਲੇ ਝੜਪਾਂ ਹੋਈਆਂ। ਪ੍ਰਦਰਸ਼ਨਕਾਰੀ ਭਾਈਚਾਰੇ ਦੀ ਵਿਧਾਇਕਾ ਅਤੇ ਉਪ ਮੁੱਖ ਮੰਤਰੀ ਨੇਮਚਾ ਕਿਪਗੇਨ ਦਾ ਵਿਰੋਧ ਕਰ ਰਹੇ ਸਨ। ਚੁਰਾਚਾਂਦਪੁਰ ਬੰਦ ਰਹਿਣ ਕਾਰਨ ਜਨ-ਜੀਵਨ ਪ੍ਰਭਾਵਿਤ ਹੋਇਆ। ਤੀਜੇ ਦਿਨ ਮਨੀਪੁਰ ਦੇ ਉਖਰੂਲ 'ਚ ਹਿੰਸਾ ਭੜਕੀ, ਕਈ ਘਰ ਸਾੜੇ ਗਏ। ਤੰਗਖੁਲ ਨਾਗਾ ਤੇ ਕੁਕੀ ਭਾਈਚਾਰੇ ਵਿਚਾਲੇ ਪੱਥਰਬਾਜ਼ੀ ਹੋਈ। ਮੁੱਖ ਮੰਤਰੀ ਨੇ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ। ਮੰਗਲਵਾਰ ਨੂੰ ਮੁੜ ਮਨੀਪੁਰ ਵਿਚ ਹਿੰਸਾ ਭੜਕੀ। ਤਾਂਗਖੁਲ ਨਾਗਾ ਭਾਈਚਾਰੇ ਦੇ ਮੈਂਬਰ 'ਤੇ ਹਮਲੇ ਤੋਂ ਬਾਅਦ ਤਣਾਅ ਵਧਿਆ। ਇੰਟਰਨੈੱਟ ਸੇਵਾਵਾਂ ਬੰਦ ਕਰ ਦਿੱਤੀਆਂ ਗਈਆਂ। ਕਾਂਗਰਸ ਦੇ ਸੰਸਦ ਮੈਂਬਰ ਅੰਗੋਮਚਾ ਬਿਮੋਲ ਅਕੋਇਜ਼ਮ ਨੇ 'ਝੜਪਾਂ ਨੂੰ ਮੰਦਭਾਗਾ ਕਰਾਰ ਦਿੱਤਾ'। ਉਨ੍ਹਾਂ ਕਿਹਾ, 'ਸਰਕਾਰ ਯਕੀਨੀ ਬਣਾਵੇ ਕਿ ਮੁੜ ਹਿੰਸਾ ਨਾ ਹੋਵੇ'। ਸੂਬੇ ਵਿੱਚੋਂ ਰਾਸ਼ਟਰਪਤੀ ਸ਼ਾਸਨ ਹਟਾਏ ਜਾਣ ਦੇ ਕੁਝ ਘੰਟਿਆਂ ਬਾਅਦ ਹੀ ਇਹ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ। ਜ਼ਿਕਰਯੋਗ ਹੈ ਕਿ ਅਸ਼ਾਂਤ ਹਾਲਾਤ ਕਾਰਨ ਫਰਵਰੀ 2025 ਵਿਚ ਸਾਬਕਾ ਮੁੱਖ ਮੰਤਰੀ ਐੱਨ ਬੀਰੇਨ ਸਿੰਘ ਦੇ ਅਸਤੀਫ਼ੇ ਤੋਂ ਬਾਅਦ ਮਨੀਪੁਰ ਪਿਛਲੇ ਸਾਲ ਫਰਵਰੀ ਤੋਂ ਰਾਸ਼ਟਰਪਤੀ ਸ਼ਾਸਨ ਦੇ ਅਧੀਨ ਸੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੁਆਰਾ ਦਸਤਖ਼ਤ ਕੀਤੇ ਗਏ ਨੋਟੀਫਿਕੇਸ਼ਨ ਸਦਕਾ ਨਵੀਂ ਸਰਕਾਰ ਦੇ ਗਠਨ ਨਾਲ ਰਾਜ ਵਿਚ ਮੁੜ ਲੋਕਤੰਤਰੀ ਪ੍ਰਕਿਰਿਆ ਬਹਾਲ ਹੋ ਗਈ। ਤਿੰਨ ਮਈ 2023 ਤੋਂ ਸ਼ੁਰੂ ਹੋਈ ਮੈਤੇਈ-ਕੁਕੀ ਹਿੰਸਾ ਨੇ ਰਾਜ ਨੂੰ ਦੋ ਫ਼?ਰਕਿਆਂ ਵਿਚ ਵੰਡ ਦਿੱਤਾ ਹੈ। ਅਸਲ ਵਿਚ ਮੈਤੇਈ ਭਾਈਚਾਰੇ ਨੂੰ ਜਨਜਾਤੀ ਦਾ ਦਰਜਾ ਦੇਣ ਵਿਰੁੱਧ ਦੋਵਾਂ ਫ਼?ਰਕਿਆਂ ਵਿਚਾਲੇ ਨਸਲੀ ਹਿੰਸਾ ਦੀ ਸ਼ੁਰੂਆਤ ਹੋਈ ਸੀ। ਇਸ ਹਿੰਸਾ ਵਿਚ 260 ਤੋਂ ਵੱਧ ਲੋਕ ਮਾਰੇ ਜਾ ਚੁੱਕੇ ਹਨ ਅਤੇ 50 ਹਜ਼ਾਰ ਤੋਂ ਜ਼ਿਆਦਾ ਰਾਹਤ ਕੈਂਪਾਂ ਵਿਚ ਗੁਜ਼ਰ-ਬਸਰ ਕਰ ਰਹੇ ਹਨ। ਕੁਕੀ-ਜੋ ਅਤੇ ਮੈਤੇਈ ਭਾਈਚਾਰਿਆਂ ਵਿਚਾਲੇ ਚੱਲ ਰਹੇ ਟਕਰਾਅ ਕਰਕੇ ਮਨੀਪੁਰ ਨੂੰ ਅਸ਼ਾਂਤ ਹੋਏ ਨੂੰ ਢਾਈ ਸਾਲ ਦੇ ਕਰੀਬ ਹੋ ਗਏ ਹਨ। ਮੀਡੀਆ ਰਿਪੋਰਟਾਂ ਮੁਤਾਬਕ ਇੰਫਾਲ ਵੈਲੀ ਤੋਂ ਮਿਆਂਮਾਰ ਬਾਰਡਰ ਵਾਲੇ ਮੋਰੇਹ ਟਾਊਨ ਤੱਕ ਕਿਧਰੇ ਵੀ ਹਾਲਾਤ ਆਮ ਵਰਗੇ ਨਹੀਂ ਹਨ। ਇੱਥੇ ਇਕ ਸਾਲ ਤੱਕ ਰਾਸ਼ਟਰਪਤੀ ਸਾਸ਼ਨ ਵੀ ਰਿਹਾ ਪਰ ਅੱਜ ਵੀ ਉੱਥੋਂ ਦੀ ਸਥਿਤੀ ਇਹ ਹੈ ਕਿ 16 ਵਿੱਚੋਂ 8 ਜ਼ਿਲਿ?ਹਆਂ ਵਿਚ ਜ਼ਿਆਦਾ ਗੜਬੜ ਹੈ। ਕੁਕੀ-ਮੈਤੇਈ ਫ਼?ਰਕਿਆਂ ਨਾਲ ਜੁੜੇ ਹਥਿਆਰਬੰਦ ਗਿਰੋਹ ਹਨ ਜਿਨ੍ਹਾਂ ਦੇ ਖ਼ੌਫ਼ ਦੇ ਚੱਲਦਿਆਂ ਵਪਾਰ, ਬਾਜ਼ਾਰ, ਪੈਟਰੋਲ ਪੰਪ ਬੰਦ ਹਨ। ਅੱਤਵਾਦੀ ਸੰਗਠਨ ਜੀ-5 ਨੇ ਪੈਟਰੋਲ ਪੰਪ ਬੰਬ ਨਾਲ ਉਡਾ ਦਿੱਤਾ ਸੀ। ਪੈਟਰੋਲ ਪੰਪਾਂ ਦੇ ਬਾਹਰ ਪੈਟਰੋਲ ਵਿਕਦਾ ਹੈ। ਅੱਤਵਾਦੀ ਸੰਗਠਨ ਬੇਖ਼ੌਫ਼ ਹੋ ਕੇ ਰੰਗਦਾਰੀ ਵਸੂਲ ਰਹੇ ਹਨ। ਗੈਸ ਸਿਲੰਡਰ ਦੋ ਹਜ਼ਾਰ ਰੁਪਏ ਨੂੰ ਮਿਲਦਾ ਹੈ। ਕੁਕੀ, ਮੈਤੇਈ ਤੇ ਨਗਾ ਆਦਿ ਫ਼?ਰਕਿਆਂ ਦੇ ਨੌਜਵਾਨ ਅਸਾਮ, ਮੁੰਬਈ, ਦਿੱਲੀ ਤੇ ਕੋਲਕਾਤਾ ਪਲਾਇਨ ਕਰ ਰਹੇ ਹਨ। ਕੇਂਦਰੀ ਸੁਰੱਖਿਆ ਬਲਾਂ ਦੀ ਮੌਜੂਦਗੀ ਦੇ ਬਾਵਜੂਦ ਮਿਆਂਮਾਰ ਬਾਰਡਰ ਤੱਕ ਇਹ ਦ੍ਰਿਸ਼ ਦੇਖਣ ਨੂੰ ਆਮ ਮਿਲ ਜਾਣਗੇ। ਰਾਜ ਦੇ ਪ੍ਰਮੁੱਖ ਵਪਾਰਕ ਖੇਤਰ ਥਾਂਗਲ ਅਤੇ ਪਾਉਨਾ ਬਾਜ਼ਾਰ, ਦੋਵਾਂ ਵਿਚ 60-65 ਫ਼ੀਸਦ ਹੀ ਵਪਾਰ ਹੋ ਰਿਹਾ ਹੈ। ਮਨੀਪੁਰ ਐੱਫਐੱਮਸੀਜੀ ਐਸੋਸੀਏਸ਼ਨ ਦੇ ਪ੍ਰੈਜ਼ੀਡੈਂਟ ਵਿਜੈ ਪਾਟਨੀ ਕਹਿੰਦੇ ਹਨ ਕਿ ਕੁਕੀ ਇਲਾਕੇ ਚੁਰਾਚਾਂਦਪੁਰ, ਚੰਦੇਲ, ਕਾਂਗਪੋਕਪੀ ਜ਼ਿਲਿ?ਹਆਂ ਅਤੇ ਆਸ-ਪਾਸ ਦੇ ਇਲਾਕਿਆਂ ਵਿਚ 30-37 ਫ਼ੀਸਦੀ ਕਾਰੋਬਾਰ ਹੁੰਦਾ ਸੀ ਜੋ ਹੁਣ ਲਗਪਗ ਬੰਦ ਹੈ। ਮਨੀਪੁਰ ਵਿਚ ਕੋਈ ਫੈਕਟਰੀ ਜਾਂ ਮੈਨੂਫੈਕਚਰਿੰਗ ਯੂਨਿਟ ਨਹੀਂ ਹੈ। ਇੱਥੇ ਸਿਰਫ ਟਰੇਡਿੰਗ ਹੁੰਦੀ ਹੈ। ਹਿੰਸਾ ਕਰਕੇ ਕਾਰੋਬਾਰ ਬਿਲਕੁਲ ਤਬਾਹ ਹੋ ਗਿਆ ਹੈ। ਇਕ ਵਪਾਰੀ ਨੇ ਦੱਸਿਆ ਕਿ ਅੱਤਵਾਦੀ ਸੰਗਠਨ ਹਰ ਸੈਕਟਰ ਦੇ ਕਾਰੋਬਾਰੀਆਂ ਨੂੰ ਫੋਨ ਕਰ ਕੇ ਰੰਗਦਾਰੀ (ਫਿਰੌਤੀ) ਮੰਗ ਰਹੇ ਹਨ। ਚੁਰਾਚਾਂਦਪੁਰ ਮਾਰਕੀਟ ਸ਼ਾਮ 6 ਵਜੇ ਤੋਂ ਬਾਅਦ ਬੰਦ ਹੋ ਜਾਂਦੀ ਹੈ। ਮਨੀਪੁਰ ਦੀ ਰਾਜਧਾਨੀ ਇੰਫਾਲ 'ਚ ਹਜ਼ਾਰਾਂ ਲੋਕਾਂ ਨੇ ਬੀਤੇ ਦਿਨੀਂ ਰੈਲੀ ਕਰ ਕੇ ਆਪਣੇ ਇਸ ਰੁਖ਼ ਦੀ ਪੁਸ਼ਟੀ ਕੀਤੀ ਕਿ ਸੂਬੇ ਦੀ ਖੇਤਰੀ ਤੇ ਪ੍ਰਸ਼ਾਸਨਿਕ ਅਖੰਡਤਾ ਨੂੰ ਕਿਸੇ ਵੀ ਕੀਮਤ 'ਤੇ ਵੰਡਿਆ ਨਹੀਂ ਜਾ ਸਕਦਾ। ਮੈਤੇਈ ਸਿਵਲ ਸੁਸਾਇਟੀ ਜਥੇਬੰਦੀਆਂ ਦੀ ਸੰਸਥਾ ਮਨੀਪੁਰ ਅਖੰਡਤਾ ਤਾਲਮੇਲ ਕਮੇਟੀ ਨੇ 'ਮਨੀਪੁਰ ਬਚਾਓ' ਰੈਲੀ ਕੱਢੀ। ਉੱਤਰ-ਪੂਰਬੀ ਸੂਬੇ ਹਿੰਸਾ ਤੋਂ ਬਾਅਦ ਕੁਕੀ ਭਾਈਚਾਰਾ ਵੱਖਰੇ ਪ੍ਰਸ਼ਾਸਕੀ ਪ੍ਰਬੰਧ ਦੀ ਮੰਗ ਕਰ ਰਿਹਾ ਹੈ। ਚੁਰਾਚਾਂਦਪੁਰ ਜ਼ਿਲ੍ਹੇ 'ਚ ਵੱਡੀ ਗਿਣਤੀ ਵਿਚ ਔਰਤਾਂ ਨੇ ਕਥਿਤ ਤੌਰ 'ਤੇ ਜਿਨਸੀ ਹਿੰਸਾ ਤੇ ਕਤਲ ਦੀਆਂ ਸ਼ਿਕਾਰ ਹੋਈਆਂ ਕੁਕੀ-ਜ਼ੋਮੀ ਔਰਤਾਂ ਲਈ ਇਨਸਾਫ਼ ਦੀ ਮੰਗ ਨੂੰ ਲੈ ਕੇ ਪ੍ਰਦਰਸ਼ਨ ਕੀਤਾ। ਔਰਤਾਂ ਨੇ ਇਹ ਧਰਨਾ ਇਕ ਕੁਕੀ ਔਰਤ ਦੀ ਮੌਤ ਤੋਂ ਕੁਝ ਦਿਨਾਂ ਬਾਅਦ ਦਿੱਤਾ ਹੈ ਜੋ ਮਈ 2023 ਵਿਚ ਹੋਈ ਨਸਲੀ ਹਿੰਸਾ ਦੌਰਾਨ ਕਥਿਤ ਤੌਰ 'ਤੇ ਸਮੂਹਿਕ ਬਲਾਤਕਾਰ ਦਾ ਸ਼ਿਕਾਰ ਹੋਈ ਸੀ। ਉਦੋਂ ਤੋਂ ਹੀ ਉਹ ਸਦਮੇ 'ਚ ਸੀ। ਮਨੁੱਖੀ ਅਧਿਕਾਰਾਂ ਦੀ ਸੰਸਥਾ ਨੇ ਮੰਗ ਕੀਤੀ ਹੈ ਕਿ ਬਲਾਤਕਾਰ ਤੇ ਕਤਲ ਵਿਚ ਸ਼ਾਮਲ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰ ਕੇ ਸਜ਼ਾ ਦਿੱਤੀ ਜਾਵੇ। ਪ੍ਰਧਾਨ ਮੰਤਰੀ ਨੂੰ ਭੇਜੇ ਮੰਗ ਪੱਤਰ ਅਨੁਸਾਰ ਮਈ 2023 ਤੋਂ ਨਵੰਬਰ 2024 ਦਰਮਿਅਨ ਘਟੋ-ਘੱਟ 20 ਕੁਕੀ-ਜ਼ੋ ਔਰਤਾਂ ਦੀ ਬੇਰਹਿਮੀ ਨਾਲ ਹੱਤਿਆ ਕੀਤੀ ਗਈ। ਖ਼ਬਰਾਂ ਮੁਤਾਬਕ ਕਾਕਚਿੰਗ ਜ਼ਿਲ੍ਹੇ ਦੇ ਇਕ ਨੌਜਵਾਨ ਦੀ ਸ਼ਾਦੀ ਚੁਰਾਚਾਂਦਪੁਰ ਦੇ ਕੁਕੀ ਜਨਜਾਤੀ ਦੀ ਲੜਕੀ ਨਾਲ ਹੋਈ ਸੀ। ਸਥਾਨਕ ਸਮੂਹਾਂ ਨੇ ਨੌਜਵਾਨ ਨੂੰ ਪਤਨੀ ਨਾਲ ਰਹਿਣ ਦੀ ਆਗਿਆ ਦੇ ਦਿੱਤੀ ਸੀ। ਚੁਰਾਚਾਂਦਪੁਰ ਜ਼ਿਲ੍ਹੇ ਦੇ ਸ਼ੱਕੀ ਕੁਕੀ ਅੱਤਵਾਦੀਆਂ ਵੱਲੋਂ ਮੈਤੇਈ ਭਾਈਚਾਰੇ ਦੇ ਰਿਸ਼ੀਕਾਂਤ ਸਿੰਘ ਨੂੰ ਤੁਈਥੋਂਗ ਇਲਾਕੇ ਤੋਂ ਉਸ ਦੇ ਘਰੋਂ ਅਗਵਾ ਕਰ ਕੇ ਨਾਟਜੰਗ ਪਿੰਡ ਕੋਲ ਗੋਲ?ੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਖ਼ਬਰ ਫੈਲਣ ਮਗਰੋਂ ਲੋਕਾਂ ਨੇ ਸੜਕਾਂ 'ਤੇ ਟਾਇਰ ਸਾੜ ਕੇ ਆਵਾਜਾਈ ਰੋਕ ਦਿੱਤੀ ਤੇ ਧਰਨਾ ਦਿੱਤਾ। ਮੁਜ਼ਾਹਰਾਕਾਰੀਆਂ ਨੇ ਕੁਕੀ ਮਿਲੀਟੈਂਟਾਂ ਵਿਰੁੱਧ ਕਾਰਵਾਈ ਦੀ ਮੰਗ ਕੀਤੀ। ਮਨੀਪੁਰ ਦੀਆਂ ਔਰਤਾਂ ਇਨਸਾਫ਼ ਲਈ ਸੜਕਾਂ 'ਤੇ ਉਤਰ ਆਈਆਂ ਅਤੇ ਮੈਤੇਈ ਮਹਿਲਾਵਾਂ ਨੇ ਸਰਕਾਰ ਨੂੰ 72 ਘੰਟੇ ਦਾ ਅਲਟੀਮੇਟਮ ਦਿੱਤਾ। ਹਿਊਮਨ ਰਾਈਟਸ ਕਮਿਸ਼ਨ ਦੇ ਚੇਅਰਮੈਨ ਕੰਜਮ ਖਾਂਗੇਂਦਰਾ ਨੇ ਕਿਹਾ, 'ਉਹ ਤਿੰਨ ਦਿਨ ਸਰਕਾਰ ਦੇ ਕਦਮ ਦਾ ਇੰਤਜ਼ਾਰ ਕਰਨਗੇ। ਮਗਰੋਂ ਕਮਿਸ਼ਨ ਅਗਲੀ ਰਣਨੀਤੀ ਤੈਅ ਕਰੇਗਾ।' ਮਨੀਪੁਰ ਹਾਈ ਕੋਰਟ ਨੇ ਕੇਂਦਰ ਸਰਕਾਰ ਨੂੰ ਉਸ ਵਾਇਰਲ ਵੀਡੀਓ ਨੂੰ ਬਲਾਕ ਕਰਨ ਲਈ ਕਿਹਾ ਹੈ ਜਿਸ 'ਚ ਚੁਰਚਾਂਦਪੁਰ ਜ਼ਿਲ੍ਹੇ ਵਿਚ ਇਕ ਨੌਜਵਾਨ ਦੀ ਹੱਤਿਆ ਹੁੰਦੀ ਵਿਖਾਈ ਗਈ ਹੈ। ਜਸਟਿਸ ਏ. ਗਣੇਸ਼ਵਰ ਸ਼ਰਮਾ ਦੇ ਸਿੰਗਲ ਬੈਂਚ ਨੇ ਕਿਹਾ ਕਿ ਇਹ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਫੈਲ ਰਿਹਾ ਹੈ ਜੋ ਸਥਿਤੀ ਨੂੰ ਵਿਗਾੜ ਸਕਦਾ ਹੈ। ਕੁਝ ਅੱਤਵਾਦੀ ਸੰਗਠਨਾਂ ਨੇ ਇਹ ਘਟਨਾ ਆਪਣੀ ਮੌਜੂਦਗੀ ਦੱਸਣ ਲਈ ਕੀਤੀ ਹੈ। ਸਾਫ਼ ਹੈ ਕਿ ਕਾਫ਼ੀ ਜਦੋਜਹਿਦ ਤੋਂ ਬਾਅਦ ਰਾਜ ਵਿਚ ਜੋ ਹਾਲਾਤ ਕਾਬੂ ਹੇਠ ਆਉਂਦੇ ਦਿਸ ਰਹੇ ਸਨ, ਉਨ੍ਹਾਂ ਦੇ ਵਿਗੜਨ ਦੀ ਸਥਿਤੀ ਫਿਰ ਬਣ ਰਹੀ ਹੈ। ਕੁਕੀ ਤੇ ਮੈਤੇਈ ਭਾਈਚਾਰੇ ਵਿਚਾਲੇ ਸ਼ਾਦੀ ਦੀ ਇਹ ਪਹਿਲ ਭਾਈਚਾਰਕ ਪੱਧਰ 'ਤੇ ਵੀ ਸਦਭਾਵਨਾ ਦੀ ਵਾਪਸੀ ਦੀ ਕੜੀ ਬਣ ਸਕਦੀ ਸੀ। ਇਸ ਤੋਂ ਬਾਅਦ ਦੋਵਾਂ ਭਾਈਚਾਰਿਆਂ ਵਿਚਾਲੇ ਸਹਿਮਤੀ ਆਧਾਰਤ ਹੱਲ ਦੇ ਰਾਹ ਦੀ ਤਲਾਸ਼ ਕਰਨ 'ਚ ਮਦਦ ਮਿਲ ਸਕਦੀ ਸੀ। ਖ਼ੈਰ! ਮੈਤੇਈ ਤੇ ਕੁਕੀ ਭਾਈਚਾਰੇ ਵਿਚਾਲੇ ਸੰਵਾਦ ਸੰਭਵ ਬਣਾਉਣਾ ਨਵੀਂ ਸਰਕਾਰ ਦੀ ਜ਼ਿੰਮੇਵਾਰੀ ਹੋਣੀ ਚਾਹੀਦੀ ਹੈ। ਨਵੇਂ ਮੁੱਖ ਮੰਤਰੀ ਸਾਹਮਣੇ ਅਨੇਕ ਚੁਣੌਤੀਆਂ ਹਨ, ਖ਼ਾਸ ਕਰਕੇ ਸੂਬੇ ਅੰਦਰ ਸ਼ਾਂਤੀ ਬਹਾਲੀ ਅਤੇ ਮੈਤੇਈ ਅਤੇ ਕੁਕੀ ਭਾਈਚਾਰਿਆਂ ਵਿਚਾਲੇ ਸੰਵਾਦ ਰਚਾ ਕੇ ਦੂਰੀ ਮਿਟਾ ਕੇ ਉਨ੍ਹਾਂ ਨੂੰ ਸੰਤੁਸ਼ਟ ਕਰਨਾ ਅਤੇ ਨਸਲੀ ਹਿੰਸਾ ਨੂੰ ਰੋਕਣਾ ਹੋਵੇਗਾ।




**-ਮੁਖ਼ਤਾਰ ਗਿੱਲ**
**ਸੰਪਰਕ : 98140-82217**

# ਬੱਚਿਆਂ ਵਿੱਚ ਅਸਫਲਤਾ ਦੇ ਡਰ ਨੂੰ ਖਤਮ ਕਰੋ

ਜ਼ਿਕਰ ਪੰਜਾਬ

'ਡਰ' ਇੱਕ ਕੁਦਰਤੀ ਵਿਚਾਰ ਹੈ ਜਿਸ ਤੋਂ ਕੋਈ ਵੀ ਵਿਅਕਤੀ ਭੱਜ ਨਹੀਂ ਸਕਦਾ ਸਥਿਤੀ ਭਾਵੇਂ ਕੋਈ ਵੀ ਹੋਵੇ ਕਿਸੇ ਵੀ ਵਿਅਕਤੀ ਦੇ ਮਨ ਵਿੱਚ ਡਰ ਦੀ ਭਾਵਨਾ ਹੋਣਾ ਸੁਭਾਵਿਕ ਹੈ ਜਦੋਂ ਘਰ ਵਿੱਚ ਕੋਈ ਸਮਾਗਮ ਆਯੋਜਿਤ ਕੀਤਾ ਜਾਂਦਾ ਹੈ, ਤਾਂ ਅਜਿਹੀ ਸਥਿਤੀ ਵਿੱਚ ਵੀ, ਵਿਅਕਤੀ ਦੇ ਮਨ ਵਿੱਚ ਡਰ ਦੀ ਭਾਵਨਾ ਹੁੰਦੀ ਹੈ ਉਹ ਸੋਚਣ ਲਈ ਮਜਬੂਰ ਹੁੰਦਾ ਹੈ ਕਿ ਪੂਰਾ ਪ੍ਰੋਗਰਾਮ ਸਮੇਂ ਸਿਰ ਹੋਣਾ ਚਾਹੀਦਾ ਹੈ। ਜਦੋਂ ਕੋਈ ਇੰਟਰਵਿਊ ਲਈ ਜਾਂਦਾ ਹੈ, ਤਾਂ ਮਨ ਵਿੱਚ ਡਰ ਹੁੰਦਾ ਹੈ ਕਿ ਉਹ ਇਸਦਾ ਸਾਹਮਣਾ ਕਿਵੇਂ ਕਰੇਗਾ। ਨਤੀਜਾ ਕੀ ਹੋਵੇਗਾ ਆਦਿ? ਬੱਚਿਆਂ ਦੀ ਗੱਲ ਕਰੀਏ ਤਾਂ ਬੱਚਿਆਂ ਵਿੱਚ ਕਈ ਤਰ੍ਹਾਂ ਦੇ ਡਰ ਹੁੰਦੇ ਹਨ ਨਵੇਂ ਸਕੂਲ, ਨਵੇਂ ਮਾਹੌਲ, ਔਖੇ ਵਿਸ਼ਿਆਂ ਨਾਲ ਢਲਣ ਨਾਲ ਸਬੰਧਤ ਡਰ, ਉਨ੍ਹਾਂ ਵਿੱਚੋਂ ਸਭ ਤੋਂ ਮਹੱਤਵਪੂਰਨ ਪ੍ਰੀਖਿਆਵਾਂ ਦਾ ਡਰ ਹੈ। ਬੱਚਿਆਂ ਵਿੱਚ ਸਭ ਤੋਂ ਵੱਡਾ ਡਰ ਪ੍ਰੀਖਿਆਵਾਂ ਦਾ ਹੁੰਦਾ ਹੈ, ਭਾਵੇਂ ਬੱਚਾ ਬੁੱਧੀਮਾਨ ਹੋਵੇ ਜਾਂ ਔਸਤ ਅਸਫਲਤਾ ਦਾ ਡਰ ਹਮੇਸ਼ਾ ਉਨ੍ਹਾਂ ਦੇ ਮਨ ਵਿੱਚ ਮੌਜੂਦ ਰਹਿੰਦਾ ਹੈ ਖਾਸ ਕਰਕੇ ਪ੍ਰੀਖਿਆਵਾਂ ਦੇ ਦਿਨਾਂ ਦੌਰਾਨ, ਬੱਚਾ ਪ੍ਰੀਖਿਆ ਪ੍ਰਤੀ ਨਕਾਰਾਤਮਕ ਸੋਚ ਦਿਖਾਉਂਦਾ ਹੈ ਬੱਚੇ ਦੇ ਮਨ ਵਿੱਚ ਡਰ ਦੀਆਂ ਭਾਵਨਾਵਾਂ ਪੈਦਾ ਹੁੰਦੀਆਂ ਹਨ ਅਤੇ ਉਹ ਆਪਣੇ ਟੀਚੇ ਤੋਂ ਭਟਕਣ ਲੱਗਦਾ ਹੈ, ਦਿਸ਼ਾਹੀਣ ਹੋ ਜਾਂਦਾ ਹੈ ਅਤੇ ਨਤੀਜੇ ਵਜੋਂ, ਉਸਨੂੰ ਅਸਫਲਤਾ ਮਿਲਣੀ ਸ਼ੁਰੂ ਹੋ ਜਾਂਦੀ ਹੈ। ਪ੍ਰੀਖਿਆ ਪ੍ਰਤੀ ਨਕਾਰਾਤਮਕ ਸੋਚ ਦੇਖੀ ਜਾਂਦੀ ਹੈ ਇੱਕ ਬਹੁਤ ਹੀ ਬੁੱਧੀਮਾਨ ਬੱਚਾ ਵੀ ਪ੍ਰੀਖਿਆ ਦੇ ਦਿਨਾਂ ਦੌਰਾਨ ਚਿੰਤਾ ਦੀ ਭਾਵਨਾ ਤੋਂ ਅਛੂਤਾ ਨਹੀਂ ਹੁੰਦਾ ਬੱਚੇ ਸਾਲ ਭਰ ਪੜ੍ਹਾਈ ਵਿੱਚ ਵਧੀਆ ਪ੍ਰਦਰਸ਼ਨ ਕਰਦੇ ਹਨ, ਪਰ ਜਿਵੇਂ-ਜਿਵੇਂ ਪ੍ਰੀਖਿਆ ਨੇੜੇ ਆਉਂਦੀ ਹੈ, ਉਹ ਘਬਰਾਹਟ ਅਤੇ ਚਿੰਤਾ ਮਹਿਸੂਸ ਕਰਨ ਲੱਗ ਪੈਂਦੇ ਹਨ ਉਨ੍ਹਾਂ ਨੂੰ ਨੀਂਦ ਨਾ ਆਉਣ ਲੱਗਦੀ ਹੈ, ਭੁੱਖ ਘੱਟ ਲੱਗਦੀ ਹੈ,

> 'ਬੱਚਿਆਂ ਵਿੱਚ ਇਸ ਤਰ੍ਹਾਂ ਦੇ ਡਰ ਨੂੰ ਖਤਮ ਕਰਨ ਵਿੱਚ ਸਿਰਫ਼ ਅਧਿਆਪਕ ਹੀ ਨਹੀਂ ਸਗੋਂ ਮਾਪੇ ਵੀ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਹਨ 'ਸਕੂਲ ਵਿੱਚ, ਅਧਿਆਪਕਾਂ ਨੂੰ ਬੱਚਿਆਂ ਨੂੰ ਪ੍ਰੇਰਣਾਦਾਇਕ ਕਹਾਣੀਆਂ ਸੁਣਾਉਣੀਆਂ ਚਾਹੀਦੀਆਂ ਹਨ ਤਾਂ ਜੋ ਉਹ ਪ੍ਰੇਰਿਤ ਹੋਣ ਅਤੇ ਪੂਰੀ ਲਗਨ ਨਾਲ ਪੜ੍ਹਾਈ ਕਰਨ।

ਉਨ੍ਹਾਂ ਦੀ ਪਾਚਨ ਕਿਰਿਆ ਵਿਗੜ ਜਾਂਦੀ ਹੈ, ਉਹ ਆਪਣੇ ਹੱਥਾਂ ਨੂੰ ਵਾਰ-ਵਾਰ ਰਗੜਦੇ ਹਨ ਅਤੇ ਮਹਿਸੂਸ ਕਰਦੇ ਹਨ ਕਿ ਜਿਵੇਂ ਸਭ ਕੁਝ ਉਨ੍ਹਾਂ ਨੂੰ ਸਾੜ ਰਿਹਾ ਹੈ, ਇਹ ਸਾਰੇ ਲੱਛਣ ਦਿਖਾਈ ਦਿੰਦੇ ਹਨ। 'ਬੱਚਿਆਂ ਵਿੱਚ ਇਸ ਤਰ੍ਹਾਂ ਦੇ ਡਰ ਨੂੰ ਖਤਮ ਕਰਨ ਵਿੱਚ ਸਿਰਫ਼ ਅਧਿਆਪਕ ਹੀ ਨਹੀਂ ਸਗੋਂ ਮਾਪੇ ਵੀ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਹਨ 'ਸਕੂਲ ਵਿੱਚ, ਅਧਿਆਪਕਾਂ ਨੂੰ ਬੱਚਿਆਂ ਨੂੰ ਪ੍ਰੇਰਣਾਦਾਇਕ ਕਹਾਣੀਆਂ ਸੁਣਾਉਣੀਆਂ ਚਾਹੀਦੀਆਂ ਹਨ ਤਾਂ ਜੋ ਉਹ ਪ੍ਰੇਰਿਤ ਹੋਣ ਅਤੇ ਪੂਰੀ ਲਗਨ ਨਾਲ ਪੜ੍ਹਾਈ ਕਰਨ।

ਅਧਿਆਪਕਾਂ ਨੂੰ ਬੱਚਿਆਂ ਨੂੰ ਦੱਸਣਾ ਚਾਹੀਦਾ ਹੈ ਕਿ ਉਨ੍ਹਾਂ ਨੇ ਸਾਲ ਭਰ ਸਖ਼ਤ ਮਿਹਨਤ ਕੀਤੀ ਹੈ ਅਤੇ ਆਪਣੇ ਆਪ ਵਿੱਚ ਵਿਸ਼ਵਾਸ ਹੈ ਇਹ ਗੱਲ ਧਿਆਨ ਵਿੱਚ ਰੱਖੋ ਉਨ੍ਹਾਂ ਨੂੰ ਦੱਸੋ ਕਿ ਘਬਰਾਹਟ ਇੱਕ ਕੁਦਰਤੀ ਪ੍ਰਕਿਰਿਆ ਹੈ ਪਰ ਉਨ੍ਹਾਂ ਨੂੰ ਇਸਨੂੰ ਆਪਣੇ ਉੱਤੇ ਹਾਵੀ ਨਹੀਂ ਹੋਣ ਦੇਣਾ ਚਾਹੀਦਾ, ਖਾਸ ਕਰਕੇ ਪ੍ਰੀਖਿਆ ਵਾਲੇ ਦਿਨ ਜਾਂ ਇਸਦੇ ਆਲੇ ਦੁਆਲੇ ਦੇ ਦਿਨਾਂ ਵਿੱਚ ਕਿਉਂਕਿ ਘਬਰਾਹਟ ਕਾਰਨ, ਬੱਚਾ ਉਹ ਵੀ ਭੁੱਲ ਜਾਂਦਾ ਹੈ ਜੋ ਉਸਨੇ ਯਾਦ ਕੀਤਾ ਹੈ, ਜਿਸ ਨਾਲ ਪੂਰੇ ਸਾਲ ਦੀ ਮਿਹਨਤ ਖਰਾਬ ਹੋ ਜਾਂਦੀ ਹੈ ਬੱਚਿਆਂ ਨੂੰ ਇਹ ਗੱਲ ਸਰਲ ਤਰੀਕੇ ਨਾਲ ਸਮਝਾਓ ਸ਼ਾਹਰੁਖ ਖਾਨ ਦੀ ਫਿਲਮ 'ਚੱਕ ਦੇ! ਇੰਡੀਆ' ਵਿੱਚ, ਉਹ ਹਾਕੀ ਖਿਡਾਰੀਆਂ ਨੂੰ ਕਿਵੇਂ ਉਤਸ਼ਾਹਿਤ ਕਰਦੇ ਹਨ ਸਾਡੇ ਕੋਲ ਪ੍ਰੀਖਿਆ ਵਿੱਚ ਸਿਰਫ਼ 3 ਘੰਟੇ ਹਨ, ਇਸ ਸਮੇਂ ਵਿੱਚ ਸਹੀ ਜਵਾਬ ਲਿਖਣ ਵਾਲਾ ਜਿੱਤਦਾ ਹੈ ਪੂਰਾ ਸਾਲ ਸਖ਼ਤ ਮਿਹਨਤ ਕਰਨ ਤੋਂ ਬਾਅਦ ਇਨ੍ਹਾਂ ਤਿੰਨ ਘੰਟਿਆਂ ਵਿੱਚ ਚੰਗਾ ਪ੍ਰਦਰਸ਼ਨ ਕਰੋ, ਆਪਣਾ ਸਭ ਤੋਂ ਵਧੀਆ ਦਿਓ, ਇਹ ਮੌਕਾ ਵਾਰ-ਵਾਰ ਨਹੀਂ ਆਵੇਗਾ, ਯਾਦ ਰੱਖੋ ਜੇਤੂ ਰਾਜਾ ਹੁੰਦਾ ਹੈ ਮਾਪਿਆਂ ਦਾ ਸਮਰਥਨ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ ਘਰ ਦਾ ਮਾਹੌਲ ਪ੍ਰਦੂਸ਼ਿਤ ਨਹੀਂ ਹੋਣਾ ਚਾਹੀਦਾ ਬੱਚਿਆਂ ਨੂੰ ਜਿੰਨਾ ਹੋ ਸਕੇ ਪੜ੍ਹਾਈ ਕਰਨ ਲਈ ਉਤਸ਼ਾਹਿਤ ਕਰੋ ਉਨ੍ਹਾਂ ਪ੍ਰਤੀ ਦੋਸਤਾਨਾ ਬਣੋ ਉਨ੍ਹਾਂ ਦੇ ਸਾਹਮਣੇ ਪ੍ਰੀਖਿਆ ਨੂੰ ਹਊਆ ਨਾ ਬਣਾ ਕੇ ਪੇਸ਼ ਕਰੋ ਘਬਰਾਓ ਨਾ ਕਿਉਂਕਿ ਤੁਹਾਨੂੰ ਲੱਗ ਸਕਦਾ ਹੈ ਕਿ ਤੁਹਾਨੂੰ ਜ਼ਿੰਦਗੀ ਵਿੱਚ ਅਜਿਹੀਆਂ ਬਹੁਤ ਸਾਰੀਆਂ ਪ੍ਰੀਖਿਆਵਾਂ ਪਾਸ ਕਰਨੀਆਂ ਪੈਣਗੀਆਂ ਪੂਰੇ ਉਤਸ਼ਾਹ ਨਾਲ ਪੜ੍ਹਾਈ ਕਰੋ ਅਤੇ ਆਪਣੇ ਯਤਨਾਂ ਵਿੱਚ ਕੋਈ ਕਸਰ ਨਾ ਛੱਡੋ ਆਪਣੀ ਯੋਗਤਾ, ਆਤਮਵਿਸ਼ਵਾਸ ਅਤੇ ਮਿਹਨਤ 'ਤੇ ਪੂਰਾ ਵਿਸ਼ਵਾਸ ਰੱਖੋ ਅੰਤ ਤੱਕ ਉਤਸ਼ਾਹ ਅਤੇ ਸਕਾਰਾਤਮਕ ਸੋਚ ਨਾਲ ਭਰਪੂਰ ਰਹੋ ਤਾਂ ਜੋ ਨਕਾਰਾਤਮਕ ਵਿਚਾਰ ਜਾਂ ਗੁੱਸਾ ਤੁਹਾਡੇ 'ਤੇ ਹਾਵੀ ਨਾ ਹੋ ਜਾਣ, ਵਿਸ਼ਵਾਸ ਕਰੋ, ਕੋਈ ਵੀ ਸ਼ਕਤੀ ਤੁਹਾਨੂੰ ਹਿਲਾ ਨਹੀਂ ਸਕੇਗੀ।



**ਕੁਸੁਮ ਲਤਾ**
**ਸੰਪ : 98760-215303**


# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਜਥੇਬੰਦਕ ਕਨਵੈਨਸ਼ਨ ਸਫਲਤਾ ਪੂਰਵਕ ਸੰਪੰਨ

## ਕੇਂਦਰ ਸਰਕਾਰ ਚੱਲ ਰਹੇ ਸੈਸ਼ਨ ਦੌਰਾਨ ਤਜ਼ਰਬੇਕਾਰ ਅਣਰਜਿਸਟਰਡ ਪ੍ਰੈਕਟੀਸ਼ਨਰਾਂ ਦਾ ਮਸਲਾ ਕਰੇ ਹੱਲ : ਗੋਇਲ

ਜ਼ਿਕਰ ਪੰਜਾਬ


**ਮਲੋਟ/ਨਰਿੰਦਰ ਵਧਵਾ/ਗੁਰਨਾਮ ਰੱਥੜੀਆ**

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਸੂਬਾਈ ਫੈਸਲੇ ਅਨੁਸਾਰ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਰੋਇਲ ਹੋਟਲ ਅਬੋਹਰ ਰੋਡ, ਮਲੋਟ ਵਿਖੇ ਸੂਬਾਈ ਅਤੇ ਭਰਾਤਰੀ ਜਥੇਬੰਦੀਆਂ ਦੇ ਆਗੂਆਂ ਦੀ ਵਿਸ਼ੇਸ਼ ਆਮਦ ਤੇ ਸਫਲਤਾ ਪੂਰਵਕ ਸੰਪਨ ਹੋਈ। ਜ਼ਿਲ੍ਹਾ ਪ੍ਰਧਾਨ ਅਮਨ ਨਾਰੰਗ, ਸਕੱਤਰ ਜਤਿੰਦਰ ਸਿੰਘ ਬਾਠ, ਮਹਿੰਦਰ ਸਿੰਘ ਪੰਨੀਵਾਲਾ ਜ਼ਿਲ੍ਹਾ ਅਤੇ ਬਲਾਕ ਆਗੂਆਂ ਦੀ ਅਗਵਾਈ ਵਿੱਚ ਜ਼ਿਲੇ ਦੇ ਮੈਂਬਰ ਸਾਥੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ ਕਨਵੈਨਸ਼ਨ ਦੀ ਸ਼ੁਰੂਆਤ ਵਿੱਚ ਸੂਬਾ ਕਮੇਟੀ ਮੈਂਬਰ ਰਜਿੰਦਰ ਸਿੰਘ ਔਲਖ ਵੱਲੋਂ ਹਾਜ਼ਰੀਨ ਨੂੰ ਜੀ ਆਇਆਂ ਆਖਿਆ ਅਤੇ ਪਿਛਲੇ ਦਿਨੀਂ ਲੋਕ ਸੰਘਰਸ਼ਾਂ ਅਤੇ ਜਥੇਬੰਦਕ ਪਰਿਵਾਰਾਂ ਵਿੱਚੋਂ ਵਿਛੜਿਆਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਗਈ ਅਤੇ ਪਹੁੰਚੇ ਆਗੂਆਂ ਵੱਲੋਂ ਜਥੇਬੰਦੀ ਦਾ ਝੰਡਾ ਅਕਾਸ਼ ਗੁੰਜਾਊ ਨਾਹਰਿਆਂ ਦੀ ਗੂੰਜ ਲਹਿਰਾਇਆ ਗਿਆ। ਕਨਵੈਨਸ਼ਨ ਵਿੱਚ ਉਚੇਚੇ ਤੌਰ ਤੇ ਪਹੁੰਚੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ, ਸੀਨੀਅਰ ਵਾਇਸ ਪ੍ਰਧਾਨ ਸੀ ਆਰ ਸ਼ੰਕਰ, ਰਜਿੰਦਰ ਸਿੰਘ ਔਲਖ , ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਰਾਜ ਕਰਿਸਨ ਜੋਸ਼ਨ , ਸਕੱਤਰ ਨੰਦ ਲਾਲ, ਕੈਸ਼ੀਅਰ ਪ੍ਰਸ਼ੋਤਮ ਸ਼ਰਮਾ ਨੇ ਸ਼ਿਰਕਤ ਕੀਤੀ। ਸੰਬੋਧਨ ਕਰਦਿਆਂ ਪੰਜਾਬ ਸਰਕਾਰ ਵੱਲੋ ਪਿੰਡ ਜਿਉਂਦ ਵਿਖੇ ਪੁਲਿਸ ਵੱਲੋਂ ਅੰਧਾਧੁੰਦ ਲਾਠੀਚਾਰਜ ਅਤੇ ਪੱਤਰਕਾਰ ਭਾਈਚਾਰੇ ਤੇ ਕੀਤੀ ਬੇਵਜ੍ਹਾ ਪਰਚੇ ਦੀ ਸਖਤ ਸਬਦਾਂ ਵਿੱਚ ਨਿੰਦਾ ਕੀਤੀ ਅਤੇ ਮੰਗ ਕੀਤੀ ਕਿ ਕਿਸਾਨਾਂ ਤੇ ਤਸ਼ੱਦਦ ਕਰਨ ਵਾਲੇ ਜ਼ੁਮੇਵਾਰ ਅਧਿਕਾਰੀਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਸੀ ਆਰ ਸ਼ੰਕਰ ਭਰਾਤਰੀ ਜਥੇਬੰਦੀਆਂ ਦੇ ਆਗੂਆਂ ਦਵਿੰਦਰ ਸਿੰਘ ਨੇ ਮੌਜੂਦਾ ਹਾਲਤਾਂ ਦਾ ਜ਼ਿਕਰ ਕਰਦਿਆਂ ਭਵਿੱਖੀ ਦਰਪੇਸ਼ ਚੁਣੋਤੀਆਂ ਦਾ ਜ਼ਿਕਰ ਕੀਤਾ



ਕਿ ਕੇਂਦਰ ਸਰਕਾਰ ਕਿਵੇਂ ਦੇਸ਼ ਦੀ ਧਰੋਹਰ ਕੁਦਰਤੀ ਸੋਮਿਆਂ ਨੂੰ ਦੇਸ਼ੀ ਵਿਦੇਸ਼ੀ ਕਾਰਪੋਰੇਟਾਂ ਹੱਥ ਵੇਚ ਰਹੀ ਹੈ ਅਤੇ ਲੋਕ ਮਾਰੂ ਨੀਤੀਆਂ ਬਿਜਲੀ ਸੋਧ ਬਿੱਲ, ਬੀਜ਼ ਬਿਲ, ਲੇਬਰ ਕੋਡ , ਅਮਰੀਕਾ ਨਾਲ ਵਪਾਰ ਮੁਕਤ ਸਮਝੌਤਾ ਅਤੇ ਮਜ਼ਦੂਰ ਪੱਖੀ ਮਗਨਰੇਗਾ ਸਕੀਮ ਨੂੰ ਤੋੜ ਮਰੋੜ ਕੇ 'ਜੀ ਰਾਮ ਜੀ' ਦੇ ਨਾਂ ਹੇਠ ਅੱਖੀਂ ਘੱਟਾ ਪਾਇਆ ਜਾ ਰਿਹਾ ਹੈ ਅਤੇ ਨਿੱਜੀਕਰਨ, ਵਪਾਰੀ ਕਰਨ ਅਤੇ ਉਦਾਰੀਕਰਨ ਦੀਆਂ ਨੀਤੀਆਂ ਹੇਠ ਪਬਲਿਕ ਸੈਕਟਰ ਦੀਆਂ ਸਹੂਲਤਾਂ ਨੂੰ ਖ਼ਤਮ ਕਰਕੇ ਰੁਜ਼ਗਾਰ, ਸਿਹਤ ਸੇਵਾਵਾਂ ਅਤੇ ਸਿੱਖਿਆ ਦੇ ਖੇਤਰ ਨੂੰ ਤਹਿਸ ਨਹਿਸ਼ ਕੀਤਾ ਜਾ ਰਿਹਾ ਹੈ ਤਰ੍ਹਾਂ ਤਰ੍ਹਾਂ ਦੇ ਲੋਕ ਲੁਭਾਵਣੇ ਵਾਅਦੇ ਅਤੇ ਨਾਹਰਿਆਂ ਨਾਲ ਮੁੜ ਸਤਾ ਤੇ ਕਾਬਜ਼ ਹੋਣ ਦੀਆਂ ਸਕੀਮਾਂ ਘੜੀਆਂ ਜਾ ਰਹੀਆਂ ਹਨ।

ਕੇਂਦਰ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਦੇ ਹਿੱਤਾ ਨੂੰ ਮੁੱਖ ਰੱਖ ਕੇ ਲਗਾਤਾਰ ਸੰਵਿਧਾਨ ਵਿੱਚ ਸੋਧਾਂ ਕੀਤੀਆਂ ਜਾ ਰਹੀਆਂ ਹਨ।ਇਸ ਸਮੇਂ ਨਿਆਂ ਪ?ਣਾਲੀ ਵੀ ਸਵਾਲਾਂ ਦੇ ਘੇਰੇ ਵਿੱਚ ਹੈ। ਵੱਡੀ ਗਿਣਤੀ ਵਿੱਚ ਲੋਕ ਵਿਰੋਧੀ ਫੈਸਲਿਆਂ ਕਾਰਣ ਲੋਕਾਂ ਦਾ ਨਿਆਂ ਪ੍ਰਣਾਲੀ ਤੋਂ ਵਿਸ਼ਵਾਸ ਉਠਦਾ ਜਾ ਰਿਹਾ ਹੈ। ਪਿਛਲੇ ਦਿਨੀਂ ਮਾਣਯੋਗ



ਸੁਪਰੀਮ ਕੋਰਟ ਵੱਲੋਂ ਤਜਰਬੇਕਾਰ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਖਿਲਾਫ਼ ਫੈਸਲਾ ਇਸ ਦੀ ਤਾਜ਼ਾ ਮਿਸ਼ਾਲ ਹੈ। ਇੱਕ ਪਾਸੇ ਸਰਕਾਰ ਵੱਲੋਂ ਨਿਗੂਣੀਆਂ ਸਿਹਤ ਸਹੂਲਤਾਂ ਹਨ ਅਤੇ ਦੂਸਰੇ ਪਾਸੇ ਸਵੈ ਰੁਜ਼ਗਾਰ ਚਲਾ ਰਹੇ ਵੱਡੀ ਗਿਣਤੀ ਮੈਡੀਕਲ ਪ੍ਰੈਕਟੀਸ਼ਨਰਾਂ ਦੇ ਕਿੱਤੇ ਨੂੰ ਉਜਾੜਨ ਦੇ ਰਾਹ ਪਈ ਹੋਈ ਹੈ ਚੋਣਾਂ ਮੌਕੇ ਅਤੇ ਪੈਨਲ ਮੀਟਿੰਗ ਵਿੱਚ ਬੇਸ਼ੱਕ ਪੰਜਾਬ ਸਰਕਾਰ ਵੱਲੋਂ ਸ਼ਾਰਟ ਟਰਮ ਟ੍ਰੇਨਿੰਗ ਦੇਣ ਦਾ ਵਾਅਦਾ ਕੀਤਾ ਗਿਆ ਪ੍ਰੰਤੂ ਹੁਣ ਇਸ ਸਮਾਜਿਕ ਮਸਲੇ ਨੂੰ ਕਾਨੂੰਨੀ ਅੜਚਨਾਂ ਦੇ ਨਾਂ ਹੇਠ ਅਣਗੌਲਿਆਂ ਕੀਤਾ ਜਾ ਰਿਹਾ ਹੈ ਜਿਸਨੂੰ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸਬਕ ਸਿਖਾਇਆ ਜਾਵੇਗਾ । ਸੂਬਾ ਪ੍ਰਧਾਨ ਗੋਇਲ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਚੱਲ ਰਹੇ ਲੋਕ ਸਭਾ ਦੇ ਸੈਸ਼ਨ ਦੌਰਾਨ ਦੇਸ਼ ਵਿੱਚ ਮੁਢਲੀਆਂ ਸਿਹਤ ਸੇਵਾਵਾਂ ਦੇ ਰਹੇ 60 ਲੱਖ ਦੇ ਕਰੀਬ ਤਜਰਬੇਕਾਰ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਸ਼ਾਰਟ ਟਰਮ ਟ?ਰੇਨਿੰਗ ਬ੍ਰਿਜ ਕੋਰਸ ਕਰਵਾ ਕੇ ਮੁਢਲੀਆਂ ਸਿਹਤ ਸੇਵਾਵਾਂ ਅਤੇ ਸਰਕਾਰ ਵੱਲੋਂ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਦਿੱਤੀਆਂ ਜਾ ਰਹੀਆਂ ਸੇਵਾਵਾਂ ਵਿੱਚ ਵੀ ਵਲੰਟੀਅਰ ਵਜੋਂ ਸ਼ਾਮਲ ਕੀਤਾ ਜਾਵੇ ਅਤੇ ਕਿਹਾ ਕਿ ਪੰਜਾਬ ਦੇ ਮੈਂਬਰ ਪਾਰਲੀਮੈਂਟ ਰਾਹੀਂ ਕੁਝ ਸੂਬਿਆਂ ਵੱਲੋਂ ਪ੍ਰੈਕਟੀਸਨਰਾਂ ਲਈ ਟ੍ਰੇਨਿੰਗ ਦੇਣ ਸਬੰਧੀ ਕੀਤੀ ਚਾਰਾਜੋਈ ਨਾਲ ਸਬੰਧਤ ਦਸਤਾਵੇਜ਼ ਅਤੇ ਮੰਗ ਵੀ ਪ੍ਰਧਾਨ ਮੰਤਰੀ ਦੇ ਨਾਂ ਭੇਜਿਆ ਅਤੇ ਪੰਜਾਬ ਦੇਸ਼ ਭਰ ਮੈਂਬਰ ਪਾਰਲੀਮੈਂਟ ਨੂੰ ਮੌਜੂਦਾ ਸੈਸ਼ਨ ਦੌਰਾਨ ਇਸ ਸਮਾਜਿਕ ਅਤੇ ਗੰਭੀਰ ਮੰਗ ਨੂੰ ਉਠਾਉਣ ਦੀ ਪੁਰਜ਼ੋਰ ਅਪੀਲ ਕੀਤੀ ਅਤੇ ਸਾਥੀਆਂ ਨੂੰ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਅਤੇ ਲਾਮਬੰਦ ਕਰਨ ਲਈ ਜ਼ਾਬਤੇ ਵਿੱਚ ਰਹਿੰਦਿਆਂ ਨਿੱਜਤਾ ਤੋਂ ਉੱਪਰ ਉੱਠ ਸਹਿਣਸ਼ੀਲਤਾ ਅਤੇ ਮਿਲਵਰਤਨ ਦੀ ਭਾਵਨਾ ਨਾਲ ਭਰਾਤਰੀ ਸਾਂਝ ਨੂੰ ਹੋਰ ਮਜ਼ਬੂਤ ਕਰਦਿਆਂ ਸਾਂਝੀਆਂ ਮੰਗਾਂ ਲਈ ਵਿਸ਼ਾਲ ਅਤੇ ਸਾਂਝੇ ਸੰਘਰਸ਼ਾਂ ਲਈ ਤੱਤਪਰ ਰਹਿਣ ਦਾ ਸੱਦਾ ਦਿੱਤਾ। ਸਮਾਜ ਵਿਰੋਧੀ ਨਸ਼ਾ ਅਤੇ ਭਰੂਣ ਹੱਤਿਆਂ ਵਰਗੀਆਂ ਅਲਾਮਤਾਂ ਖਿਲਾਫ ਪਿਰਤ ਅਨੁਸਾਰ ਸਾਂਝੇ ਯਤਨ ਹੋਰ ਤਨਦੇਹੀ ਨਾਲ ਜ਼ਾਰੀ ਰੱਖਣ ਅਤੇ ਪਿਰਤ ਅਨੁਸਾਰ ਸਾਫ਼ ਸੁਥਰੀਆਂ ਸੇਵਾਵਾਂ ਜਾਰੀ ਰੱਖਣ ਦਾ ਵੀ ਅਹਿਦ ਕਰਨ ਅਤੇ ਜਥੇਬੰਦੀ ਦਾ ਬੈਜ ਅਤੇ ਹੱਥ ਪਰਚਾ ਵੀ ਰੀਲੀਜ ਕੀਤਾ ਗਿਆ। ਜਿਲਾ ਕੈਸ਼ੀਅਰ ਯਾਦਵਿੰਦਰ ਹੰਸ, ਬਲਾਕ ਔਲਖ ਦੇ ਪ੍ਰਧਾਨ ਲਖਵਿੰਦਰ ਸਿੰਘ ਉਪਲ, ਮਲੋਟ ਦੇ ਪ੍ਰਧਾਨ ਧਰਮਪਾਲ , ਪੰਨੀਵਾਲਾ ਦੇ ਪ੍ਰਧਾਨ ਸੰਜੀਵ ਕੁਮਾਰ ਸੋਨੀ, ਮੁਕਤਸਰ ਦੇ ਪ੍ਰਧਾਨ ਜਗਜੀਤ ਸਿੰਘ ਸੰਧੂ , ਬਲਾਕ ਸਿੱਖ ਵਾਲਾ ਦੇ ਪ੍ਰਧਾਨ ਮਲਕੀਤ ਸਿੰਘ ਖੁੱਡੀਆਂ, ਬਲਾਕ ਕੋਟ ਭਾਈ ਦੇ ਪ੍ਰਧਾਨ ਸੁਰਜੀਤ ਸਿੰਘ ਖਾਲਸਾ ਅਤੇ ਵਿਸ਼ੇਸ਼ ਤੌਰ ਤੇ ਪਹੁੰਚੇ ਪੱਤਰਕਾਰ ਸਾਥੀਆਂ ਸਮੇਤ ਆਗੂ ਸਾਥੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਵਿਕਰਮਜੀਤ, ਮਨਛਿੰਦਰ ਮਿੰਟੂ, ਸਤੀਸ਼ ਕੁਮਾਰ ਬਠਲਾ, ਬੂਟਾ ਸਿੰਘ ਅਤੇ ਵੱਡੀ ਗਿਣਤੀ ਮੈਡੀਕਲ ਪ੍ਰੈਕਟੀਸ਼ਨਰ ਸਾਥੀਆਂ ਨੇ ਸ਼ਮੂਲੀਅਤ ਕੀਤੀ।



# ਪੰਜਾਬ ਭਾਜਪਾ ਖਜਾਨਚੀ ਗੁਰਦੇਵ ਸ਼ਰਮਾ ਦੇਬੀ ਨੇ ਡਾ. ਏ.ਵੀ.ਐਮ ਸਕੂਲ ਨੂੰ ਵਾਟਰ ਕੂਲਰ ਡੋਨੇਟ ਕੀਤੇ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਗਰਮੀਆਂ ਦੇ ਮੌਸਮ ਵਿੱਚ ਸਕੂਲੀ ਵਿਦਿਆਰਥੀਆਂ ਲਈ ਠੰਡੇ ਪਾਣੀ ਦੇ ਪ੍ਰਬੰਧਾਂ ਵਿੱਚ ਵਾਧਾ ਕਰਦੇ ਹੋਏ, ਸਮਾਜ ਸੇਵੀ ਅਤੇ ਪੰਜਾਬ ਭਾਜਪਾ ਦੇ ਖਚਾਂਚੀ ਗੁਰਦੇਵ ਸ਼ਰਮਾ ਦੇਬੀ ਵੱਲੋਂ ਅੱਜ ਡਾ. ਏ.ਵੀ.ਐਮ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਨੇੜੇ ਈਸਾ ਨਗਰੀ ਪੁੱਲੀ, ਲੁਧਿਆਣਾ, ਨੂੰ ਨਵਾਂ ਵਾਟਰ ਕੂਲਰ ਦਾਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ, ਦੇਬੀ ਨੇ ਕਿਹਾ ਕਿ ਸਕੂਲ ਵਿੱਚ ਪਹਿਲਾਂ ਤੋਂ ਬਹੁਤ ਸਾਰੇ ਵਾਟਰ ਕੂਲਰ ਲੱਗੇ ਹਨ, ਲੇਕਿਨ ਹਮੇਸ਼ਾ ਤੋਂ ਇੱਥੇ ਇੱਕ ਹੋਰ ਵਾਟਰ ਕੂਲਰ ਦੀ ਲੋੜ ਮਹਿਸੂਸ ਹੁੰਦੀ ਸੀ। ਉਹਨਾਂ ਨੇ ਕਿਹਾ ਕਿ ਉਹ ਸਮੇਂ ਸਮੇਂ ਸਕੂਲ ਵਿੱਚ ਆਯੋਜਿਤ ਸਮਾਗਮਾਂ ਦੌਰਾਨ ਆਉਂਦੇ ਰਹਿੰਦੇ ਹਨ। ਇਥੋਂ ਦੇ ਮਨੇਜਮੈਂਟ ਵੱਲੋਂ ਡਾ. ਏ.ਵੀ.ਐਮ ਐਜੂਕੇਸ਼ਨਲ ਸੁਸਾਇਟੀ ਦੇ ਮੁਖੀ ਰਾਜੀਵ ਕੁਮਾਰ ਲਵਲੀ ਦੀ ਅਗਵਾਈ ਹੇਠ ਲੋੜਵੰਦ ਵਰਗ ਦੇ ਬੱਚਿਆਂ ਲਈ ਕੀਤਾ ਜਾ ਰਿਹਾ ਇਹ ਉਪਰਾਲਾ ਸ਼ਲਾਘਾਯੋਗ ਹੈ। ਉਹ ਭਵਿੱਖ ਵਿੱਚ ਵੀ ਸਕੂਲੀ ਵਿਦਿਆਰਥੀਆਂ ਲਈ ਸੁਵਿਧਾ ਵਿੱਚ ਵਾਧਾ ਕਰਨ ਦੀ ਕੋਸ਼ਿਸ਼ ਕਰਦੇ ਰਹਿਣਗੇ। ਉਹਨਾਂ ਨੇ ਕਿਹਾ ਕਿ ਡਾ. ਏਵੀਐਮ ਪਬਲਿਕ ਸੀਨੀਅਰ ਸਕੈਂਡਰੀ ਸਕੂਲ ਲੁਧਿਆਣਾ ਦੇ ਸਰਮੋਰ ਸਕੂਲਾਂ ਵਿੱਚੋਂ ਇੱਕ ਹੈ। ਜਿੱਥੇ ਖੁਦ ਸੰਵਿਧਾਨ ਨਿਰਮਾਤਾ ਡਾ. ਬੀ ਆਰ ਅੰਬੇਡਕਰ ਸਾਹਿਬ ਦੇ ਚਰਨ ਪਏ ਸਨ। ਇਸੇ ਕਾਰਨ ਉਹ ਬਾਰ ਬਾਰ ਇਹ ਸਕੂਲ ਵਿੱਚ ਆਉਂਦੇ ਹਨ ਅਤੇ ਸਕੂਲ ਵਾਸਤੇ ਉਹਨਾਂ ਨੇ ਇਹ ਵਾਟਰ ਕੂਲਰ ਡੋਨੇਟ ਕੀਤਾ ਹੈ। ਲਵਲੀ ਨੇ ਕਿਹਾ ਕਿ ਡਾ. ਏ.ਵੀ.ਐਮ ਐਜੂਕੇਸ਼ਨਲ ਸੁਸਾਇਟੀ ਦਾ ਇੱਕੋਮਾਤਰ ਉਦੇਸ਼ ਸੰਵਿਧਾਨ ਨਿਰਮਾਤਾ ਡਾ. ਬੀ.ਆਰ. ਅੰਬੇਡਕਰ ਦੇ ਵਿਚਾਰਾਂ ਉੱਪਰ ਚੱਲ ਕੇ ਸਮਾਜ ਦੇ ਹਰ ਵਰਗ ਤੱਕ ਸਿੱਖਿਆ ਦਾ ਪ੍ਰਸਾਰ ਕਰਨਾ ਹੈ। ਉਹਨਾਂ ਨੇ ਕਿਹਾ ਕਿ ਸਕੂਲ ਵਿੱਚ ਪਹਿਲਾਂ ਤੋਂ ਵਾਟਰ ਕੂਲਰਾਂ ਰਾਹੀਂ ਵਿਦਿਆਰਥੀਆਂ ਲਈ ਠੰਡੇ ਪਾਣੀ ਦੀ ਵਿਵਸਥਾ ਹੈ, ਲੇਕਿਨ ਫਿਰ ਵੀ ਗਰਮੀ ਦੇ ਮੌਸਮ ਦੌਰਾਨ ਵਾਟਰ ਕੂਲਰ ਦੀ ਮੌਜੂਦਗੀ ਵਿਦਿਆਰਥੀਆਂ ਦੀ ਸੁਵਿਧਾ ਵਿੱਚ ਹੋਰ ਵਾਧਾ ਕਰਦੀ ਹੈ। ਉਹ ਗੁਰਦੇਵ ਸ਼ਰਮਾ ਦੇਬੀ ਦੇ ਧੰਨਵਾਦੀ ਹਨ, ਜਿਨਾਂ ਨੇ ਇਹ ਉਪਰਾਲਾ ਕੀਤਾ। ਅੰਤ ਵਿਚ, ਸਕੂਲ ਦੇ ਪ੍ਰਿੰਸੀਪਲ ਮਨੀਸ਼ਾ ਗਾਬਾ ਨੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਵੀ ਗੁਰਦੇਵ ਸ਼ਰਮਾ ਦੇਬੀ ਦਾ ਧੰਨਵਾਦ ਪ੍ਰਗਟਾਇਆ। ਜਿੱਥੇ ਦੇ ਵਾਈਸ ਪ੍ਰਿੰਸੀਪਲ ਅਮਿਤਾ ਰਾਜਨ, ਆਰਟ ਐਂਡ ਕਰਾਫਟ ਟੀਚਰ ਜਸਵਿੰਦਰ ਮੈਡਮ, ਹਰਸ਼ ਕਤਿਆਲ, ਨੇਹਾ ਮਨਚੰਦਾ, ਸੋਨੀਆ ਵੀ ਮੌਜੂਦ ਰਹੇ।

# ਬਿਜਲੀ ਮੁਲਾਜ਼ਮਾਂ ਵੱਲੋਂ ਪੰਜਾਬ ਭਰ 'ਚ ਪੰਜਾਬ ਸਰਕਾਰ ਖਿਲਾਫ ਪ੍ਰਦਰਸ਼ਨ

ਜ਼ਿਕਰ ਪੰਜਾਬ

**ਲੁਧਿਆਣਾ/ਅਸ਼ਵਨੀ ਅਹੂਜਾ**



ਪੰਜਾਬ ਸਰਕਾਰ ਵੱਲੋਂ ਜਿਲ੍ਹਾ ਤਰਨਤਾਰਨ ਦੇ ਪਿੰਡ ਸ਼ੇਰੋਂ ਦੀ ਖੰਡ ਮਿੱਲ ਦੀ ਜਮੀਨ ਪੁੱਡਾ ਨੂੰ ਤਬਦੀਲ ਕਰਨ ਦੇ ਵਿਰੋਧ ਵਿੱਚ ਸ਼ਾਂਤਮਈ ਧਰਨਾ ਦੇ ਰਹੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਅਤੇ ਬਿਜਲੀ ਮੁਲਾਜ਼ਮ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ (ਕਨਵੀਨਰ ਬਿਜਲੀ ਮੁਲਾਜਮ ਏਕਤਾ ਮੰਚ ਤੇ ਸੂਬਾ ਪ੍ਰਧਾਨ ਪੀਐਸਈਬੀ ਇੰਪਲਾਈਜ ਫੈਡਰੇਸ਼ਨ ਏਟਕ) ਨੂੰ ਪੁਲਿਸ ਵੱਲੋਂ ਗ੍ਰਿਫਤਾਰ ਕਰਨ ਨਾਲ ਪੰਜਾਬ ਭਰ ਦੇ ਬਿਜਲੀ ਮੁਲਾਜਮਾਂ ਦਾ ਪਾਰਾ ਵਧ ਗਿਆ ਹੈ। ਉਨ੍ਹਾਂ ਵੱਲੋਂ ਇਸਦੀ ਨਿਖੇਧੀ ਕਰਦਿਆਂ ਅੱਜ ਪੰਜਾਬ ਭਰ 'ਚ ਜੁਆਇੰਟ ਫੋਰਮ ਦੇ ਕਨਵੀਨਰ ਰਤਨ ਸਿੰਘ ਮਜਾਰੀ ਦੇ ਆਦੇਸ਼ਾਂ ਉੱਤੇ ਡਵੀਜਨਾਂ ਤੇ ਸਬ ਡਵੀਜਨਾਂ 'ਚ ਗੇਟ ਰੈਲੀਆਂ ਕੀਤੀਆਂ ਗਈਆਂ। ਸੁੰਦਰ ਨਗਰ ਡਵੀਜਨ 'ਚ ਹੋਈ ਗੇਟ ਰੈਲੀ ਦੀ ਅਗਵਾਈ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ ਦੇ ਸੂਬਾ ਮੀਤ ਪ੍ਰਧਾਨ ਇੰਜ ਜਗਤਾਰ ਸਿੰਘ, ਪਾਵਰਕਾਮ ਐਂਡ ਟਰਾਂਸਕੋ ਪੈਂਸ਼ਨਰਜ ਯੂਨੀਅਨ (ਏਟਕ) ਦੇ ਸੂਬਾ ਮੀਤ ਪ੍ਰਧਾਨ ਕੇਵਲ ਸਿੰਘ ਬਨਵੈਤ, ਪੀਐਸਈਬੀ ਇੰਪਲਾਈਜ ਫੈਡਰੇਸ਼ਨ ਏਟਕ ਦੇ ਸਰਕਲ ਪ੍ਰਧਾਨ ਗੁਰਪ੍ਰੀਤ ਸਿੰਘ ਮਹਿਦੂਦਾਂ ਅਤੇ ਐਮਐਸਯੂ ਦੇ ਡਵੀਜਨ ਆਗੂ ਰਾਮਦਾਸ ਵੱਲੋਂ ਕੀਤੀ ਗਈ। ਸਾਰੇ ਮੁਲਾਜਮਾਂ ਨੇ ਇੱਕਸੁਰ 'ਚ ਸ੍ਰ ਗੰਡੀਵਿੰਡ ਦੀ ਗ੍ਰਿਫਤਾਰੀ ਦੀ ਨਿਖੇਧੀ ਕੀਤੀ ਅਤੇ ਉਨ੍ਹਾਂ ਨੂੰ ਬਿਨ੍ਹਾਂ ਸ਼ਰਤ ਰਿਹਾ ਕਰਨ ਦੀ ਮੰਗ ਕੀਤੀ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਸਮੇਤ ਗ੍ਰਿਫਤਾਰ ਕੀਤੇ 16 ਕਿਸਾਨ ਆਗੂਆਂ ਨੂੰ ਜਲਦ ਰਿਹਾ ਨਾ ਕੀਤਾ ਤਾਂ ਬਿਜਲੀ ਮੁਲਾਜਮ ਕਿਸਾਨ ਜੱਥੇਬੰਦੀਆਂ ਨੂੰ ਨਾਲ ਲੈਕੇ ਪੰਜਾਬ ਸਰਕਾਰ ਤਿੱਖਾ ਸੰਘਰਸ਼ ਸ਼ੁਰੂ ਕਰ ਦੇਣਗੇ। ਮਾਮਲੇ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਗੁਰਪ੍ਰੀਤ ਸਿੰਘ ਮਹਿਦੂਦਾਂ ਅਤੇ ਡਵੀਜਨ

**■ ਸੂਬਾਈ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ ਸਮੇਤ 17 ਕਿਸਾਨ ਆਗੂਆਂ ਦੀ ਗ੍ਰਿਫਤਾਰੀ ਦੀ ਨਿੰਦਾ ਕਰਦਿਆਂ ਕੀਤੀਆਂ ਗੇਟ ਰੈਲੀਆਂ**

ਪ੍ਰਧਾਨ ਬਹਾਦਰ ਸਿੰਘ ਲੁਹਾਰਾ ਨੇ ਦੱਸਿਆ ਕਿ ਬੇਲੋੜੇ ਖਰਚਿਆਂ ਕਾਰਨ ਕਰਜੇ ਹੇਠ ਦੱਬੀ ਪੰਜਾਬ ਸਰਕਾਰ ਡੰਗ ਟਪਾਉਣ ਲਈ ਬਿਜਲੀ ਨਿਗਮ ਤੋਂ ਇਲਾਵਾ ਹੋਰ ਜਨਤਿਕ ਜਾਇਦਾਦਾਂ ਵੇਚਣ ਲਈ ਤਰਲੋ ਮੱਛੀ ਹੋਈ ਪਈ ਹੈ ਜਿਸਦਾ ਵਿਰੋਧ ਬਿਜਲੀ ਮੁਲਾਜਮਾਂ ਦੀਆਂ ਜੱਥੇਬੰਦੀਆਂ ਅਤੇ ਕਿਸਾਨ ਯੂਨੀਅਨਾਂ ਕਰ ਰਹੀਆਂ ਹਨ। ਕੱਲ ਵੀ ਤਰਨਤਾਰਨ ਜਿਲ੍ਹਾ ਦੇ ਪਿੰਡ ਸ਼ੇਰੋਂ ਦੀ ਖੰਡ ਮਿੱਲ ਦੀ ਜਮੀਨ ਪੁੱਡਾ ਨੂੰ ਤਬਦੀਲ ਕਰਨ ਦੇ ਵਿਰੋਧ 'ਚ ਸਯੁੰਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਸ਼ਾਂਤਮਈ ਧਰਨਾ ਚੱਲ ਰਿਹਾ ਸੀ ਜਿੱਥੋਂ ਸਰਕਾਰ ਦੇ ਹੰਕਾਰ 'ਚ ਭੂਤਰੀ ਪੰਜਾਬ ਪੁਲਿਸ ਨੇ ਸ੍ਰ ਗੁਰਪ੍ਰੀਤ ਸਿੰਘ ਗੰਡੀਵਿੰਡ ਸਮੇਤ 16 ਕਿਸਾਨ ਆਗੂਆਂ ਨਛੱਤਰ ਸਿੰਘ ਮੁਗਲ ਚੱਕ, ਸੁਖਚੈਨ ਸਿੰਘ ਸਰਹਾਲੀ ਖੁਰਦ, ਰਤਨ ਸਿੰਘ ਢੰਡ, ਜੱਸਾ ਸਿੰਘ ਕੱਦ ਗਿੱਲ, ਦਵਿੰਦਰ ਸਿੰਘ ਗਰੇਵਾਲ, ਹੀਰਾ ਸਿੰਘ ਸਰਪੰਚ ਵਰਿਆਂ, ਗੁਰਭੇਜ ਸਿੰਘ ਨੰਦਪੁਰ, ਸੁਲੱਖਣ ਸਿੰਘ ਤੁੜ, ਅਮਰਜੀਤ ਸਿੰਘ ਤੁੜ, ਬਲਦੇਵ ਸਿੰਘ ਵਰਿਆਂ, ਪ੍ਰਤਾਪ ਸਿੰਘ ਵਰਿਆਂ, ਬਲਵਿੰਦਰ ਸਿੰਘ ਨੰਦਪੁਰ, ਬਲਜੀਤ ਸਿੰਘ, ਰਸ਼ਪਾਲ ਸਿੰਘ, ਗੁਰਦਿਆਲ ਸਿੰਘ ਵਰਨਾਲਾ ਅਤੇ ਦਲਜੀਤ ਸਿੰਘ ਦਿਆਲਪੁਰਾ ਨੂੰ ਗ੍ਰਿਫਤਾਰ ਕਰ ਲਿਆ। ਉਨ੍ਹਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਸਾਰੇ ਆਗੂ ਇਸ ਵਕਤ ਗੋਇੰਦਵਾਲ ਜੇਲ੍ਹ 'ਚ ਬੰਦ ਹਨ ਜਿਨ੍ਹਾਂ ਨੂੰ 3 ਮਾਰਚ ਨੂੰ ਐਸਡੀਐਮ ਤਰਨਤਾਰਨ ਪੇਸ਼ ਕੀਤਾ ਜਾਵੇਗਾ। ਸ੍ਰ ਮਹਿਦੂਦਾਂ ਅਤੇ ਲੁਹਾਰਾ ਨੇ ਕਿਹਾ ਕਿ ਇਸ ਗੱਲ ਨੂੰ ਲੈਕੇ ਸਮੁੱਚੇ ਬਿਜਲੀ ਮੁਲਾਜਮਾਂ 'ਚ ਵੱਡੇ ਪੱਧਰ 'ਤੇ ਰੋਸ ਹੈ ਅਤੇ ਉਹ ਕਿਸੇ ਵੀ ਦਿੱਤੇ ਸਖਤ ਸੰਘਰਸ਼ ਉੱਤੇ ਪਹਿਰਾ ਦੇਣ ਲਈ ਤਿਆਰ ਬਰ ਤਿਆਰ ਹਨ। ਇਸ ਮੌਕੇ ਇੰਜ ਗੁਰਪ੍ਰੀਤ ਸਿੰਘ, ਮੇਵਾ ਸਿੰਘ, ਬਲਵੀਰ ਚੰਦ, ਦੀਪਕ ਕੁਮਾਰ, ਅਮਰਜੀਤ ਸਿੰਘ, ਪ੍ਰਕਾਸ਼, ਰਾਮ ਅਵਧ, ਸ਼ਿਵ ਕੁਮਾਰ, ਪ੍ਰਵੀਨ, ਕਮਲਦੀਪ ਸਿੰਘ ਖਾਲਸਾ, ਕੇਸ਼ਵ ਦਿਆਲ, ਜੋਗਿੰਦਰ, ਵਿਨੋਦ ਕੁਮਾਰ, ਜਸਵਿੰਦਰ ਸਿੰਘ, ਅਵਤਾਰ ਸਿੰਘ, ਹਰਫੂਲ ਮਸੀਹ ਅਤੇ ਹੋਰ ਹਾਜਰ ਸਨ।



# ਇੰਟਰਾ-ਕਾਲਜ ਆਈ.ਟੀ ਮੁਕਾਬਲਾ "ਟੈਕਵੇਸਟ 2026" ਉਤਸਾਹ ਨਾਲ ਸੰਪੰਨ

ਜ਼ਿਕਰ ਪੰਜਾਬ

**ਲੁਧਿਆਣਾ/ਰਾਕੇਸ਼ ਅਰੋੜਾ**



ਅੰਤਰਰਾਸ਼ਟਰੀ ਸਾਇੰਸ ਦਿਨ ਨੂੰ ਸਮਰਪਿਤ "ਟੈਕਵੇਸਟ 2026"ਨਾਮਕ ਇੰਟਰਾ ਕਾਲਜ ਆਈ.ਟੀ ਮੁਕਾਬਲਾ 28 ਫਰਵਰੀ 2026 ਨੂੰ ਗੁਜਰਾਂਵਾਲਾ ਗੁਰੂ ਨਾਨਕ ਖਾਲਸਾ ਕਾਲਜ ਦੇ ਪੋਸਟ ਗ੍ਰੈਜੂਏਟ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਪੋਸਟਰ ਮੇਕਿੰਗ, ਟਾਈਪਿੰਗ ਮਾਸਟਰ, ਵੈੱਬਸਾਈਟ ਡਿਜਾਈਨਿੰਗ ਅਤੇ ਲੋਗੋ ਡਿਜਾਈਨਿੰਗ ਸਮੇਤ ਕਈ ਮੁਕਾਬਲੇ ਕਰਵਾਏ ਗਏ। ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਬੜੇ ਉਤਸਾਹ ਨਾਲ ਹਿੱਸਾ ਲਿਆ ਅਤੇ ਆਪਣੀ ਪ੍ਰਤਿਭਾ ਅਤੇ ਤਕਨੀਕੀ ਨਿਪੁੰਨਤਾ ਦਾ ਸਾਨਦਾਰ ਪ੍ਰਦਰਸ਼ਨ ਕੀਤਾ। ਹਰ ਸ਼ੇ?ਣੀ ਵਿੱਚ ਵਿਦਿਆਰਥੀਆਂ ਨੇ ਰਚਨਾਤਮਕਤਾ, ਕਾਬਲੀਅਤ ਅਤੇ ਨਵੀਨਤਾ ਦਾ ਬੇਮਿਸਾਲ ਪ੍ਰਦਰਸ਼ਨ ਕੀਤਾ। ਡਾ. ਐਸ. ਪੀ. ਸਿੰਘ, ਪ੍ਰਧਾਨ, ਜੀ.ਕੇ.ਈ.ਸੀ; ਸ. ਹਰਸ਼ਰਨ ਸਿੰਘ ਨਰੂਲਾ, ਮਾਣਯੋਗ ਜਨਰਲ ਸਕੱਤਰ, ਜੀ.ਕੇ.ਈ.ਸੀ; ਅਤੇ ਮਾਣਯੋਗ ਪ੍ਰਿੰਸੀਪਲ ਪ੍ਰੋ. ਆਰ. ਕੇ. ਮਲਹੋਤਰਾ ਨੇ ਵਿਭਾਗ ਵੱਲੋਂ ਵਿਦਿਆਰਥੀਆਂ ਵਿੱਚ ਡਿਜਟਿਲ ਯੋਗਤਾ ਅਤੇ ਰਚਨਾਤਮਕਤਾ ਨੂੰ ਉਤਸਾਹਿਤ ਕਰਨ ਲਈ ਕੀਤੀ ਗਈ ਇਸ ਪਹਿਲ ਦੀ ਪ੍ਰਸ਼ੰਸਾ ਕੀਤੀ। ਡਾ. ਆਸ਼ਾ ਰਾਣੀ, ਮੁਖੀ, ਪੀ. ਜੀ. ਕੰਪਿਊਟਰ ਸਾਇੰਸ ਵਿਭਾਗ ਨੇ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਵਿਦਿਆਰਥੀਆਂ ਵਿੱਚ ਰਚਨਾਤਮਕ ਸੋਚ ਨੂੰ ਵਿਕਸਿਤ ਕਰਨ, ਤਕਨੀਕੀ ਕਾਬਲੀਅਤ ਨੂੰ ਨਿਖਾਰਨ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਪ੍ਰੋ. ਸ਼ਰਨਜੀਤ ਕੌਰ, ਡਾ. ਮਨਦੀਪ ਕੌਰ ਅਤੇ ਪ੍ਰੋ. ਗੁਰਪ੍ਰੀਤ ਸਿੰਘ ਨੇ ਨਿਰਪੱਖਤਾ ਅਤੇ ਸੁਚੇਤ ਨਿਗਰਾਨੀ ਨਾਲ ਜੱਜ ਵਜੋਂ ਆਪਣੀ ਸੇਵਾ ਨਿਭਾਈ। ਇਸ ਸਮਾਗਮ ਦਾ ਸੰਯੋਜਨ ਡਾ. ਰਮਨਪ੍ਰੀਤ ਕੌਰ ਅਤੇ ਡਾ. ਜਸਲੀਨ ਕੌਰ ਵੱਲੋਂ ਬੜੀ ਸੁਚਾਰੂ ਤਰੀਕੇ ਨਾਲ ਕੀਤਾ ਗਿਆ, ਜਿਸ ਨਾਲ ਸਮਾਗਮ ਸਫਲਤਾਪੂਰਵਕ ਸੰਪੰਨ ਹੋਇਆ। ਅੰਤ ਵਿੱਚ ਜੇਤੂਆਂ ਦੇ ਐਲਾਨ ਅਤੇ ਸਾਰੇ ਭਾਗੀਦਾਰਾਂ ਨੂੰ ਆਪਣੀਆਂ ਤਕਨੀਕੀ ਕੁਸ਼ਲਤਾਵਾਂ ਨੂੰ ਹੋਰ ਨਿਖਾਰਦੇ ਰਹਿਣ ਲਈ ਪ੍ਰੇਰਕ ਸ਼ਬਦਾਂ ਨਾਲ ਸਮਾਰੋਹ ਦਾ ਸਫਲ ਸਮਾਪਨ ਕੀਤਾ ਗਿਆ।

# ਖੰਨਾ 'ਚ ਪੰਜਾਬ ਸਖੀ ਸ਼ਕਤੀ ਮੇਲਾ ਬਣਿਆ ਮਹਿਲਾ ਸਸ਼ਕਤੀਕਰਨ ਦੀ ਮਿਸਾਲ

## ਐਸ.ਡੀ.ਐਮ ਸਵਾਤੀ ਟਿਵਾਣਾ ਅਤੇ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੀ ਕਾਰਜਸ਼ੈਲੀ ਦੀ ਹਰ ਪਾਸੇ ਸ਼ਲਾਘਾ, ਕੈਬਨਿਟ ਮੰਤਰੀ ਸੌਂਦ ਨੇ ਵੀ ਕੀਤੀ ਤਾਰੀਫ

ਜ਼ਿਕਰ ਪੰਜਾਬ

**ਖੰਨਾ (ਲੁਧਿਆਣਾ)/ਦਿਵਿਆਂਸ਼ੂ ਸ਼ਰਮਾ**

ਪੰਜਾਬ ਸਰਕਾਰ ਵੱਲੋਂ ਮਹਿਲਾ ਸ਼ਕਤੀਕਰਨ ਅਤੇ ਪੰਜਾਬੀ ਸੱਭਿਆਚਾਰ ਨੂੰ ਹੋਰ ਪ੍ਰਫੁੱਲਿਤ ਕਰਨ ਦੇ ਮਕਸਦ ਨਾਲ ਕਰਵਾਏ ਜਾ ਰਹੇ ਪੰਜਾਬ ਸਖੀ ਸ਼ਕਤੀ ਮੇਲੇ ਲੋਕਾਂ ਵਿੱਚ ਬਹੁਤ ਹੀ ਲੋਕਪ੍ਰਿਯ ਹੋ ਰਹੇ ਹਨ। ਇਸੇ ਲੜੀ ਤਹਿਤ ਖੰਨਾ ਦੇ ਦੁਸਹਿਰਾ ਗਰਾਉਂਡ ਵਿਖੇ ਪਹਿਲੀ ਵਾਰ ਇਹ ਵਿਸ਼ਾਲ ਮੇਲਾ ਲਗਾਇਆ ਗਿਆ ਹੈ, ਜੋ 2 ਮਾਰਚ ਤੱਕ ਚੱਲੇਗਾ। ਇਹ ਮੇਲਾ ਨਾ ਸਿਰਫ ਮਹਿਲਾਵਾਂ ਨੂੰ ਸਵੈਰੋਜ਼ਗਾਰ ਅਤੇ ਸਸ਼ਕਤੀਕਰਨ ਵੱਲ ਪ੍ਰੇਰਿਤ ਕਰ ਰਿਹਾ ਹੈ, ਸਗੋਂ ਪੰਜਾਬੀ ਸਭਿਆਚਾਰ ਨੂੰ ਵੀ ਨਵੀਂ ਉਚਾਈਆਂ 'ਤੇ ਲੈ ਕੇ ਜਾ ਰਿਹਾ ਹੈ। ਇਸ ਵਿਸ਼ਾਲ ਅਤੇ ਅਹਿਮ ਮੇਲੇ ਨੂੰ ਸਫਲ ਬਣਾਉਣ ਵਿੱਚ ਦੋ ਜਾਂਬਾਜ ਮਹਿਲਾ ਅਫਸਰਾਂ ਦੀ ਭੂਮਿਕਾ ਬਹੁਤ ਹੀ ਕਾਬਿਲ-ਏ-ਤਾਰੀਫ ਹੈ। ਸਿਵਲ ਪ੍ਰਸ਼ਾਸਨ ਵੱਲੋਂ ਐਸ.ਡੀ.ਐਮ ਸਵਾਤੀ ਟਿਵਾਣਾ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਦਿਨ-ਰਾਤ ਮਿਹਨਤ ਕਰਕੇ ਇਸ ਮੇਲੇ ਨੂੰ ਸੁਚੱਜੇ ਢੰਗ ਨਾਲ ਸੰਭਾਲਿਆ। ਮੇਲੇ ਦੀ ਯੋਜਨਾ ਬਣਾਉਣ ਤੋਂ ਲੈ ਕੇ ਇਸਦੀ ਰੋਜ਼ਾਨਾ ਨਿਗਰਾਨੀ ਤੱਕ, ਦੋਵੇਂ ਅਧਿਕਾਰੀ ਬੇਹੱਦ ਸਰਗਰਮ ਅਤੇ ਸਮਰਪਿਤ ਨਜ਼ਰ ਆ ਰਹੇ ਹਨ। ਐਸ.ਡੀ.ਐਮ ਸਵਾਤੀ ਟਿਵਾਣਾ ਨੇ ਇਸ ਮੇਲੇ ਦੀ ਤਿਆਰੀਆਂ ਲਗਭਗ ਇੱਕ ਮਹੀਨਾ ਪਹਿਲਾਂ ਹੀ ਸ਼ੁਰੂ ਕਰ ਦਿੱਤੀਆਂ ਸਨ। ਉਨ੍ਹਾਂ ਨੇ ਵੱਖ-ਵੱਖ ਵਿਭਾਗਾਂ ਨਾਲ ਤਾਲਮੇਲ ਬਿਠਾ ਕੇ ਸਾਰੇ ਪ੍ਰਬੰਧਾਂ ਨੂੰ ਸਮੇਂ ਸਿਰ ਮੁਕੰਮਲ ਕਰਵਾਇਆ। ਸਟਾਲਾਂ ਦੀ ਸਥਾਪਨਾ, ਮਹਿਲਾ ਸਵੈ ਸਹਾਇਤਾ ਸਮੂਹਾਂ ਦੀ ਭਾਗੀਦਾਰੀ, ਸੱਭਿਆਚਾਰਕ ਪ੍ਰੋਗਰਾਮਾਂ ਦੀ ਯੋਜਨਾ, ਸਟਾਰ ਨਾਇਟ ਦੀ ਵਿਵਸਥਾ, ਸਾਫ਼-ਸਫ਼ਾਈ, ਬਿਜਲੀ, ਪਾਣੀ, ਮੈਡੀਕਲ ਸਹੂਲਤਾਂ ਅਤੇ ਪੀਣ ਵਾਲੇ ਪਾਣੀ ਵਰਗੀਆਂ ਬੁਨਿਆਦੀ ਸਹੂਲਤਾਂ ਉੱਤੇ ਉਹ ਖੁਦ ਨਿਗਰਾਨੀ ਕਰ ਰਹੇ ਹਨ। ਮੇਲੇ ਦੌਰਾਨ ਵੀ ਉਹ ਹਰ ਪਲ ਮੌਕੇ 'ਤੇ ਮੌਜੂਦ ਰਹਿ ਕੇ ਪ੍ਰਬੰਧਾਂ ਦੀ ਜਾਂਚ ਕਰਦੇ ਰਹਿੰਦੇ ਹਨ ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉੱਥੇ ਹੀ, ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਸੁਰੱਖਿਆ ਅਤੇ ਟਰੈਫਿਕ ਪ੍ਰਬੰਧਾਂ ਦੀ ਜ਼ਿੰਮੇਵਾਰੀ ਨੂੰ ਆਪਣੀ ਟੀਮ ਰਾਹੀਂ ਬਖੂਬੀ ਨਿਭਾਉਣ ਦੀ ਉਦਾਹਰਨ ਕਾਇਮ ਕੀਤੀ ਹੈ। ਮੇਲੇ ਦੌਰਾਨ ਰੋਜ਼ਾਨਾ 500 ਤੋਂ ਵੱਧ ਕਾਰਾਂ ਅਤੇ ਹੋਰ ਗੱਡੀਆਂ ਦੇ ਨਾਲ-ਨਾਲ





1000 ਤੋਂ ਵੱਧ ਦੋਪਹੀਆ ਵਾਹਨ ਆਉਂਦੇ ਹਨ। ਇੰਨੀ ਵੱਡੀ ਗਿਣਤੀ ਨੂੰ ਸੰਭਾਲਣਾ ਇੱਕ ਵੱਡੀ ਚੁਣੌਤੀ ਸੀ, ਪਰ ਪੁਲਿਸ ਪ੍ਰਸ਼ਾਸਨ ਨੇ ਬਿਹਤਰੀਨ ਯੋਜਨਾ ਨਾਲ ਇਸਨੂੰ ਆਸਾਨ ਬਣਾ ਦਿੱਤਾ। ਪਾਰਕਿੰਗ ਦੀ ਸੁਚੱਜੀ ਵਿਵਸਥਾ, ਟਰੈਫਿਕ ਦੀ ਸਮਰੱਥ ਮੈਨੇਜਮੈਂਟ, ਸਟਾਰ ਨਾਇਟ ਤੋਂ ਬਾਅਦ ਭੀੜ ਨੂੰ ਸੁਰੱਖਿਅਤ ਢੰਗ ਨਾਲ ਕੱਢਣਾ ਅਤੇ ਸੜਕਾਂ 'ਤੇ ਜਾਮ ਨਾ ਲੱਗਣ ਦੇ ਪ੍ਰਬੰਧ ਪੁਲਿਸ ਦੀ ਚੰਗੀ ਕਾਰਗੁਜ਼ਾਰੀ ਨੂੰ ਦਰਸਾਉਂਦੇ ਹਨ। ਸੁਰੱਖਿਆ ਦੇ ਮੱਦੇਨਜ਼ਰ ਇੱਕ ਅਸਥਾਈ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ, ਜਿੱਥੇ 93 ਸੀ.ਸੀ.ਟੀ.ਵੀ ਕੈਮਰਿਆਂ ਰਾਹੀਂ ਹਰ ਕੋਨੇ 'ਤੇ ਨਿਗਰਾਨੀ ਰੱਖੀ ਜਾ ਰਹੀ ਹੈ। 300 ਤੋਂ ਵੱਧ ਪੁਲਿਸ ਮੁਲਾਜ਼ਮ ਦਿਨ-ਰਾਤ ਤਾਇਨਾਤ ਕਰਕੇ ਮਹਿਲਾਵਾਂ, ਬੱਚਿਆਂ ਅਤੇ ਆਮ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਗਿਆ ਹੈ। ਇਸ ਦੇ ਨਾਲ-ਨਾਲ ਮਹਿਲਾ ਪੁਲਿਸ ਕਰਮਚਾਰੀਆਂ ਦੀ ਵੀ ਖ਼ਾਸ ਤੌਰ 'ਤੇ ਡਿਊਟੀ ਲਗਾਈ ਗਈ ਹੈ, ਤਾਂ ਜੋ ਮਹਿਲਾਵਾਂ ਖੁਦ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਮਹਿਸੂਸ ਕਰ ਸਕਣ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਸੋਚ ਅਤੇ ਲੋਕ-ਭਲਾਈ ਨੀਤੀਆਂ ਦਾ ਹੀ ਨਤੀਜਾ ਹੈ ਕਿ ਅਜਿਹੇ ਮੇਲੇ ਰਾਜ ਭਰ ਵਿੱਚ ਸਫਲਤਾਪੂਰਵਕ ਕਰਵਾਏ ਜਾ ਰਹੇ ਹਨ। ਇਹ ਮੇਲੇ ਮਹਿਲਾਵਾਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਹੋਣ, ਸਵੈਰੋਜ਼ਗਾਰ ਦੇ ਮੌਕੇ ਪ੍ਰਾਪਤ ਕਰਨ ਅਤੇ ਆਪਣੇ ਹੁਨਰ ਨੂੰ ਦਰਸਾਉਣ ਦਾ ਸ਼ਾਨਦਾਰ ਮੰਚ ਪ੍ਰਦਾਨ ਕਰ ਰਹੇ ਹਨ। ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਵੀ ਖੰਨਾ ਵਿਖੇ ਹੋ ਰਹੇ ਇਸ ਮੇਲੇ ਦੀ ਖੁੱਲ ਕੇ ਸ਼ਲਾਘਾ ਕਰਦਿਆਂ ਐਸ.ਡੀ.ਐਮ ਸਵਾਤੀ ਟਿਵਾਣਾ ਅਤੇ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੀ ਕਾਰਜਸ਼ੈਲੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਦੋਵੇਂ ਅਧਿਕਾਰੀ ਬੇਹੱਦ ਮਿਹਨਤੀ, ਇਮਾਨਦਾਰ ਅਤੇ ਲੋਕ-ਸੇਵਾ ਭਾਵਨਾ ਨਾਲ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਦੀ ਸਮਰਪਿਤ ਮਿਹਨਤ ਸਦਕਾ ਹੀ ਖੰਨਾ 'ਚ ਇਹ ਮੇਲਾ ਇਤਿਹਾਸਕ ਸਫਲਤਾ ਹਾਸਲ ਕਰ ਰਿਹਾ ਹੈ। ਸ਼ਹਿਰ ਵਾਸੀਆਂ ਅਤੇ ਦੂਰ-ਦਰਾਡੇ ਤੋਂ ਆਉਣ ਵਾਲੇ ਹੋਰ ਲੋਕਾਂ ਵੱਲੋਂ ਵੀ ਮੇਲੇ ਦੇ ਪ੍ਰਬੰਧਾਂ ਦੀ ਖੁੱਲ ਕੇ ਤਾਰੀਫ ਕੀਤੀ ਜਾ ਰਹੀ ਹੈ। ਲੋਕਾਂ ਦਾ ਕਹਿਣਾ ਹੈ ਕਿ ਇੰਨੇ ਵੱਡੇ ਪੱਧਰ 'ਤੇ ਸੁਚੱਜੇ ਪ੍ਰਬੰਧ ਪਹਿਲੀ ਵਾਰ ਦੇਖਣ ਨੂੰ ਮਿਲ ਰਹੇ ਹਨ। ਸੁਰੱਖਿਆ, ਸਾਫ਼-ਸਫ਼ਾਈ, ਪਾਰਕਿੰਗ ਅਤੇ ਮਨੋਰੰਜਨ ਦੇ ਸਾਰੇ ਪ੍ਰਬੰਧ ਬੇਮਿਸਾਲ ਹਨ। ਕੁੱਲ ਮਿਲਾ ਕੇ ਖੰਨਾ ਵਿੱਚ ਲੱਗਾ ਪੰਜਾਬ ਸਖੀ ਸ਼ਕਤੀ ਮੇਲਾ ਸਿਰਫ ਇੱਕ ਸਮਾਗਮ ਨਹੀਂ, ਸਗੋਂ ਮਹਿਲਾ ਸ਼ਕਤੀਕਰਨ, ਪੰਜਾਬੀ ਸੱਭਿਆਚਾਰ ਅਤੇ ਸਰਕਾਰੀ ਪ੍ਰਸ਼ਾਸਨ ਦੀ ਮਿਹਨਤ ਦਾ ਪ੍ਰਤੱਖ ਪ੍ਰਮਾਣ ਹੈ, ਜੋ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਪ੍ਰੇਰਨਾਦਾਇਕ ਸਾਬਤ ਹੋਵੇਗਾ।

# ਰਾਹੁਲ ਗਾਂਧੀ ਦੀ ਕਿਰਤੀਆਂ, ਕਿਸਾਨਾਂ ਅਤੇ ਸਨਅਤਕਾਰਾਂ ਲਈ ਲੜੀ ਜਾ ਰਹੀ ਲੜਾਈ ਵਿੱਚ ਹਰ ਭਾਰਤੀ ਉਹਨਾਂ ਨਾਲ ਚਟਾਨ ਵਾਂਗ ਖੜ੍ਹਾ ਹੈ : ਬਾਵਾ

ਜ਼ਿਕਰ ਪੰਜਾਬ

**ਲੁਧਿਆਣਾ/ਅਸ਼ਵਨੀ ਅਹੂਜਾ**




ਹਲਕਾ ਦੱਖਣੀ ਲੁਧਿਆਣਾ ਤੋਂ ਬਰਨਾਲਾ ਵਿਖੇ ਮਨਰੇਗਾ ਬਚਾਓ ਰੈਲੀ ਲਈ ਜਾਣ ਸਮੇਂ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਕੁੱਲ ਹਿੰਦ ਕਾਂਗਰਸ (ਓ.ਬੀ.ਸੀ) ਇੰਚਾਰਜ ਹਿਮਾਚਲ ਪ੍ਰਦੇਸ਼ ਨੇ ਕਿਹਾ ਕਿ ਭਾਰਤ ਦਾ ਭਵਿੱਖ ਯੁਵਾ ਨੇਤਾ ਰਾਹੁਲ ਗਾਂਧੀ ਦੀ ਕਿਰਤੀਆਂ, ਕਿਸਾਨਾਂ ਅਤੇ ਸਨਅਤਕਾਰਾਂ ਲਈ ਲੜੀ ਜਾ ਰਹੀ ਲੜਾਈ ਵਿੱਚ ਹਰ ਭਾਰਤੀ ਉਹਨਾਂ ਦੇ ਨਾਲ ਚਟਾਨ ਵਾਂਗ ਖੜ੍ਹਾ ਹੈ। ਇਸ ਸਮੇਂ ਸੀਨੀਅਰ ਨੇਤਾ ਰਮੇਸ਼ ਜੋਸ਼ੀ ਜਨਰਲ ਸਕੱਤਰ ਪੀ.ਪੀ.ਸੀ.ਸੀ., ਗੁਰਨਾਮ ਸਿੰਘ ਕਲੇਰ ਜਰਨਲ ਸਕੱਤਰ ਓ.ਬੀ.ਸੀ, ਮਾਸਟਰ ਹਰੀਦੇਵ ਬਾਵਾ ਜਨਰਲ ਸਕੱਤਰ ਓ.ਬੀ.ਸੀ, ਰਾਕੇਸ਼ ਗੋਇਲ, ਵਰਿੰਦਰ ਭੱਲਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਬਾਵਾ ਨੇ ਕਿਹਾ ਕਿ ਮਨਰੇਗਾ ਬਚਾਓ ਬਰਨਾਲਾ ਰੈਲੀ 'ਆਪ', ਅਕਾਲੀ ਅਤੇ ਭਾਜਪਾ ਦੀ ਬੋਲਤੀ ਬੰਦ ਕਰ ਦੇਵੇਗੀ। ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਹੀ ਹੈ ਜਿਸ ਨੇ ਪੰਜਾਬ ਦੇ ਸਰਬਪੱਖੀ ਵਿਕਾਸ ਲਈ ਇਤਿਹਾਸਿਕ ਯੋਗਦਾਨ ਪਾਇਆ ਹੈ। ਉਹਨਾਂ ਕਿਹਾ ਕਿ 'ਆਪ' ਪਾਰਟੀ ਦੇ ਨੇਤਾ ਮਜ਼ਾਕ, ਚੁਟਕਲੇ, ਝੂਠੇ ਨਾਅਰੇ, ਝੂਠੇ ਵਾਅਦਿਆਂ ਦੀ ਰਾਜਨੀਤੀ ਕਰਕੇ ਪੰਜਾਬੀਆਂ ਨੂੰ ਗੁੰਮਰਾਹ ਕਰ ਰਹੇ ਹਨ। ਬਾਵਾ ਨੇ ਕਿਹਾ ਕਿ ਅਕਾਲੀ ਦਲ ਅਤੇ ਭਾਜਪਾ ਨੇ ਧਰਮ ਦੇ ਨਾਂ 'ਤੇ ਸਮਾਜ ਦੀਆਂ ਵੰਡੀਆਂ ਪਾ ਕੇ ਹਮੇਸ਼ਾ ਸਿਆਸੀ ਰੋਟੀਆਂ ਸੇਕੀਆਂ ਹਨ। ਉਹਨਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕਰਨ ਦੀ ਬਜਾਏ ਅਕਾਲੀ ਦਲ 6 ਮਹੀਨੇ ਤਿੰਨ ਕਿਸਾਨ ਮਾਰੂ ਬਿੱਲਾਂ ਦੀ ਵਕਾਲਤ ਕਰਦਾ ਰਿਹਾ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੀ ਯਾਦਦਾਸ਼ਤ ਇੰਨੀ ਕਮਜ਼ੋਰ ਨਹੀਂ ਜਿੰਨੀ ਅਕਾਲੀ ਦਲ ਸਮਝ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੀ ਮੋਦੀ ਸਰਕਾਰ ਭਾਰਤ ਨੂੰ ਅੰਡਾਨੀ, ਅੰਬਾਨੀ ਕੋਲ ਗਹਿਣੇ ਰੱਖ ਰਹੀ ਹੈ ਅਤੇ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਅੱਗੇ ਗੋਡੇ ਟੇਕ ਕੇ ਭਾਰਤ ਦਾ ਦੁਨੀਆਂ ਵਿੱਚ ਨੱਕ ਕਟਾ ਰਹੀ ਹੈ। ਬਾਵਾ ਨੇ ਕਿਹਾ ਕਿ ਭਾਰਤ ਨੂੰ ਰਾਹੁਲ ਗਾਂਧੀ ਵਰਗੇ ਨਿਧੜਕ ਨੇਤਾ ਦੀ ਲੋੜ ਹੈ ਜੋ ਸਭ ਧਰਮਾਂ, ਜਾਤੀਆਂ, ਭਾਸ਼ਾਵਾਂ ਦਾ ਸਤਿਕਾਰ ਕਰਦਾ ਹੋਇਆ ਸੈਕੂਲਰ ਸੋਚ 'ਤੇ ਪਹਿਰਾ ਦੇ ਕੇ ਭਾਰਤ ਦੇ ਸਰਵਪੱਖੀ ਵਿਕਾਸ ਦਾ ਮੁਦਈ ਹੈ। ਇਸ ਸਮੇਂ ਮਨਜੀਤ ਕੌਰ, ਮਮਤਾ ਰਾਣੀ, ਸ਼ਰਨਜੀਤ ਵਰਮਾ, ਰਜਿੰਦਰ ਕੌਰ, ਮੰਗਾ ਬਾਵਾ, ਵਿੱਕੀ, ਨਰਿੰਦਰ ਕੁਮਾਰ ਬਾਵਾ, ਪੁਸ਼ਪਾ ਦੇਵੀ, ਸੁਮਨ ਲਤਾ, ਰਾਮਪਾਲ, ਸੁਖਵਿੰਦਰ ਸਿੰਘ ਜਗਦੇਵ, ਅਮਰਪਾਲ ਸਿੰਘ ਆਦਿ ਹਾਜ਼ਰ ਸਨ।

# ਵੈਟਨਰੀ ਯੂਨੀਵਰਸਿਟੀ ਦੀ ਅਥਲੈਟਿਕ ਮੀਟ ਭਲਕੇ

ਜ਼ਿਕਰ ਪੰਜਾਬ

**ਲੁਧਿਆਣਾ/ਅਸ਼ਵਨੀ ਅਹੂਜਾ**



ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੀ ਅਠਾਰ੍ਹਵੀਂ ਅਥਲੈਟਿਕ ਮੀਟ ਵਾਸਤੇ ਸਾਰੀਆਂ ਗਤੀਵਿਧੀਆਂ ਸੁਚਾਰੂ ਢੰਗ ਨਾਲ ਚੱਲ ਰਹੀਆਂ ਹਨ, ਇਹ ਜਾਣਕਾਰੀ ਵੈਟਨਰੀ ਯੂਨੀਵਰਸਿਟੀ ਦੇ ਨਿਰਦੇਸ਼ਕ ਵਿਦਿਆਰਥੀ ਭਲਾਈ, ਡਾ. ਰਾਬਿੰਦਰ ਸਿੰਘ ਔਲਖ ਨੇ ਦਿੱਤੀ। ਉਨ੍ਹਾਂ ਕਿਹਾ ਕਿ ਇਸ ਅਥਲੈਟਿਕ ਮੀਟ ਦਾ ਉਦਘਾਟਨ ਸ. ਗੁਰਮੀਤ ਸਿੰਘ ਖੁੱਡੀਆਂ, ਕੈਬਨਿਟ ਮੰਤਰੀ ਪੰਜਾਬ, ਖੇਤੀਬਾੜੀ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਫੂਡ ਪ੍ਰਾਸੈਸਿੰਗ ਸਵੇਰੇ 10.00 ਵਜੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀ ਗਰਾਊਂਡ ਵਿੱਚ ਕਰਨਗੇ। ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਭਾਗ ਲੈਣ ਵਾਲੇ ਪ੍ਰਤੀਯੋਗੀਆਂ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ ਅਤੇ ਆਸ ਪ੍ਰਗਟਾਈ ਕਿ ਵੈਟਨਰੀ ਯੂਨੀਵਰਸਿਟੀ ਦੇ ਵਿਦਿਆਰਥੀ ਵਿੱਦਿਅਕ ਖੇਤਰ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਯੂਨੀਵਰਸਿਟੀ ਅਤੇ ਰਾਸ਼ਟਰ ਦਾ ਨਾਂ ਉੱਚਾ ਕਰਨਗੇ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਅਜਿਹੇ ਦਿਨ ਜਿੱਥੇ ਮਾਨਸਿਕ ਤਨਾਓ ਤੋਂ ਰਾਹਤ ਦਿੰਦੇ ਹਨ, ਉੱਥੇ ਇਹ ਖੁਸ਼ੀ, ਖੇੜਾ ਉਨ੍ਹਾਂ 'ਤੇ ਦੇਰ ਤੱਕ ਸਿਹਤਮੰਦ ਪ੍ਰਭਾਵ ਵੀ ਪਾਉਂਦਾ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੇ ਵਿਦਿਆਰਥੀ ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਬਹੁਤ ਅਹਿਮ ਪ੍ਰਾਪਤੀਆਂ ਕਰ ਰਹੇ ਹਨ।ਸਰਵ ਭਾਰਤੀ ਅੰਤਰ-ਯੂਨੀਵਰਸਿਟੀ ਮੁਕਾਬਲਿਆਂ ਵਿਚ ਉਨ੍ਹਾਂ ਨੇ ਬੜੀਆਂ ਸਿਰਮੌਰ ਤੇ ਜ਼ਿਕਰਯੋਗ ਪ੍ਰਾਪਤੀਆਂ ਕੀਤੀਆਂ ਹਨ। ਡਾ. ਬਿਲਾਵਲ ਸਿੰਘ, ਪ੍ਰਬੰਧਕੀ ਸਕੱਤਰ ਨੇ ਜਾਣਕਾਰੀ ਦਿੱਤੀ ਕਿ ਅਥਲੈਟਿਕ ਮੀਟ ਵਿੱਚ ਯੂਨੀਵਰਸਿਟੀ ਦੇ ਲੁਧਿਆਣਾ ਕੈਂਪਸ ਵਿੱਚ ਸਥਾਪਿਤ ਕਾਲਜਾਂ, ਕਾਲਜ ਆਫ ਵੈਟਨਰੀ ਸਾਇੰਸ, ਕਾਲਜ ਆਫ ਫ਼ਿਸ਼ਰੀਜ਼, ਕਾਲਜ ਆਫ ਐਨੀਮਲ ਬਾਇਓਤਕਨਾਲੋਜੀ, ਕਾਲਜ ਆਫ ਡੇਅਰੀ ਅਤੇ ਫੂਡ ਸਾਇੰਸ ਤਕਨਾਲੋਜੀ ਤੋਂ ਇਲਾਵਾ ਕਾਲਜ ਆਫ ਵੈਟਨਰੀ ਸਾਇੰਸ, ਰਾਮਪੁਰਾ ਫੂਲ, (ਬਠਿੰਡਾ), ਵੈਟਨਰੀ ਪੌਲੀਟੈਕਨਿਕ, ਕਾਲਝਰਾਣੀ (ਬਠਿੰਡਾ) ਅਤੇ ਖਾਲਸਾ ਕਾਲਜ ਆਫ ਵੈਟਨਰੀ ਅਤੇ ਐਨੀਮਲ ਸਾਇੰਸਜ਼, ਅੰਮ੍ਰਿਤਸਰ ਦੇ ਵਿਦਿਆਰਥੀ ਵੀ ਹਿੱਸਾ ਲੈਣਗੇ। ਡਾ. ਔਲਖ ਨੇ ਦੱਸਿਆ ਕਿ ਖਿਡਾਰੀਆਂ ਦੀ ਹਰ ਸਹੂਲਤ ਵਾਸਤੇ ਇੰਤਜ਼ਾਮ ਮੁਕੰਮਲ ਕਰ ਲਏ ਗਏ ਹਨ।ਮੁੱਢਲੀ ਸਹਾਇਤਾ, ਰਿਕਾਰਡ ਰੱਖਣ ਸਬੰਧੀ, ਗਰਾਊਂਡਾਂ ਦੇ ਪ੍ਰਬੰਧ ਸੰਬੰਧੀ ਅਤੇ ਕਿਸੇ ਹੋਰ ਅਚਨਚੇਤੀ ਲੋੜ ਵਾਸਤੇ ਜ਼ਿੰਮੇਵਾਰੀਆਂ ਨਿਰਧਾਰਿਤ ਕਰ ਦਿੱਤੀਆਂ ਗਈਆਂ ਹਨ। ਡਾ. ਪ੍ਰਤੀਕ ਸਿੰਘ ਧਾਲੀਵਾਲ, ਸੰਯੁਕਤ ਪ੍ਰਬੰਧਕੀ ਸਕੱਤਰ ਨੇ ਜਾਣਕਾਰੀ ਦਿੱਤੀ ਕਿ ਵਿਦਿਆਰਥੀਆਂ ਵੱਲੋਂ ਬਿਹਤਰੀਨ ਘੁੜਸਵਾਰੀ ਪ੍ਰਦਰਸ਼ਨ ਅਤੇ ਰੰਗਾਰੰਗ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਜਾਵੇਗਾ।

# ਸ਼ਰਾਬ ਘੁਟਾਲੇ ਵਿੱਚ ਅਰਵਿੰਦ ਕੇਜਰੀਵਾਲ ਤੇ ਮਨੀਸ਼ ਸਿਸੋਦੀਆ ਬਰੀ ਹੋਣ ਉੱਤੇ ਕੈਬਨਿਟ ਮੰਤਰੀ ਮੁੰਡੀਆਂ ਨੇ ਪ੍ਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਦਿੱਤੀ ਮੁਬਾਰਕਬਾਦ

ਜ਼ਿਕਰ ਪੰਜਾਬ

**ਲੁਧਿਆਣਾ/ਅਸ਼ਵਨੀ ਅਹੂਜਾ**

ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਸੋਦੀਆ ਸਮੇਤ ਸਾਰੇ ਬੇਗੁਨਾਹਾਂ ਨੂੰ ਮਾਣਯੋਗ ਅਦਾਲਤ ਵੱਲੋਂ ਕਥਿਤ ਸ਼ੁਰਾਬ ਘੁਟਾਲੇ ਵਿੱਚ ਬਾ-ਇੱਜਤ ਬਰੀ ਕਰਨ ਨੂੰ ਸੱਚਾਈ ਦੀ ਜਿੱਤ ਆਖਿਆ। ਉਨ੍ਹਾਂ ਅਰਵਿੰਦ ਕੇਜਰੀਵਾਲ, ਮਨੀਸ਼ ਸੁਸੋਦੀਆ ਤੇ ਹੋਰ ਸਾਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਇਲਾਕਾ ਨਿਵਾਸੀਆਂ ਨਾਲ ਲੱਡੂ ਵੰਡ ਕੇ ਖੁਸ਼ੀ ਮਨਾਈ। ਉਨ੍ਹਾਂ ਮਾਣਯੋਗ ਆਦਲਤ ਦੇ ਇਸ ਫੈਸਲੇ ਨੂੰ ਸੱਚਾਈ ਦੀ ਜਿੱਤ ਕਰਾਰ ਦਿੱਤਾ। ਉਨ੍ਹਾਂ ਦੱਸਿਆ ਕਿ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੇ ਆਗੂ ਮੋਦੀ, ਅਮਿਤ ਸ਼ਾਹ ਸਮੇਤ ਸਮੁੱਚੀ ਬੀ ਜੇ ਪੀ ਲੀਡਰ ਕੱਟੜ ਇਮਾਨਦਾਰ 'ਆਪ' ਪਾਰਟੀ ਨੂੰ ਖ਼ਤਮ ਕਰਨ 'ਤੇ ਲੱਗੀ ਹੋਈ ਸੀ ਪਰ ਅਖੀਰ ਸੱਚ ਦੀ ਜਿੱਤ ਹੋਈ ਹੈ ਅਤੇ ਸਾਰੇ ਆਗੂ ਬਾ-ਇੱਜਤ ਬਰੀ ਹੋਏ ਹਨ। ਉਨ੍ਹਾਂ ਕਿਹਾ ਕਿ ਪ੍ਰਮਾਤਮਾ ਹਮੇਸ਼ਾਂ ਕੇਜਰੀਵਾਲ ਦੇ ਅੰਗ-ਸੰਗ ਹੈ ਅਤੇ ਉਨ੍ਹਾਂ ਦੀ ਇਸ ਇਤਿਹਾਸਕ ਜਿੱਤ 'ਤੇ ਦੇਸ਼ ਭਰ ਵਿੱਚ ਜਸ਼ਨ ਮਨਾਏ ਜਾਣਗੇ। ਉਨ੍ਹਾਂ ਸਪੱਸ਼ਟ ਕੀਤਾ ਕਿ ਆਪ ਪਾਰਟੀ ਜਿਸ ਤਰ੍ਹਾਂ ਪਹਿਲਾਂ ਇਮਾਨਦਾਰੀ ਨਾਲ ਸੇਵਾ ਕਰ ਰਹੀ ਰਹੀ ਸੀ, ਉਸ ਨੂੰ ਨਿਰੰਤਰ ਜਾਰੀ ਰੱਖੇਗੀ। ਉਨ੍ਹਾਂ ਦੱਸਿਆ ਕਿ ਹੁਣ ਲੋਕਾਂ ਨੂੰ ਪਤਾ ਲੱਗ ਚੁੱਕਾ ਹੈ ਕਿ ਭਾਰਤੀ ਜਨਤਾ ਪਾਰਟੀ ਆਪਣੇ ਮਾੜੇ ਮਨਸੂਬਿਆਂ ਨੂੰ ਪੂਰਾ ਕਰਨ ਦੀ ਖਾਤਰ ਕਿਸ ਹੱਦ ਤੱਕ ਜਾ ਸਕਦੀ ਹੈ ਅਤੇ ਆਗਾਮੀ ਵਿਧਾਨ ਸਭਾ ਚੋਣਾਂ 2027 ਵਿੱਚ ਲੋਕ ਬੀ ਜੇ ਪੀ ਨੂੰ ਇਸ ਫਰੇਬ ਦਾ ਜੁਆਬ ਦੇਣਗੇ।

# ਸੀਟੀ ਗਰੁੱਪ ਆਫ਼ ਇੰਸਟੀਟਿਊਸ਼ਨਸ ਮਕਸੂਦਾਂ ਵੱਲੋਂ 'ਸਨਮਾਨ ਸਮਾਰੋਹ 1.0' ਦਾ ਸ਼ਾਨਦਾਰ ਆਯੋਜਨ

## ਸਮਾਜ ਸੇਵਕਾਂ ਦਾ ਸਨਮਾਨ-ਸ਼ੁਕਰਗੁਜ਼ਾਰੀ, ਸੇਵਾ ਅਤੇ ਸਮਾਜਿਕ ਜ਼ਿੰਮੇਵਾਰੀ ਦਾ ਸੰਦੇਸ਼

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**



ਸੀਟੀ ਗਰੁੱਪ ਆਫ਼ ਇੰਸਟੀਟਿਊਸ਼ਨਸ, ਨੌਰਥ ਕੈਂਪਸ, ਮਕਸੂਦਾਂ ਵੱਲੋਂ "ਸਨਮਾਨ ਸਮਾਰੋਹ 1.0"ਦਾ ਸ਼ਾਨਦਾਰ ਆਯੋਜਨ ਕੀਤਾ ਗਿਆ, ਜਿਸ ਦਾ ਉਦੇਸ਼ ਸਮਾਜ ਲਈ ਵਿਸ਼ੇਸ਼ ਯੋਗਦਾਨ ਪਾਉਣ ਵਾਲੇ ਵਿਅਕਤੀਆਂ ਨੂੰ ਸਨਮਾਨਿਤ ਕਰਨਾ ਸੀ। ਸਮਾਗਮ ਵਿੱਚ 150 ਤੋਂ ਵੱਧ ਮਾਣਯੋਗ ਮਹਿਮਾਨ ਸ਼ਾਮਲ ਹੋਏ, ਜਿਨ੍ਹਾਂ ਵਿੱਚ ਸਮਾਜ ਸੇਵਕ, ਸਰਪੰਚ, ਕੌਂਸਲਰ ਅਤੇ ਕਮਿਊਨਿਟੀ ਭਲਾਈ ਨਾਲ ਜੁੜੇ ਪ੍ਰਤੀਨਿਧੀ ਸ਼ਾਮਲ ਸਨ। ਇਹ ਸਮਾਰੋਹ ਸਿਰਫ਼ ਇਨਾਮ ਵੰਡ ਸਮਾਗਮ ਨਹੀਂ ਸੀ, ਸਗੋਂ ਸੇਵਾ, ਸਮਰਪਣ ਅਤੇ ਸ਼ੁਕਰਗੁਜ਼ਾਰੀ ਦਾ ਅਸਲ ਜਸ਼ਨ ਸੀ। ਸਮਾਗਮ ਨੇ ਇਹ ਦਰਸਾਇਆ ਕਿ ਜਦੋਂ ਦੂਰਦਰਸ਼ੀ ਅਤੇ ਸਮਾਜਿਕ ਜ਼ਿੰਮੇਵਾਰੀ ਨਿਭਾਉਣ ਵਾਲੇ ਲੋਕ ਇਕੱਠੇ ਹੁੰਦੇ ਹਨ, ਤਦੋਂ ਸਮਾਜ ਸਹੀ ਦਿਸ਼ਾ ਵਿੱਚ ਅੱਗੇ ਵਧਦਾ ਹੈ। ਇਹ ਆਯੋਜਨ ਉਹਨਾਂ ਵਿਅਕਤੀਆਂ ਨੂੰ ਸਨਮਾਨਿਤ ਕਰਨ ਲਈ ਸੀ, ਜੋ ਅਹੁਦਿਆਂ ਨਾਲ ਨਹੀਂ, ਸਗੋਂ ਜ਼ਿੰਮੇਵਾਰੀਆਂ ਨਾਲ ਪਹਿਚਾਣੇ ਜਾਂਦੇ ਹਨ ਅਤੇ ਜਿਨ੍ਹਾਂ ਲਈ ਸੇਵਾ ਪ੍ਰਚਾਰ ਨਹੀਂ, ਜੀਵਨ ਭਰ ਦੀ ਵਚਨਬੱਧਤਾ ਹੈ। ਸਮਾਗਮ ਵਿੱਚ ਮੁੱਖ ਮਹਿਮਾਨਾਂ ਵਜੋਂ ਲੇਖਿਕਾ ਤੇ ਸਮਾਜ ਸੇਵਿਕਾ ਪ੍ਰਵੀਨ ਅਬਰੋਲ , ਜ਼ਿਲ੍ਹਾ ਇੰਚਾਰਜ, ਆਮ ਆਦਮੀ ਪਾਰਟੀ, ਕਪੂਰਥਲਾ ਕਰਮਬੀਰ ਸਿੰਘ, ਕੰਵਰ ਇਕਬਾਲ ਸਿੰਘ, ਸਮੇਤ ਕਈ ਮਾਣਯੋਗ ਸ਼ਖਸੀਅਤਾਂ ਹਾਜ਼ਰ ਰਹੀਆਂ। ਮਹਿਮਾਨਾਂ ਨੇ ਸੰਸਥਾ ਦੀ ਇਸ ਪਹਲ ਦੀ ਭਰਪੂਰ ਸਰਾਹਨਾ ਕਰਦਿਆਂ ਕਿਹਾ ਕਿ ਇਹ ਸਮਾਰੋਹ ਚੁੱਪਚਾਪ ਸਮਾਜ ਦੀ ਸੇਵਾ ਕਰਨ ਵਾਲੇ ਅਸਲੀ ਨਾਇਕਾਂ ਨੂੰ ਪਛਾਣ ਦਿੰਦੇ ਹਨ। ਚੇਅਰਮੈਨ ਸਰਦਾਰ ਚਰਨਜੀਤ ਸਿੰਘ ਚੰਨੀ ਨੇ ਸਮਾਜ ਵਿੱਚ ਯੋਗਦਾਨ ਪਾਉਣ ਵਾਲਿਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਿੱਖਿਆ ਸੰਸਥਾਵਾਂ ਦਾ ਫਰਜ਼ ਹੈ ਕਿ ਉਹ ਵਿਦਿਆਰਥੀਆਂ ਨੂੰ ਸਮਾਜ ਪ੍ਰਤੀ ਜ਼ਿੰਮੇਵਾਰ ਨਾਗਰਿਕ ਬਣਾਉਣ। ਮੈਨੇਜਿੰਗ ਡਾਇਰੈਕਟਰ ਡਾ ਮਨਬੀਰ ਸਿੰਘ ਨੇ ਕਿਹਾ ਕਿ ਅਜਿਹੀਆਂ ਪਹਿਲ ਕਦਮੀਆਂ ਵਿਦਿਆਰਥੀਆਂ ਵਿੱਚ ਨੇਤ੍ਰਤਵ, ਦਿਆਲਤਾ ਅਤੇ ਇਮਾਨਦਾਰੀ ਦੇ ਮੁੱਲ ਵਿਕਸਤ ਕਰਦੀਆਂ ਹਨ ਅਤੇ ਸੰਸਥਾ ਅਤੇ ਸਮਾਜ ਵਿਚਕਾਰ ਰਿਸ਼ਤਿਆਂ ਨੂੰ ਮਜ਼ਬੂਤ ਕਰਦੀਆਂ ਹਨ। ਐਗਜ਼ਿਕਿਊਟਿਵ ਡਾਇਰੈਕਟਰ ਨਿਤਿਨ ਟੰਡਨ ਨੇ ਆਯੋਜਕ ਟੀਮ ਦੀ ਪ੍ਰਸ਼ੰਸਾ ਕਰਦਿਆਂ ਇਸਨੂੰ ਮਨੁੱਖੀ ਮੁੱਲਾਂ ਅਤੇ ਸਮਾਜਿਕ ਭਾਗੀਦਾਰੀ ਪ੍ਰਤੀ ਸੰਸਥਾ ਦੀ ਲਗਾਤਾਰ ਵਚਨਬੱਧਤਾ ਦਾ ਪ੍ਰਤੀਕ ਦੱਸਿਆ। ਕੈਂਪਸ ਡਾਇਰੈਕਟਰ ਅਨੁਰਾਗ ਸ਼ਰਮਾ ਨੇ ਕਿਹਾ ਕਿ ਇਹ ਸਮਾਰੋਹ ਉਹਨਾਂ ਵਿਅਕਤੀਆਂ ਨੂੰ ਸਮਰਪਿਤ ਸੀ, ਜਿਨ੍ਹਾਂ ਨੇ ਆਪਣੀ ਨਿਸ਼ਠਾ ਭਰੀ ਸੇਵਾ ਨਾਲ ਪਿੰਡਾਂ ਵਿੱਚ ਚਾਨਣ ਅਤੇ ਸ਼ਹਿਰਾਂ ਵਿੱਚ ਉਮੀਦ ਜਗਾਈ ਹੈ। ਸਨਮਾਨਿਤ ਮਹਿਮਾਨਾਂ ਨੂੰ ਪ੍ਰਸ਼ੰਸਾ-ਪੱਤਰ ਅਤੇ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ। ਸਮਾਰੋਹ ਪ੍ਰੇਰਣਾਦਾਇਕ ਮਾਹੌਲ ਵਿੱਚ ਸੰਪੰਨ ਹੋਇਆ ਅਤੇ ਸੀਟੀ ਪਰਿਵਾਰ ਵਿੱਚ ਸਮਾਜਿਕ ਜ਼ਿੰਮੇਵਾਰੀ, ਏਕਤਾ ਦੀ ਭਾਵਨਾ ਅਤੇ ਸ਼ੁਕਰਗੁਜ਼ਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰ ਗਿਆ।

# ਲੁਧਿਆਣਾ ਦੇ ਸੁਨੀਲ ਨਗਰ 'ਚ ਨਵੀਂ ਵਾਟਰ ਸਪਲਾਈ ਪਾਈਪ ਲਾਈਨ ਵਿਛਾਉਣ ਨਾਲ ਸੈਂਕੜੇ ਪਰਿਵਾਰਾਂ ਨੂੰ ਮਿਲੇਗਾ ਸ਼ੁੱਧ ਪਾਣੀ : ਵਿਧਾਇਕ ਬੱਗਾ

## ਹਰ ਘਰ ਸ਼ੁੱਧ ਜਲ ਅਭਿਆਨ ਤਹਿਤ ਖਰਚ ਹੋਣਗੇ ਕਰੀਬ 49.86 ਲੱਖ ਰੁਪਏ

ਜ਼ਿਕਰ ਪੰਜਾਬ

**ਲੁਧਿਆਣਾ/ਅਸ਼ਵਨੀ ਅਹੂਜਾ**

ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਦੇ ਵਾਰਡ ਨੰਬਰ 93 ਸਥਿਤ ਸੁਨੀਲ ਨਗਰ ਵਿੱਖੇ ਨਵੀਂ ਵਾਟਰ ਸਪਲਾਈ ਲਾਈਨ ਵਿਛਾਉਣ ਦੇ ਕੰਮ ਦਾ ਉਦਘਾਟਨ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਨੇ ਵਿਧਿਵਤ ਪੂਜਨ ਕਰਕੇ ਕੀਤਾ। ਵਿਧਾਇਕ ਬੱਗਾ ਨੇ ਦੱਸਿਆ ਕਿ ਪਾਈਪ ਲਾਈਨ ਵਿਛਾਉਣ ਦੇ ਕੰਮ 'ਤੇ ਲਗਭਗ 49.86 ਲੱਖ ਰੁਪਏ ਦੀ ਲਾਗਤ ਆਵੇਗੀ। ਇਸ ਮੌਕੇ ਨਗਰ ਨਿਗਮ ਮੇਅਰ ਇੰਦਰਜੀਤ ਕੌਰ ਵੀ ਮੌਜੂਦ ਸਨ। ਹਰ ਘਰ ਸੁੱਧ ਜਲ ਅਭਿਆਨ ਤਹਿਤ ਸੁਨੀਲ ਨਗਰ



ਵਿੱਚ ਵਿਛਾਈ ਜਾ ਰਹੀ ਵਾਟਰ ਸਪਲਾਈ ਲਾਈਨ ਦੇ ਸ਼ੁਰੂ ਕੀਤੇ ਗਏ ਕੰਮ ਬਾਰੇ ਜਾਣਕਾਰੀ ਦਿੰਦਿਆਂ ਵਿਧਾਇਕ ਬੱਗਾ ਨੇ ਦੱਸਿਆ ਕਿ ਪੁਰਾਣੀ ਵਾਟਰ ਸਪਲਾਈ ਲਾਈਨ ਰਾਹੀਂ ਸਪਲਾਈ ਹੋ ਰਹੇ ਗੰਦੇ ਪਾਣੀ ਕਾਰਨ ਸਥਾਨਕ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹੁਣ ਨਵੀਂ ਪਾਈਪ ਲਾਈਨ ਵਿਛਾਉਣ ਨਾਲ ਸੈਂਕੜੇ ਪਰਿਵਾਰਾਂ ਨੂੰ ਜਿੱਥੇ ਪੀਣ ਵਾਲਾ ਸ਼ੁੱਧ ਪਾਣੀ ਮਿਲੇਗਾ ਉੱਥੇ ਮੌਸਮੀ ਬਿਮਾਰੀਆਂ ਤੋਂ ਵੀ ਰਾਹਤ ਮਿਲੇਗੀ। ਮੇਅਰ ਇੰਦਰਜੀਤ ਕੌਰ ਨੇ ਕਿਹਾ ਕਿ 'ਆਪ' ਸਰਕਾਰ ਦੇ ਪਿਛਲੇ ਚਾਰ ਸਾਲਾਂ ਦੇ ਰਾਜ ਦੌਰਾਨ ਵਿਕਾਸ ਦੇ ਕੰਮ ਤੇਜ਼ੀ ਨਾਲ ਚੱਲ ਰਹੇ ਹਨ। ਇਸ ਮੌਕੇ ਓ ਐਂਡ ਐਮ ਬ੍ਰਾਂਚ ਦੇ ਐਕਸੀਅਨ ਰਣਦੀਪ ਸਿੰਘ, ਐਸ.ਡੀ.ਓ ਅੰਸ਼ੁਲ ਗਰਚਾ, ਜੇ ਈ ਰਜਿੰਦਰ ਸਿੰਘ, ਸੀ ਐਸ ਆਈ ਹੈਲਥ ਬੰਟੀ ਡੋਗਰਾ, ਐਸ ਆਈ ਹੈਲਥ ਕੌਸ਼ਲ ਕੁਮਾਰ, ਗੌਰਵ ਬੱਗਾ, 'ਆਪ' ਦੇ ਸੰਗਠਨ ਇੰਚਾਰਜ ਦਸ਼ਮੇਸ਼ ਸਿੰਘ, ਸਕੱਤਰ ਮੰਨੂ ਠੁਕਰਾਲ, ਸੰਜੇ ਪ੍ਰਸ਼ਾਦ, ਕੇ.ਕੇ.ਚਾਵਲਾ, ਸੰਦੀਪ ਮੱਲੀ, ਪਵਨ ਕੁਮਾਰ ਸ਼ਰਮਾ, ਸਚਿਨ ਦੁੱਗਲ, ਲਵ ਕੁਮਾਰ ਸ਼ਾਸ਼ਤਰੀ, ਪੰਕਜ ਸ਼ਰਮਾ, ਰਾਕੇਸ਼, ਸਾਗਰ ਕਨੌਜੀਆ, ਲਿਖੀ ਰਾਮ, ਬੀ.ਐਲ.ਬਾਸਕ, ਸੰਤੋਸ਼ ਪਾਂਡੇ, ਪਰਮਜੀਤ ਸਿੰਘ, ਰੋਸ਼ਨ ਰਾਵਤ, ਵਿਜੇ ਕੁਮਾਰ, ਪ੍ਰਕਾਸ਼ ਪਾਸਵਾਨ, ਰਿੰਕੀ, ਨੀਲਮ, ਬਿੰਦੂ, ਪ੍ਰਿਆ, ਉਰਮਿਲਾ, ਪੂਜਾ, ਆਸ਼ਾ ਮੈਡਮ ਅਤੇ ਹੋਰ ਵੀ ਹਾਜ਼ਰ ਸਨ।

# ਸੈਕਰੇਡ ਹਾਰਟ ਕਨਵੈਂਟ ਰੋਡ ਨੇ ਆਪ ਸਰਕਾਰ ਦੀ ਲਾਪਰਵਾਹੀ ਨੂੰ ਸਾਹਮਣੇ ਲਿਆਂਦਾ : ਦੀਵਾਨ

ਜ਼ਿਕਰ ਪੰਜਾਬ

**ਲੁਧਿਆਣਾ/ਰਾਕੇਸ਼ ਅਰੋੜਾ**

ਇਹ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਵੱਡੇ-ਵੱਡੇ ਦਾਅਵਿਆਂ ਦੀ ਸ਼ਰਮਨਾਕ ਸੱਚਾਈ ਨੂੰ ਦਰਸਾਉਂਦਾ ਹੈ ਕਿ ਲੁਧਿਆਣਾ ਵਿੱਚ ਮੁਢਲੀਆਂ ਸੁਵਿਧਾਵਾਂ, ਖਾਸ ਕਰਕੇ ਸੜਕਾਂ ਦੀ ਹਾਲਤ ਬਹੁਤ ਹੀ ਤਰਸਯੋਗ ਸਥਿਤੀ ਵਿੱਚ ਹੈ। ਇੱਥੇ ਜਾਰੀ ਇੱਕ ਜੋਰਦਾਰ ਬਿਆਨ ਰਾਹੀਂ ਜਿਲਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਲੁਧਿਆਣਾ ਨਗਰ ਨਿਗਮ ਦੇ ਨਾਲ-ਨਾਲ ਸਥਾਨਕ ਸਰਕਾਰਾਂ ਵਿਭਾਗ ਦੇ ਸਬੰਧਤ ਅਫ਼ਸਰਾਂ ਦੇ ਲਾਪਰਵਾਹ ਰਵਈਏ ਦੀ ਕਰੜੀ ਨਿੰਦਾ ਕੀਤੀ ਹੈ। ਦੀਵਾਨ ਨੇ ਸ਼ਹਿਰ ਭਰ ਵਿੱਚ ਟੁੱਟੀਆਂ ਸੜਕਾਂ ਅਤੇ ਵੱਡੇ ਖੱਡਿਆਂ ਦੀ ਸਮੱਸਿਆ ਦਾ ਖੁਲਾਸਾ ਕਰਦਿਆਂ, ਕਿਹਾ ਕਿ ਸਰਾਭਾ ਨਗਰ ਸਥਿਤ ਨਾਮੀ ਸੈਕਰੇਡ ਹਾਰਟ ਕਾਨਵੈਂਟ ਸਕੂਲ ਦੇ ਸਾਹਮਣੇ ਤੋਂ ਨਿਕਲਦੀ ਸੜਕ ਦੀ ਮਾੜੀ ਹਾਲਤ ਦਾ ਜ਼ਿਕਰ ਕੀਤਾ। ਜਿਥੋਂ ਰੋਜ਼ਾਨਾ ਹਜ਼ਾਰਾਂ ਲੋਕਾਂ ਦੀ ਆਵਾਜਾਈ ਦੇ ਬਾਵਜੂਦ ਇਹ ਸੜਕ ਬਹੁਤ ਹੀ ਖਸਤਾਹਾਲ ਹਾਲਤ ਵਿੱਚ

**ਲੁਧਿਆਣਾ ਵਿੱਚ ਮੁਢਲੀਆਂ ਸਹੂਲਤਾਂ ਦੀ ਮਾੜੀ ਹਾਲਤ : ਕਾਂਗਰਸ**

ਹੈ। ਇਸੇ ਤਰ੍ਹਾਂ, ਮਾਪਿਆਂ, ਸਕੂਲ ਪ੍ਰਬੰਧਕਾਂ ਅਤੇ ਰਾਹਗੀਰਾਂ ਨੂੰ ਦੁਖਦਾਈ ਸਫ਼ਰ ਦਾ ਸਾਹਮਣਾ ਕਰਨਾ ਪੈਂਦਾ ਹੈ। ਦੀਵਾਨ ਨੇ ਕਿਹਾ ਕਿ ਵੱਡੇ ਖੱਡਿਆਂ ਅਤੇ ਸੜਕ ਦੀ ਮਾੜੀ ਹਾਲਤ ਕਾਰਨ ਇੱਥੇ ਹਾਦਸੇ ਵਾਪਰਨਾ ਆਮ ਗੱਲ ਬਣ ਚੁੱਕੀ ਹੈ। ਇਹ ਸਥਿਤੀ ਰਾਹਗੀਰਾਂ ਲਈ ਲਗਾਤਾਰ ਖ਼ਤਰਾ ਬਣੀ ਹੋਈ ਹੈ ਅਤੇ ਇਸ ਵਿੱਚ ਤੁਰੰਤ ਸੁਧਾਰ ਕੀਤੇ ਜਾਣ ਦੀ ਲੋੜ ਹੈ। ਉਨ੍ਹਾਂ ਹੈਰਾਨੀ ਜ਼ਾਹਿਰ ਕਰਦੇ ਹੋਏ, ਕਿਹਾ ਕਿ ਇਹੀ ਸੜਕ ਅੱਗੇ ਨਗਰ ਨਿਗਮ ਦੇ ਜ਼ੋਨ-ਡੀ ਦਫ਼ਤਰ ਤੱਕ ਜਾਂਦੀ ਹੈ, ਜਿੱਥੇ ਕਮਿਸ਼ਨਰ ਅਤੇ ਮੇਅਰ ਵੱਲੋਂ ਅਧਿਕਾਰਿਕ ਮੀਟਿੰਗਾਂ ਕੀਤੀਆਂ ਜਾਂਦੀਆਂ ਹਨ, ਫਿਰ ਵੀ ਇਸ ਦੀ ਮੁਰੰਮਤ ਲਈ ਕੋਈ ਯਤਨ ਨਹੀਂ ਕੀਤਾ ਗਿਆ। ਇਹ ਸਰਕਾਰ ਅਤੇ ਨਗਰ ਨਿਗਮ ਦੀ ਨਾਕਾਬਲੀਅਤ ਅਤੇ ਗੈਰ-ਜ਼ਿੰਮੇਵਾਰੀ ਨੂੰ ਦਰਸਾਉਂਦਾ ਹੈ। ਦੀਵਾਨ ਨੇ ਇਹ ਵੀ ਕਿਹਾ ਕਿ ਸਥਾਨਕ ਸਰਕਾਰਾਂ ਬਾਰੇ ਮੰਤਰੀ, ਜਿਹੜੇ ਇਸ ਹਲਕੇ ਦੇ ਵਿਧਾਇਕ ਵੀ ਹਨ, ਨੇ ਵੀ ਕੋਈ ਕਾਰਵਾਈ ਨਹੀਂ ਕੀਤੀ। ਜਿਸ ਨਾਲ ਇਲਾਕੇ ਦੇ ਵਸਨੀਕ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ। ਅੰਤ ਵਿੱਚ, ਉਨ੍ਹਾਂ ਨੇ ਕਿਹਾ ਕਿ ਲੁਧਿਆਣਾ ਦੀਆਂ ਸੜਕਾਂ ਦੀ ਮਾੜੀ ਹਾਲਤ ਇਸ ਸਰਕਾਰ ਦੀ ਨਾਕਾਮੀ ਦਾ ਦਰਪਣ ਹੈ। ਉਨ੍ਹਾਂ ਨੇ ਚੇਤਾਵਨੀ ਦਿੰਦਿਆਂ, ਕਿਹਾ ਕਿ ਜਿਹੜੀ ਸਰਕਾਰ ਲੋਕਾਂ ਨੂੰ ਬੁਨਿਆਦੀ ਢਾਂਚਾ ਵੀ ਮੁਹੱਈਆ ਨਹੀਂ ਕਰਵਾ ਸਕਦੀ, ਉਸਨੂੰ ਜਲਦ ਹੀ ਲੋਕਾਂ ਦੇ ਫਤਵੇ ਦਾ ਸਾਹਮਣਾ ਕਰਨਾ ਪਵੇਗਾ।

# ਐਵਰੈਸਟ ਗਰੁੱਪ ਆਫ ਸਕੂਲ ਦੇ ਡਾਇਰੈਕਟਰ ਰਜਿੰਦਰ ਸ਼ਰਮਾ ਦੇ ਨਮਿਤ ਅੰਤਿਮ ਅਰਦਾਸ ਮੌਕੇ ਧਾਰਮਿਕ, ਸਮਾਜਿਕ, ਰਾਜਨੀਤਿਕ, ਸ਼ਖਸ਼ੀਅਤਾਂ ਨੇ ਸ਼ਰਧਾਂਜਲੀ ਭੇਂਟ ਕੀਤੀ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਐਵਰੈਸਟ ਗਰੁੱਪ ਆਫ ਸਕੂਲ ਦੇ ਡਾਇਰੈਕਟਰ ਰਜਿੰਦਰ ਸ਼ਰਮਾ ਜੀ ਦੇ ਨਮਿੱਤ ਅੰਤਿਮ ਅਰਦਾਸ ਮੋਤੀ ਨਗਰ ਐਵਰੈਸਟ ਸਕੂਲ ਦੇ ਵੇਹੜੇ ਦੇ ਵਿੱਚ ਸੰਪੰਨ ਹੋਈ। ਇਸ ਮੌਕੇ ਪੰਡਿਤ ਰਜਿੰਦਰ ਜੀ ਵਰਿੰਦਾਵਨ ਵਾਲਿਆਂ ਨੇ ਗਰੁੜ ਪਾਠ ਦਾ ਭੋਗ ਅਤੇ ਕਥਾ ਸੁਣਾਈ, ਉੱਥੇ ਹੀ ਪਵਨ ਬੋਬੀ ਹੈਬੋਵਾਲ ਵਾਲਿਆਂ ਦੀ ਟੀਮ ਦੁਆਰਾ ਸੰਗੀਤ ਮਈ ਢੰਗ ਦੇ ਨਾਲ ਵਿਛੜੀ ਹੋਈ ਰੂਹ ਦੀ ਆਤਮਿਕ ਸ਼ਾਂਤੀ ਲਈ ਪ੍ਰਭੂ ਚਰਨਾਂ ਵਿੱਚ ਪ੍ਰਾਰਥਨਾ ਕੀਤੀ ਗਈ। ਇਸ ਮੌਕੇ ਜਤਿੰਦਰ ਮਿੱਤਲ ਸਟੇਟ ਵਾਈਸ ਪ੍ਰਧਾਨ ਬੀਜੇਪੀ, ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ, ਸਾਬਕਾ ਵਿਧਾਇਕ ਅਤੇ ਜਿਲਾ ਕਾਂਗਰਸ ਪ੍ਰਧਾਨ ਸੰਜੇ ਤਲਵਾੜ, ਮਮਤਾ ਆਸ਼ੂ, ਅੰਕੁਰ ਵਰਮਾ ਬੀਜੇਪੀ ਆਗੂ, ਕੇ.ਕੇ ਬਾਬਾ, ਕੌਂਸਲਰ ਅਮਰਜੀਤ ਸਿੰਘ, ਕੌਂਸਲਰ ਹੈਪੀ ਸ਼ੇਰਪੁਰੀਆ, ਰਵੀਨੰਦਨ ਸ਼ਰਮਾ ਰਜਿੰਦਰ ਮਾਡਲ ਸਕੂਲ ਹੈਬੋਵਾਲ, ਮਨੋਜ ਸ਼ਰਮਾ ਸ਼ਿਵਾਲਿਕ ਪਬਲਿਕ ਸਕੂਲ ਗੋਬਿੰਦਗੜ੍ਹ, ਸੁਖਦੇਵ ਗਿੱਲ, ਜਪਨ ਕੁਮਾਰ, ਆਸ਼ੂ ਛਾਬੜਾ, ਦੀਪਕ ਉੱਪਲ ਆਦਿ ਵੱਲੋਂ ਹਾਜ਼ਰੀਆਂ ਭਰਨ



ਸਮੇਤ ਬੀਜੇਪੀ ਮੰਤਰੀ ਰਵਨੀਤ ਬਿੱਟੂ, ਸਾਬਕਾ ਮੰਤਰੀ ਮਨੀਸ਼ ਤਿਵਾੜੀ, ਲੁਧਿਆਣਾ ਮੇਅਰ ਮੈਡਮ ਇੰਦਰਜੀਤ ਕੌਰ, ਵਿਧਾਇਕ ਮਦਨ ਲਾਲ ਬੱਗਾ, ਸਾਬਕਾ ਵਿਧਾਇਕ ਬਲਵਿੰਦਰ ਬੈਂਸ, ਜਸਪਾਲ ਸਿੰਘ ਗਿਆਸਪੁਰਾ, ਪੰਜਾਬ ਜੂਡੋ ਐਸੋਸੀਏਸ਼ਨ, ਲੁਧਿਆਣਾ ਜ਼ਿਲ੍ਹਾ ਜੂਡੋ ਐਸੋਸੀਏਸ਼ਨ, ਪੰਜਾਬ ਅਥਲੈਟਿਕ ਐਸੋਸੀਏਸ਼ਨ, ਕੌਂਸਲਰ ਨਿਧੀ ਗੁਪਤਾ, ਅਸ਼ੋਕ ਮੱਕੜ, ਵਿਨੋਦ ਭਾਰਤੀ ਸਪੋਕਸਮੈਨ ਪੀਪੀਸੀਸੀ, ਭਾਰਤੀ ਵਿੱਦਿਆ ਕੇਂਦਰ ਸਮੂਹ ਸਟਾਫ ਵੱਲੋਂ ਵੀ ਸ਼ੋਕ ਸੰਦੇਸ਼ ਭੇਜੇ ਗਏ। ਇਸ ਮੌਕੇ ਸਮੁੱਚੇ ਮੋਤੀ ਨਗਰ ਤੋਂ ਇਲਾਵਾ ਦੂਰੋਂ ਨੇੜਿਓਂ ਵੱਡੀ ਗਿਣਤੀ ਵਿੱਚ ਪਹੁੰਚੇ ਆਗੂਆਂ ਨੇ ਆਪਣੇ ਸੰਬੋਧਨ ਸਮੇਂ ਕਿਹਾ ਕਿ ਰਜਿੰਦਰ ਸ਼ਰਮਾ ਜੀ ਬਹੁਤ ਹੀ ਨੇਕ ਦਿਲ, ਸੱਚੇ ਅਤੇ ਸਾਫ ਸੁਥਰੀ ਛਵੀ ਦੇ ਮਾਲਕ ਹੋਣ ਦੇ ਨਾਲ ਨਾਲ ਉਨਾਂ ਨੇ ਵਿਦਿਆ ਗੁਰੂ ਦੇ ਵਜੋਂ ਆਪਣੀ ਪਹਿਚਾਣ ਸਥਾਪਿਤ ਕੀਤੀ। ਜਿਨ੍ਹਾਂ ਦੇ ਜਾਣ ਨਾਲ ਅੱਜ ਪੂਰੇ ਸਿੱਖਿਆ ਜਗਤ ਵੀ ਆਪਣੇ ਆਪ ਨੂੰ ਅਧੂਰਾ ਮਹਿਸੂਸ ਕਰ ਰਿਹਾ ਹੈ। ਰਜਿੰਦਰ ਸ਼ਰਮਾ ਜੀ ਨੇ ਐਵਰੈਸਟ ਗਰੁੱਪ ਆਫ ਸਕੂਲ ਦੀ ਸਥਾਪਨਾ ਦੁਆਰਾ ਜਿੱਥੇ ਖੁਦ ਵਿਦਿਆ ਦਾ ਪਰਵਾਹ ਚਲਾ ਕੇ ਬੱਚਿਆਂ ਨੂੰ ਇਸ ਕਾਬਲ ਬਣਾਇਆ ਕਿ ਅੱਜ ਉਹ ਬੱਚੇ ਬੁਲੰਦੀਆਂ ਨੂੰ ਛੂ ਰਹੇ ਹਨ। ਉਨਾਂ ਕਿਹਾ ਕਿ ਰਜਿੰਦਰ ਸ਼ਰਮਾ ਜੀ ਦੀ ਦਿੱਤੀ ਹੋਈ ਸਿੱਖਿਆ ਦੁਆਰਾ ਉਹਨਾਂ ਦੇ ਸਪੁੱਤਰ ਧੀਰਜ ਸ਼ਰਮਾ ਅਤੇ ਪੰਕਜ ਸ਼ਰਮਾ ਸਮੇਤ ਪੂਰਾ ਪਰਿਵਾਰ ਇਸੇ ਸੇਵਾ ਵਿੱਚ ਲੱਗਾ ਹੋਇਆ ਹੈ। ਜਿਨ੍ਹਾਂ ਦੀ ਦੇਖ ਰੇਖ ਦੇ ਵਿੱਚ ਸਕੂਲੀ ਬੱਚੇ ਦਿਨ ਰਾਤ ਮਿਹਨਤ ਕਰ ਰਹੇ ਹਨ ਜਿਸ ਦੇ ਚਲਦਿਆਂ ਇਹਨਾਂ ਬੱਚਿਆਂ ਦਾ ਭਵਿੱਖ ਵੀ ਉਜਵਲ ਨਜ਼ਰ ਆ ਰਿਹਾ ਹੈ। ਅੰਤ ਦੇ ਵਿੱਚ ਇੱਕ ਪਰਿਵਾਰਿਕ ਮੈਂਬਰ ਸ਼ਾਲਨੀ ਸ਼ਰਮਾ ਜੀ ਦੇ ਵੱਲੋਂ ਦੁੱਖ ਦੀ ਇਸ ਘੜੀ ਵਿੱਚ ਪਹੁੰਚੇ ਸਾਰਿਆਂ ਦਾ ਹੀ ਧੰਨਵਾਦ ਕੀਤਾ ਗਿਆ।

# ਪੀਸੀਟੀਈ ਐਥਲੈਟਿਕਸ ਮੀਟ 2026 ਵਿੱਚ ਗਤੀ, ਤਾਕਤ ਅਤੇ ਜੋਸ਼ ਦਾ ਪ੍ਰਦਰਸ਼ਨ

ਜ਼ਿਕਰ ਪੰਜਾਬ

**ਲੁਧਿਆਣਾ/ਰਾਕੇਸ਼ ਅਰੋੜਾ**

ਪੀਸੀਟੀਈ ਗਰੁੱਪ ਆਫ਼ ਇੰਸਟੀਚਿਊਟਸ, ਲੁਧਿਆਣਾ ਨੇ 25 ਫਰਵਰੀ ਨੂੰ ਇੰਸਟੀਚਿਊਟ ਕੈਂਪਸ ਵਿੱਚ ਆਪਣੀ ਸਾਲਾਨਾ ਐਥਲੈਟਿਕਸ ਮੀਟ 2026 ਦੀ ਸਫਲਤਾਪੂਰਵਕ ਮੇਜ਼ਬਾਨੀ ਕੀਤੀ, ਜਿਸ ਵਿੱਚ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਵਿੱਚ ਖੇਡ ਭਾਵਨਾ, ਸਰੀਰਕ ਤੰਦਰੁਸਤੀ, ਟੀਮ ਵਰਕ ਅਤੇ ਅਨੁਸ਼ਾਸਨ ਦਾ ਜਸ਼ਨ ਮਨਾਇਆ ਗਿਆ। ਇਸ ਵੱਕਾਰੀ ਸਮਾਗਮ ਵਿੱਚ ਕਮਾਂਡੈਂਟ, ਇੰਡੋ-ਤਿੱਬਤੀ ਬਾਰਡਰ ਪੁਲਿਸ ਦੇ ਕਮਾਂਡੈਂਟ, ਕਮਾਂਡੈਂਟ, ਕਮਾਂਡੈਂਟ ਸੌਰਭ ਦੂਬੇ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਦੀ ਪ੍ਰੇਰਨਾਦਾਇਕ ਮੌਜੂਦਗੀ ਅਤੇ ਪ੍ਰੇਰਨਾਦਾਇਕ ਭਾਸ਼ਣ ਨੇ ਵਿਦਿਆਰਥੀਆਂ ਨੂੰ ਅਨੁਸ਼ਾਸਨ, ਲਚਕੀਲਾਪਣ ਅਤੇ ਇੱਕ ਸਿਹਤਮੰਦ ਮੁਕਾਬਲੇ ਦੀ ਭਾਵਨਾ ਨੂੰ ਅਪਨਾਉਣ ਲਈ ਉਤਸ਼ਾਹਿਤ ਕੀਤਾ - ਖੇਡਾਂ ਅਤੇ ਜੀਵਨ ਦੋਵਾਂ ਵਿੱਚ ਜ਼ਰੂਰੀ ਮੁੱਲ। ਮੀਟ ਵਿੱਚ ਵੱਖ-ਵੱਖ ਵਿਭਾਗਾਂ ਅਤੇ ਪ੍ਰੋਗਰਾਮਾਂ ਦੇ ਵਿਦਿਆਰਥੀਆਂ ਵੱਲੋਂ ਉਤਸ਼ਾਹੀ ਭਾਗੀਦਾਰੀ ਦੇਖੀ ਗਈ। ਕਾਰਵਾਈ ਇੱਕ ਪ੍ਰਭਾਵਸ਼ਾਲੀ ਮਾਰਚ ਪਾਸਟ ਨਾਲ ਸ਼ੁਰੂ ਹੋਈ, ਜੋ ਏਕਤਾ ਅਤੇ ਸੰਸਥਾਗਤ ਮਾਣ ਦਾ ਪ੍ਰਤੀਕ ਹੈ,






ਇਸ ਤੋਂ ਬਾਅਦ ਖੇਡਾਂ ਵਿੱਚ ਨਿਰਪੱਖ ਖੇਡ ਅਤੇ ਇਮਾਨਦਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਾਲਾ ਸਹੁੰ ਚੁੱਕ ਸਮਾਰੋਹ ਹੋਇਆ। ਮੁੰਡਿਆਂ ਅਤੇ ਕੁੜੀਆਂ ਦੋਵਾਂ ਲਈ ਟਰੈਕ ਅਤੇ ਫੀਲਡ ਈਵੈਂਟਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਪ੍ਰਿੰਟ ਦੌੜ, ਮੱਧ-ਦੂਰੀ ਦੀਆਂ ਦੌੜਾਂ, ਰੀਲੇਅ, ਲੰਬੀ ਛਾਲ ਅਤੇ ਸ਼ਾਟ ਪੁੱਟ ਸ਼ਾਮਲ ਸਨ। ਫੈਕਲਟੀ ਦੌੜ ਅਤੇ ਵਿਦਿਆਰਥੀਆਂ ਦੁਆਰਾ ਜੀਵੰਤ ਸੱਭਿਆਚਾਰਕ ਪ੍ਰਦਰਸ਼ਨ ਵਰਗੇ ਵਿਸ਼ੇਸ਼ ਆਕਰਸ਼ਣਾਂ ਨੇ ਪ੍ਰੋਗਰਾਮ ਵਿੱਚ ਉਤਸ਼ਾਹ ਅਤੇ ਰੰਗ ਭਰਿਆ।ਇਹ ਪ੍ਰੋਗਰਾਮ ਇਨਾਮ ਵੰਡ ਸਮਾਰੋਹ ਨਾਲ ਸਮਾਪਤ ਹੋਇਆ, ਜਿਸ ਵਿੱਚ ਜੇਤੂਆਂ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲਿਆਂ ਨੂੰ ਉਨ੍ਹਾਂ ਦੀਆਂ ਬੇਮਿਸਾਲ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ। ਐਮਬੀਏ ਆਈਬੀ 2ਬੀ ਸੀਨੀਅਰ ਵਿੰਗ ਵਿੱਚ ਓਵਰਆਲ ਚੈਂਪੀਅਨ ਵਜੋਂ ਉਭਰਿਆ, ਜਦੋਂ ਕਿ ਬੀ.ਫਾਰਮੇਸੀ 2024 ਏ ਨੇ ਜੂਨੀਅਰ ਵਿੰਗ ਵਿੱਚ ਓਵਰਆਲ ਚੈਂਪੀਅਨ ਦਾ ਖਿਤਾਬ ਜਿੱਤਿਆ। ਥਾਮਸ (ਬੀ.ਫਾਰਮੇਸੀ 3ਬੀ) ਨੂੰ ਸਰਵੋਤਮ ਐਥਲੀਟ (ਪੁਰਸ਼) ਨਾਲ ਸਨਮਾਨਿਤ ਕੀਤਾ ਗਿਆ, ਜਦੋਂ ਕਿ ਐਮਾ (ਬੀ.ਫਾਰਮੇਸੀ 4ਬੀ) ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਰਵੋਤਮ ਐਥਲੀਟ (ਔਰਤ) ਦੇ ਖਿਤਾਬ ਨਾਲ ਸਨਮਾਨਿਤ ਕੀਤਾ ਗਿਆ। ਸਾਲਾਨਾ ਐਥਲੈਟਿਕਸ ਮੀਟ 2026 ਪੀਸੀਟੀਈ ਦੀ ਸੰਪੂਰਨ ਸਿੱਖਿਆ ਪ੍ਰਤੀ ਵਚਨਬੱਧਤਾ ਦੇ ਸੱਚੇ ਪ੍ਰਤੀਬਿੰਬ ਵਜੋਂ ਖੜ੍ਹੀ ਸੀ, ਜੋ ਨਾ ਸਿਰਫ਼ ਅਕਾਦਮਿਕ ਉੱਤਮਤਾ ਨੂੰ ਉਤਸ਼ਾਹਿਤ ਕਰਦੀ ਸੀ, ਸਗੋਂ ਵਿਦਿਆਰਥੀਆਂ ਵਿੱਚ ਸਰੀਰਕ ਤੰਦਰੁਸਤੀ, ਟੀਮ ਵਰਕ, ਲੀਡਰਸ਼ਿਪ ਅਤੇ ਸਮੁੱਚੇ ਸ਼ਖਸੀਅਤ ਵਿਕਾਸ ਨੂੰ ਵੀ ਉਤਸ਼ਾਹਿਤ ਕਰਦੀ ਸੀ।

# ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਹਿਲਾ ਦਿਵਸ ਮੌਕੇ 8 ਨੂੰ ਕਰਵਾਈ ਜਾਵੇਗੀ 'ਦੌੜ ਜਲੰਧਰ'

## ਵੱਖ-ਵੱਖ ਖੇਤਰਾਂ 'ਚ ਨਾਮਣਾ ਖੱਟਣ ਵਾਲੀਆਂ 10 ਲੜਕੀਆਂ/ਮਹਿਲਾਵਾਂ ਨੂੰ ਕੀਤਾ ਜਾਵੇਗਾ ਸਨਮਾਨਿਤ

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਤਹਿਤ ਨਸ਼ਿਆਂ ਖਿਲਾਫ਼ ਜਾਗਰੂਕਤਾ ਫੈਲਾਉਣ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਨਾਉਣ ਦਾ ਸੱਦਾ ਦੇਣ ਦੇ ਮਕਸਦ ਨਾਲ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਵਿਸ਼ੇਸ਼ ਮੌਕੇ 'ਤੇ 8 ਮਾਰਚ 2026 ਨੂੰ 'ਦੌੜ ਜਲੰਧਰ' ਹਾਫ਼ ਮੈਰਾਥਨ ਕਰਵਾਈ ਜਾ ਰਹੀ ਹੈ। ਇਸ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਹਾਫ਼ ਮੈਰਾਥਨ 21 ਕਿਲੋਮੀਟਰ (ਓਪਨ), 5 ਕਿਲੋਮੀਟਰ (ਓਪਨ) ਅਤੇ 5 ਕਿਲੋਮੀਟਰ (ਵੈਟਰਨ) ਤਿੰਨ ਸ਼?ਰੇਣੀਆਂ ਵਿੱਚ ਹੋਵੇਗੀ। ਮੈਰਾਥਨ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਡਿਪਟੀ ਕਮਿਸ਼ਨਰ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਜ਼ਿੰਮੇਵਾਰੀਆਂ ਦੀ ਵੰਡ ਕੀਤੀ ਗਈ। ਡਾ. ਅਗਰਵਾਲ ਨੇ ਦੱਸਿਆ ਕਿ ਹਾਫ਼ ਮੈਰਾਥਨ ਵਿੱਚ ਵੱਖ-ਵੱਖ ਵਿਦਿਅਕ ਸੰਸਥਾਵਾਂ ਦੇ ਵੱਡੀ ਗਿਣਤੀ ਵਿਦਿਆਰਥੀਆਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ, ਜਿਸ ਦੇ ਮੱਦੇਨਜ਼ਰ ਉਨ੍ਹਾਂ ਅਧਿਕਾਰੀਆਂ ਨੂੰ ਰਿਫਰੈਸ਼ਮੈਂਟ, ਪੀਣ ਵਾਲੇ ਪਾਣੀ, ਐਂਬੂਲੈਂਸ, ਮੈਡੀਕਲ ਟੀਮਾਂ ਤੋਂ ਇਲਾਵਾ ਪੁਲਿਸ ਵਿਭਾਗ ਨੂੰ ਸੁਰੱਖਿਆ ਤੇ ਸੁਚਾਰੂ




ਟ?ਰੈਫਿਕ ਵਿਵਸਥਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਹਾਫ਼ ਮੈਰਾਥਨ ਵਿੱਚ ਵਿਦਿਆਰਥੀਆਂ ਤੋਂ ਇਲਾਵਾ ਵੱਧ ਤੋਂ ਵੱਧ ਆਮ ਲੋਕਾਂ ਦੀ ਸ਼ਮੂਲੀਅਤ 'ਤੇ ਵੀ ਜ਼ੋਰ ਦਿੱਤਾ ਤਾਂ ਜੋ ਨਸ਼ਿਆਂ ਖਿਲਾਫ਼ ਵੱਧ ਤੋਂ ਵੱਧ ਜਾਗਰੂਕਤਾ ਫੈਲਾਈ ਜਾ ਸਕੇ। ਪੰਜਾਬ ਸਰਕਾਰ ਵਲੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਦੀ ਵਚਨਬੱਧਤਾ ਦੁਹਰਾਉਂਦਿਆਂ ਡਾ. ਅਗਰਵਾਲ ਨੇ ਕਿਹਾ ਕਿ ਇਹ ਮੈਰਾਥਨ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਦਾ ਵੱਡਾ ਉਪਰਾਲਾ ਸਿੱਧ ਹੋਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਮੌਕੇ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ 10 ਲੜਕੀਆਂ/ਮਹਿਲਾਵਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ 21 ਕਿਲੋਮੀਟਰ (ਓਪਨ) ਹਾਫ਼ ਮੈਰਾਥਨ ਸ਼੍ਰੇਣੀ ਵਿੱਚ 18 ਸਾਲ ਤੋਂ ਵੱਧ ਉਮਰ ਦੇ ਲੜਕੇ-ਲੜਕੀਆਂ, 5 ਕਿਲੋਮੀਟਰ (ਓਪਨ) ਵਿੱਚ 16 ਸਾਲ ਤੋਂ ਵੱਧ ਉਮਰ ਦੇ ਲੜਕੇ-ਲੜਕੀਆਂ ਅਤੇ ਅਤੇ 5 ਕਿਲੋਮੀਟਰ (ਵੈਟਰਨ) ਸ਼੍ਰੇਣੀ ਵਿੱਚ 50 ਸਾਲ ਵੱਧ ਉਮਰ ਦੇ ਮਹਿਲਾ ਤੇ ਪੁਰਸ਼ ਭਾਗ ਲੈ ਸਕਦੇ ਹਨ। ਵੱਖ-ਵੱਖ ਸ਼੍ਰੇਣੀਆਂ ਵਿੱਚ ਜੇਤੂ ਰਹਿਣ ਵਾਲਿਆਂ ਨੂੰ ਨਕਦ ਇਨਾਮਾਂ ਨਾਲ ਸਨਮਾਨਿਤ ਕੀਤਾ ਜਾਵੇਗਾ। 5 ਕਿਲੋਮੀਟਰ ਰਨ ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਸ਼ਾਹਪੁਰ ਤੋਂ ਸ਼ੁਰੂ ਹੋ ਕੇ ਸੀ.ਟੀ. ਵਰਲਡ ਸਕੂਲ, ਰੋਇਲ ਰੈਜ਼ੀਡੈਂਸੀ ਤੋਂ ਮੁੜ ਕੇ ਵਾਪਸ ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਸ਼ਾਹਪੁਰ ਵਿਖੇ ਸਮਾਪਤ ਹੋਵੇਗੀ। ਜਦਕਿ 21 ਕਿਲੋਮੀਟਰ ਹਾਫ਼ ਮੈਰਾਥਨ ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਸ਼ਾਹਪੁਰ ਤੋਂ ਸ਼ੁਰੂ ਹੋ ਕੇ ਸੀ.ਟੀ. ਵਰਲਡ ਸਕੂਲ, ਰੋਇਲ ਰੈਜ਼ੀਡੈਂਸੀ, ਜਲੰਧਰ ਹਾਈਟਸ-2, ਜਲੰਧਰ ਹਾਈਟਸ-1, ਕਿਊਰੋ ਮਾਲ, ਕਿਡਨੀ ਹਸਪਤਾਲ, ਆਇਕਾਨਿਕ ਮਾਲ, ਚੁਨਮੁਨ ਮਾਲ ਤੋਂ ਵਾਪਸ ਇਸੇ ਰੂਟ ਤੋਂ ਹੁੰਦੇ ਹੋਏ ਮੁੜ ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਸ਼ਾਹਪੁਰ ਵਿਖੇ ਸਮਾਪਤ ਹੋਵੇਗੀ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ 'ਦੌੜ ਜਲੰਧਰ', ਜੋ ਕਿ ਸੀ.ਟੀ. ਗਰੁੱਪ ਦੀ 17ਵੀਂ ਸੀ ਟੀ ਹਾਫ਼ ਮੈਰਾਥਨ ਵੀ ਹੈ, ਵਿੱਚ ਵਧ-ਚੜ੍ਹ ਭਾਗ ਲੈਣ ਦਾ ਸੱਦਾ ਦਿੰਦਿਆਂ ਕਿਹਾ ਕਿ ਲੋਕਾਂ ਦੀ ਸਰਗਰਮ ਭਾਗੀਦਾਰੀ ਨਾਲ ਹੀ ਨਸ਼ਿਆਂ ਖਿਲਾਫ਼ ਜੰਗ ਜਿੱਤੀ ਜਾ ਸਕਦੀ ਹੈ। ਭਾਗ ਲੈਣ ਦੇ ਚਾਹਵਾਨ https://cthalfmarathon.in/register ਲਿੰਕ 'ਤੇ ਰਜਿਸਟਰ ਕਰ ਸਕਦੇ ਹਨ। ਸੀ.ਟੀ. ਗਰੁੱਪ ਦੇ ਐਮ.ਡੀ. ਮਨਬੀਰ ਸਿੰਘ ਨੇ ਹਾਫ਼ ਮੈਰਾਥਨ ਨੂੰ ਸਫ਼ਲ ਬਣਾਉਣ ਲਈ ਸੰਸਥਾ ਵੱਲੋਂ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਸੰਸਥਾ ਦੇ ਵਿਦਿਆਰਥੀ ਅਤੇ ਸਟਾਫ਼ ਮੈਂਬਰ ਵੱਡੀ ਗਿਣਤੀ ਵਿੱਚ ਮੈਰਾਥਨ ਵਿੱਚ ਭਾਗ ਲੈਣਗੇ ਅਤੇ ਭਾਗੀਦਾਰਾਂ ਦੀ ਸਹੂਲਤ ਲਈ ਵਲੰਟੀਅਰਾਂ ਦੀਆਂ ਟੀਮਾਂ ਤਾਇਨਾਤ ਕੀਤੀਆਂ ਜਾਣਗੀਆਂ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਦਿਵਿਆ ਪੀ., ਸਹਾਇਕ ਕਮਿਸ਼ਨਰ (ਯੂ.ਟੀ.) ਮੁਕਿਲਨ ਆਰ. ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਬਾਜਵਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਅਹੁਦੇਦਾਰ ਵੀ ਮੌਜੂਦ ਸਨ।

# ਗੈਂਗਸਟਰਾਂ 'ਤੇ ਵਾਰ ਦਾ 40ਵਾਂ ਦਿਨ: ਪੰਜਾਬ ਪੁਲਿਸ ਵੱਲੋਂ 499 ਥਾਈਂ ਛਾਪੇਮਾਰੀ ; 179 ਕਾਬੂ

## ਪੁਲਿਸ ਟੀਮਾਂ ਨੇ 80 ਵਿਅਕਤੀਆਂ ਵਿਰੁੱਧ ਕੀਤੀ ਇਹਤਿਆਤੀ ਕਾਰਵਾਈ, 113 ਨੂੰ ਪੁੱਛਗਿੱਛ ਪਿੱਛੋਂ ਕੀਤਾ ਰਿਹਾਅ

ਜ਼ਿਕਰ ਪੰਜਾਬ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਚੱਲ ਰਹੀ ਫੈਸਲਾਕੁੰਨ ਮੁਹਿੰਮ 'ਗੈਂਗਸਟਰਾਂ ਤੇ ਵਾਰ' ਦੇ 40ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 499 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ ਤੇ ਵਾਰ' - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜਿਸਦੀ ਸ਼ੁਰੂਆਤ 20 ਜਨਵਰੀ, 2026 ਨੂੰ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਕੀਤੀ ਸੀ। ਇਸ ਮੁਹਿੰਮ ਤਹਿਤ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਪੂਰੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। ਮੁਹਿੰਮ ਦੇ 40ਵੇਂ ਦਿਨ, ਪੁਲਿਸ ਟੀਮਾਂ ਨੇ 179 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਮੁਲਜ਼ਮਾਂ ਦੇ ਕਬਜ਼ੇ 'ਚੋਂ 4 ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਕੁੱਲ ਗਿਣਤੀ 12,203 ਹੋ ਗਈ ਹੈ। ਇਸ ਤੋਂ ਇਲਾਵਾ 80 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 113 ਵਿਅਕਤੀਆਂ ਨੂੰ ਤਫ਼ਤੀਸ਼ ਅਤੇ ਪੁੱਛਗਿੱਛ ਪਿੱਛੋਂ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 7 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫਤਾਰ ਕੀਤਾ ਹੈ। ਲੋਕ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਜਾਣਕਾਰੀ ਦੇ ਸਕਦੇ ਹਨ ਅਤੇ ਇਸ 'ਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੀ ਕੀਤੀ ਜਾ ਸਕਦੀ ਹੈ। ਇਸ ਦੌਰਾਨ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 365ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 86 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 878 ਗ੍ਰਾਮ ਹੈਰੋਇਨ, 105 ਕਿਲੋ ਭੁੱਕੀ, 523 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 3720 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਦੇ ਨਾਲ ਸਿਰਫ਼ 365 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 51,734 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਅੱਜ 23 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ।



# ਅਕਾਲੀ ਦਲ ਵਿਸ਼ਵ ਪੱਧਰੀ ਹੁਨਰ ਵਿਕਾਸ ਯੂਨੀਵਰਸਿਟੀ ਸਥਾਪਿਤ ਕਰਨ ਲਈ ਵਚਨਬੱਧ : ਸੁਖਬੀਰ ਸਿੰਘ ਬਾਦਲ

## ਆਪ ਸਰਕਾਰ ਵੱਲੋਂ ਵਪਾਰੀ ਭਾਈਚਾਰੇ 'ਤੇ ਭਾਰੀ ਟੈਕਸ ਲਾਗੂ ਕਰਨ ਦੀ ਕੀਤੀ ਨਿਖੇਧੀ, ਐਲਾਨ ਕੀਤਾ ਕਿ ਰਾਹਤ ਸਕੀਮ ਮੁੜ ਸ਼ੁਰੂ ਕੀਤੀ ਜਾਵੇਗੀ

ਜ਼ਿਕਰ ਪੰਜਾਬ

**ਸਮਰਾਲਾ/ਮਨੀਸ਼**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਐਲਾਨ ਕੀਤਾ ਕਿ 2027 ਵਿਚ ਪੰਜਾਬ ਵਿਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਅਸੀਂ ਵਿਸ਼ਵ ਪੱਧਰੀ ਹੁਨਰ ਯੂਨੀਵਰਸਿਟੀ ਸਥਾਪਿਤ ਕਰਾਂਗੇ। ਇਥੇ ਪੰਜਾਬ ਬਚਾਓ ਮੁਹਿੰਮ ਤਹਿਤ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਇਸ ਯੂਨੀਵਰਸਿਟੀ ਨਾਲ ਹਰ ਜ਼ਿਲ੍ਹੇ ਦੇ ਇਕ ਕਾਲਜ ਨੂੰ ਮਾਨਤਾ ਦੁਆਈ ਜਾਵੇਗੀ। ਉਹਨਾਂ ਕਿਹਾਕਿ ਅਸੀਂ ਹਰ ਸਾਲ ਇਕ ਲੱਖ ਨੌਜਵਾਨਾਂ ਨੂੰ ਹੁਨਰ ਸਿੱਖਲਾਈ ਸਿੱਖਿਆ ਦੇਣ ਦਾ ਟੀਚਾ ਮਿਥਾਂਗੇ। ਉਹਨਾਂ ਕਿਹਾ ਕਿ ਉਦਯੋਗ ਇਸ ਮੁਹਿੰਮ ਦਾ ਹਿੱਸਾ ਹੋਵੇਗਾ ਤੇ ਨੌਜਵਾਨਾਂ ਨੂੰ ਉਹਨਾਂ ਦੀ ਲੋੜ ਅਨੁਸਾਰ ਸਿਖਲਾਈ ਦਿੱਤੀ ਜਾਵੇਗੀ ਤਾਂ ਜੋ ਉਹਨਾਂ ਨੂੰ ਰੋਜ਼ਗਾਰ ਹਾਸਲ ਹੋ ਸਕੇ। ਉਹਨਾਂ ਕਿਹਾ ਕਿ ਮੈਨੂੰ ਵਿਸ਼ਵਾਸ ਹੈ ਕਿ ਪੰਜਾਬ ਵਾਸਤੇ ਇਹੀ ਰਾਹ ਠੀਕ ਹੈ। ਉਹਨਾਂ ਕਿਹਾ ਕਿ ਅਸੀਂ ਐਲ ਐਂਡ ਟੀ ਨਾਲ ਰਲ ਕੇ ਸ੍ਰੀ ਮੁਕਤਸਰ ਸਾਹਿਬ ਵਿਚ ਇਕ ਪ੍ਰਾਇਲਟ





ਪ੍ਰਾਜੈਕਟ ਚਲਾ ਰਹੇ ਹਾਂ ਤੇ ਅਸੀਂ ਸਾਰੇ ਸੂਬੇ ਵਿਚ ਇਹੀ ਲਾਗੂ ਕਰਨਾ ਚਾਹੁੰਦੇ ਹਾਂ। ਸਰਦਾਰ ਸੁਖਬੀਰ ਸਿੰਘ ਬਾਦਲ ਨੇ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਵਪਾਰੀ ਵਰਗ 'ਤੇ ਭਾਰੀ ਟੈਕਸ ਥੋਪਣ ਦੀ ਵੀ ਨਿਖੇਧੀ ਕੀਤੀ। ਉਹਨਾਂ ਕਿਹਾ ਕਿ ਵਪਾਰੀਆਂ 'ਤੇ ਜੀ ਐਸ ਟੀ ਛਾਪੇਮਾਰੀ ਜਾਰੀ ਹੈ ਤੇ ਟੈਕਸ ਅਫਸਰਾਂ ਨੂੰ ਟੀਚੇ ਦਿੱਤੇ ਜਾ ਰਹੇ ਹਨ ਤੇ ਉਹ ਲਗਾਤਾਰ ਦੁਕਾਨਾਂ ਤੇ ਹੋਰ ਵਪਾਰਕ ਅਦਾਰਿਆਂ 'ਤੇ ਛਾਪੇ ਮਾਰ ਕੇ ਉਹਨਾਂ ਖਿਲਾਫ ਭਾਰੀ ਜ਼ੁਰਮਾਨੇ ਲਗਾ ਰਹੇ ਹਨ। ਉਹਨਾਂ ਕਿਹਾ ਕਿ ਇਕ ਵਾਰ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਇਹ ਛਾਪੇਮਾਰੀ ਬੰਦ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਰਾਹਤ ਸਕੀਮ ਤਜਿਸ ਤਹਿਤ ਇਕ ਮੁਸ਼ਤ ਟੈਕਸ ਦੀ ਸ਼ੁਰੂਆਤ ਕੀਤੀ ਗਈ ਸੀ, ਨੂੰ ਮੁੜ ਸ਼ੁਰੂ ਕੀਤਾ ਜਾਵੇਗਾ ਅਤੇ ਟੈਕਸ ਅਫਸਰਾਂ ਨੂੰ ਵਪਾਰੀਆਂ ਦੇ ਠਿਕਾਣਿਆਂ ਵਿਚ ਦਾਖਲ ਹੋਣ ਤੋਂ ਰੋਕਿਆ ਜਾਵੇਗਾ। ਦਿੱਲੀ ਆਧਾਰਿਤ ਪਾਰਟੀਆਂ 'ਤੇ ਵਰ੍ਹਦਿਆਂ ਸਰਦਾਰ ਬਾਦਲ ਨੇ ਕਿਹਾ ਕਿ ਨਾ ਤਾਂ ਕਾਂਗਰਸ, ਆਪ ਤੇ ਭਾਜਪਾ ਨੂੰ ਉਹਨਾਂ ਦੇ ਹਿੱਤਾਂ ਦੀ ਚਿੰਤਾ ਹੈ। ਉਹਨਾਂ ਕਿਹਾ ਕਿ ਇਹ ਸਿਰਫ ਸੱਤਾ ਵਾਸਤੇ ਆਉਂਦੇ ਹਨ। ਉਹਨਾਂ ਕਿਹਾ ਕਿ ਦੂਜੇ ਪਾਸੇ ਅਕਾਲੀ ਦਲ ਹਮੇਸ਼ਾ ਲੋਕਾਂ ਨਾਲ ਚੰਗੇ ਮਾੜੇ ਸਮੇਂ ਵਿਚ ਸਾਥ ਦਿੰਦਾ ਹੈ। ਉਹਨਾਂ ਕਿਹਾ ਕਿ ਭਾਵੇਂ ਹੁਣ ਵੀ ਰਾਜ ਵਿਧਾਨ ਸਭਾ ਵਿਚ ਸਾਡੇ ਸਿਰਫ ਤਿੰਨ ਵਿਧਾਇਕ ਰਹਿ ਗਏ ਪਰ ਅਸੀਂ ਪਿਛਲੇ ਸਾਲ ਆਏ ਭਿਆਨਕ ਹੜ੍ਹਾਂ ਵੇਲੇ ਲੋਕਾਂ ਦੇ ਨਾਲ ਡਟੇ ਜਦੋਂ ਕੇਂਦਰ ਤੇ ਆਪ ਸਰਕਾਰ ਦੋਵੇਂ ਲੋਕਾਂ ਨੂੰ ਛੱਡ ਗਏ ਸਨ। ਉਹਨਾਂ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਸ਼੍ਰੋਮਣੀ ਅਕਾਲੀ ਦਲ ਦਾ ਡੱਟ ਕੇ ਸਾਥ ਦੇਣ ਅਤੇ ਜ਼ੋਰ ਦੇ ਕੇ ਕਿਹਾ ਕਿ ਹੁਣ ਪੰਜਾਬੀ ਹੋਰ ਤਜ਼ਰਬੇ ਨਹੀਂ ਕਰ ਸਕਦੇ। ਸਰਦਾਰ ਬਾਦਲ ਨੇ ਇਹ ਵੀ ਐਲਾਨ ਕੀਤਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਉਹਨਾਂ ਸਾਰੇ ਕਿਸਾਨਾਂ ਨੂੰ ਟਿਊਬਵੈਲ ਕੁਨੈਕਸ਼ਨ ਦੇਵੇਗੀ ਜਿਹਨਾਂ ਕੋਲ ਕੁਨੈਕਸ਼ਨ ਨਹੀਂ ਹਨ। ਉਹਨਾਂ ਕਿਹਾ ਕਿ ਅਸੀਂ ਨੌਜਵਾਨਾਂ ਨੂੰ ਵਿਆਜ਼ ਮੁਕਤ 10 ਲੱਖ ਰੁਪਏ ਦਾ ਕਰਜ਼ਾ ਦੇਵਾਂਗੇ ਤਾਂ ਜੋ ਉਹ ਉਦਮੀ ਬਣ ਸਕਣ। ਉਹਨਾਂ ਕਿਹਾ ਕਿ ਅਸੀਂ ਆਟਾ ਦਾਲ ਸਕੀਮ ਤਹਿਤ 4 ਰੁਪਏ ਕਿਲੋ ਆਟਾ ਤੇ 20 ਰੁਪਏ ਕਿਲੋ ਦਾਲ ਦੇਵਾਂਗੇ ਅਤੇ ਸ਼ਗਨ ਸਕੀਮ ਤਹਿਤ ਰਾਸ਼ੀ ਵਧਾ ਕੇ 1 ਲੱਖ ਰੁਪਏ ਕਰਾਂਗੇ। ਬਾਅਦ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਦਾਰ ਬਾਦਲ ਨੇ ਕਿਹਾ ਕਿ ਮੱਧ ਪੂਰਬ ਵਿਚ ਜੰਗ ਦੇ ਹਾਲਾਤਾਂ ਕਾਰਨ ਪੰਜਾਬੀ ਉਥੇ ਫਸ ਗਏ ਹਨ ਅਤੇ ਉਹਨਾਂ ਨੇ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਸਾਰੇ ਪ੍ਰਭਾਵਤ ਮੁਲਕਾਂ ਵਿਚ ਫਸੇ ਭਾਰਤੀਆਂ ਨੂੰ ਕੱਢਣ ਵਾਸਤੇ ਫੌਰੀ ਕਦਮ ਚੁੱਕਣ। ਉਹਨਾਂ ਕਿਹਾ ਕਿ ਹਵਾਈ ਰਾਹ ਖੁੱਲ੍ਹਣ 'ਤੇ ਤੁਰੰਤ ਵਿਸ਼ੇਸ਼ ਜਹਾਜ਼ ਭੇਜ ਕੇ ਫਸੇ ਲੋਕਾਂ ਨੂੰ ਬਚਾਉਣਾ ਚਾਹੀਦਾ ਹੈ। ਅਕਾਲੀ ਦਲ ਦੇ ਪ੍ਰਧਾਨ ਨੇ ਸਮਰਾਲਾ ਦੇ ਅਕਾਲੀ ਦਲ ਦੇ ਕੇਡਰ ਦੇ ਨਾਲ-ਨਾਲ ਪੰਜਾਬੀਆਂ ਦਾ ਧੰਨਵਾਦ ਕੀਤਾ ਜਿਹਨਾਂ ਨੇ ਪੰਜਾਬ ਬਚਾਓ ਰੈਲੀ ਨੂੰ ਭਰਵਾਂ ਹੁੰਗਾਰਾ ਦਿੱਤਾ। ਉਹਨਾਂ ਨੇ ਸਮਰਾਲਾ ਦੇ ਹਲਕਾ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਵੱਲੋਂ ਕੀਤੀ ਸਖ਼ਤ ਮਿਹਨਤ ਦੀ ਵੀ ਸ਼ਲਾਘਾ ਕੀਤੀ ਤੇ ਕਿਹਾ ਕਿ ਉਹਨਾਂ ਦੀ ਮਿਹਨਤ ਸਦਕਾ ਹਲਕੇ ਵਿਚ ਅਕਾਲੀ ਦਲ ਮਜ਼ਬੂਤ ਹੋਇਆ ਹੈ। ਇਸ ਮੌਕੇ ਪਰਮਜੀਤ ਸਿੰਘ ਢਿੱਲੋਂ ਤੋਂ ਇਲਾਵਾ ਡਾ. ਦਲਜੀਤ ਸਿੰਘ ਚੀਮਾ, ਕੁਲਦੀਪ ਕੌਰ ਕੰਗ, ਸਰਬਜੀਤ ਸਿੰਘ ਝਿੰਜਰ,ਪਰਮਜੀਤ ਸਿੰਘ ਢਿੱਲੋਂ ਤੇ ਯਾਦਵਿੰਦਰ ਸਿੰਘ ਯਾਦੂ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।



# ਦੋ ਰੋਜ਼ਾ ਮੁਫ਼ਤ ਐਕਿਊਪੰਕਚਰ ਅਤੇ ਡੈਂਟਲ ਕੈਂਪ

ਜ਼ਿਕਰ ਪੰਜਾਬ

**ਲੁਧਿਆਣਾ/ਅਸ਼ਵਨੀ**

ਲੁਧਿਆਣਾ ਐਕਿਊਪੰਕਚਰ ਮੈਡੀਕਲ ਕਾਲਜ ਐਂਡ ਹਸਪਤਾਲ, ਸਲੇਮ ਟਾਬਰੀ ਵੱਲੋਂ ਰਾਸ਼ਟਰੀ ਐਕਿਊਪੰਕਚਰ ਦਿਵਸ ਦੇ ਉਪਲੱਖ ਵਿੱਚ ਅੰਤਰਰਾਸ਼ਟਰੀ ਮਹਾਨ ਭਾਰਤੀ ਚਿਕਿਤਸਕ ਅਤੇ ਭਾਰਤ ਵਿੱਚ ਐਕਿਊਪੰਕਚਰ ਦੇ ਸੰਸਥਾਪਕ ਡਾ. ਵਿਜੈ ਕੁਮਾਰ ਬਸੁ ਨੂੰ ਸਮਰਪਿਤ ਦੋ ਰੋਜ਼ਾ ਮੁਫ਼ਤ ਐਕਿਊਪੰਕਚਰ ਅਤੇ ਡੈਂਟਲ ਕੈਂਪ ਦਾ ਸ਼ੁਭ ਆਰੰਭ ਕੀਤਾ ਗਿਆ। ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਸ਼੍ਰੀ ਅਮਨ ਬੱਗਾ ਖੁਰਾਨਾ, ਕੌਂਸਲਰ, ਵਾਰਡ ਨੰ. 94 ਅਤੇ ਆਸਟ੍ਰੇਲੀਆ ਤੋਂ ਆਏ ਐਕਿਊਪੰਕਚਰ ਮਾਹਿਰ ਡਾ. ਤਿਲਕ ਰਾਜ ਕਾਲਰਾ ਵੱਲੋਂ ਸਾਂਝੇ ਤੌਰ ਤੇ ਕੀਤਾ ਗਿਆ। ਮੁੱਖ ਮਹਿਮਾਨਾਂ ਨੇ ਆਪਣੇ ਸੰਬੋਧਨ ਵਿੱਚ ਐਕਿਊਪੰਕਚਰ ਪੱਧਤੀ ਨੂੰ ਸੁਰੱਖਿਅਤ, ਪ੍ਰਭਾਵਸ਼ਾਲੀ ਅਤੇ ਬਿਨਾਂ ਦਵਾਈ-ਸਰਜਰੀ ਵਾਲੀ ਇਲਾਜ ਪ੍ਰਣਾਲੀ ਦੱਸਿਆ। ਇਸ ਮੌਕੇ ਡਾ. ਤਿਲਕ ਰਾਜ ਕਾਲਰਾ ਨੇ ਦੱਸਿਆ ਕਿ ਆਸਟ੍ਰੇਲੀਆ ਵਿੱਚ ਐਕਿਊਪੰਕਚਰ ਨੂੰ ਪੂਰੀ ਤਰ੍ਹਾਂ ਮਾਨਤਾ ਪ੍ਰਾਪਤ ਹੈ ਅਤੇ ਉੱਥੇ ਇਹ ਬਹੁਤ ਹੀ ਲੋਕਪ੍ਰਿਯ ਅਤੇ ਪ੍ਰਸਿੱਧ ਚਿਕਿਤਸਾ ਪੱਧਤੀ ਹੈ ਕਿਉਂਕਿ ਇਸ ਵਿੱਚ ਦਵਾਈਆਂ ਦੀ ਬਜਾਏ ਸ਼ਰੀਰ ਦੇ ਆਪਣੇ ਰੋਗ-ਰੋਕੂ ਤੰਤਰ ਨੂੰ ਸਰਗਰਮ ਕੀਤਾ ਜਾਂਦਾ ਹੈ। ਕੈਂਪ ਦੇ



ਪਹਿਲੇ ਦਿਨ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਕੁੱਲ 75 ਮਰੀਜ਼ਾਂ ਦਾ ਸਫਲਤਾਪੂਰਵਕ ਇਲਾਜ ਕੀਤਾ ਗਿਆ, ਜਿਸ ਵਿੱਚ ਡਾ. ਇੰਦਰਜੀਤ ਸਿੰਘ (ਡਾਇਰੈਕਟਰ ਡਾ. ਕੋਟਨਿਸ ਹਸਪਤਾਲ), ਡੈਂਟਲ ਵਿਸ਼ੇਸ਼ਗਿਆ ਡਾ. ਸੁਨੀਲ ਸ਼ਰਮਾ ਅਤੇ ਸੀਨੀਅਰ ਡਾਕਟਰ ਡਾ. ਰਘੁਵੀਰ ਸਿੰਘ ਅਤੇ ਡਾ. ਬਲਜਿੰਦਰ ਸਿੰਘ ਨੇ ਆਪਣੀਆਂ ਵਿਸ਼ੇਸ਼ਗਿਆ ਸੇਵਾਵਾਂ ਪ੍ਰਦਾਨ ਕੀਤੀਆਂ। ਕੈਂਪ ਵਿੱਚ ਸ਼ੂਗਰ ਨਾਲ ਸੰਬੰਧਿਤ ਸਮੱਸਿਆਵਾਂ, ਨਸਾਂ ਵਿੱਚ ਖਿਚਾਅ, ਨਿਊਰੋਪੈਥੀ, ਕਮਰ ਦਰਦ, ਸਰਵਾਈਕਲ, ਸਪਾਂਡਿਲਾਈਟਿਸ, ਡਿਸਕ ਪ੍ਰੋਲੈਪਸ, ਜੋੜਾਂ ਅਤੇ ਘੁੱਟਿਆਂ ਦਾ ਦਰਦ, ਮਾਈਗ੍ਰੇਨ, ਅਨੀਂਦਰਾ, ਮਾਨਸਿਕ ਤਣਾਅ, ਲਕਵਾ, ਅਧਰੰਗ, ਪੁਰਾਣਾ ਜ਼ੁਕਾਮ, ਖੇਡਾਂ ਨਾਲ ਜੁੜੀਆਂ ਚੋਟਾਂ ਅਤੇ ਨਸ਼ਾ ਮੁਕਤੀ ਵਰਗੀਆਂ ਵੱਖ-ਵੱਖ ਬਿਮਾਰੀਆਂ ਦਾ ਬਿਨਾਂ ਦਵਾਈ ਅਤੇ ਬਿਨਾਂ ਸਰਜਰੀ ਇਲਾਜ ਕੀਤਾ ਗਿਆ। ਨਾਲ ਹੀ ਦੰਦਾਂ ਵਿੱਚ ਦਰਦ, ਕੀੜਾ ਲੱਗਣਾ, ਮਸੂੜਿਆਂ ਦੀ ਸੋਜ, ਮੂੰਹ ਤੋਂ ਬਦਬੂ ਅਤੇ ਡੈਂਟਲ ਸਕੇਲਿੰਗ ਅਤੇ ਜਾਂਚ ਦੀ ਸਹੂਲਤ ਵੀ ਮੁਫ਼ਤ ਉਪਲਬਧ ਕਰਵਾਈ ਗਈ। ਕੈਂਪ ਵਿੱਚ ਅਸ਼ਵਨੀ ਵਰਮਾ, ਅਨੁ ਚਾਵਲਾ, ਗਗਨ ਭਾਟੀਆ, ਮਨੀਸ਼ਾ, ਤਰਸੇਮ ਲਾਲ, ਰਾਜਨ, ਰਿਤੂ, ਸੋਨੀਆ, ਪ੍ਰਵੇਸ਼ ਆਦਿ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਡਾ. ਇੰਦਰਜੀਤ ਸਿੰਘ ਨੇ ਦੱਸਿਆ ਕਿ ਕੈਂਪ ਦਾ ਦੂਜਾ ਦਿਨ ਵੀ ਨਿਰਧਾਰਿਤ ਸਮੇਂ ਅਨੁਸਾਰ ਆਯੋਜਿਤ ਕੀਤਾ ਜਾਵੇਗਾ ਤਾਂ ਜੋ ਵੱਧ ਤੋਂ ਵੱਧ ਲੋਕ ਇਸ ਲੋਕ-ਹਿਤੈਸ਼ੀ ਮੁਹਿੰਮ ਦਾ ਲਾਭ ਲੈ ਸਕਣ।

# ਦਿੱਲੀ ਅਤੇ ਪੰਜਾਬ ਦੇ ਲੋਕਾਂ ਨੇ ਕੇਜਰੀਵਾਲ ਅਤੇ ਸਿਸੋਦੀਆ ਸਮੇਤ 'ਆਪ' ਦੀ ਇਮਾਨਦਾਰੀ ਤੇ ਮੋਹਰ ਲਗਾਈ : ਅਜਿੰਦਰ ਕੌਰ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਦਿੱਲੀ ਦੀ ਸਾਊਥ ਐਵੇਨਿਊ ਅਦਾਲਤ ਵੱਲੋਂ ਕਥਿਤ ਸ਼ਰਾਬ ਘੁਟਾਲੇ ਦੇ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਸ੍ਰੀ ਮਨੀਸ਼ ਸਿਸੋਦੀਆ ਸਮੇਤ 23 ਹੋਰ ਆਗੂਆਂ ਨੂੰ ਸਨਮਾਨਜਨਕ ਬਰੀ ਕੀਤੇ ਜਾਣ ਤੋਂ ਬਾਅਦ ਆਮ ਆਦਮੀ ਪਾਰਟੀ ਨੇ ਕੇਂਦਰ ਸਰਕਾਰ ਅਤੇ ਭਾਜਪਾ ਵਿਰੁੱਧ ਵਿਰੋਧ ਪ੍ਰਦਰਸ਼ਨ ਕਰਨ ਲਈ ਜੰਤਰ-ਮੰਤਰ ਵਿਖੇ ਇੱਕ ਵਿਸ਼ਾਲ ਰੈਲੀ ਦਾ ਆਯੋਜਨ ਕੀਤਾ ਜਿਸ ਵਿੱਚ ਪੰਜਾਬ ਦੀ ਸਮੁੱਚੀ ਲੀਡਰਸ਼ਿਪ ਅਤੇ ਵਰਕਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਆਮ ਆਦਮੀ ਪਾਰਟੀ ਮਹਿਲਾ ਵਿੰਗ, ਮਾਲਵਾ ਸੈਂਟਰਲ ਜ਼ੋਨ ਦੀ ਇੰਚਾਰਜ ਅਤੇ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਮੈਂਬਰ ਅਜਿੰਦਰ ਕੌਰ ਨੇ ਇੱਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਇਹ ਗੱਲ ਕਹੀ। ਉਨ੍ਹਾਂ ਕਿਹਾ ਕਿ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਨੇ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੂੰ ਝੂਠੇ ਮਾਮਲਿਆਂ ਵਿੱਚ ਫਸਾਉਣ ਲਈ ਹਰ ਸਾਜ਼ਿਸ਼ ਰਚੀ ਅਤੇ ਪ੍ਰਮੁੱਖ ਪਾਰਟੀ ਆਗੂਆਂ ਨੂੰ ਝੂਠੇ ਮਾਮਲਿਆਂ ਵਿੱਚ ਫਸਾਉਣ ਲਈ ਕੇਂਦਰੀ ਏਜੰਸੀਆਂ ਦੀ ਖੁੱਲ੍ਹ ਕੇ ਵਰਤੋਂ ਕੀਤੀ।



ਹਾਲਾਂਕਿ ਆਮ ਆਦਮੀ ਪਾਰਟੀ ਸੱਚੀ ਰਾਜਨੀਤੀ ਦੇ ਆਧਾਰ 'ਤੇ ਪੈਦਾ ਹੋਈ ਸੀ, ਅਤੇ ਇਸ ਲਈ ਸਾਨੂੰ ਦੇਸ਼ ਦੀ ਨਿਆਂ ਪ੍ਰਣਾਲੀ 'ਤੇ ਪੂਰਾ ਵਿਸ਼ਵਾਸ ਹੈ ਅਤੇ ਇਹ ਵਿਸ਼ਵਾਸ ਅੱਜ ਸਾਬਤ ਹੋ ਗਿਆ ਹੈ। ਭਾਜਪਾ ਅਤੇ ਐਨਡੀਏ ਗਠਜੋੜ ਨੇ ਲੋਕ ਸਭਾ ਅਤੇ ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਜਿੱਤ ਪ੍ਰਾਪਤ ਕਰਨ ਲਈ ਹਰ ਘਟੀਆ ਰਸਤਾ ਅਪਣਾਇਆ ਉਨ੍ਹਾਂ ਨੇ ਮਨਘੜਤ ਸਬੂਤਾਂ ਦੀ ਆੜ ਵਿੱਚ ਮਹੀਨਿਆਂ ਤੱਕ ਜੇਲ੍ਹ ਵਿੱਚ ਰੱਖ ਕੇ ਸਾਡੇ ਨੇਤਾਵਾਂ ਨੂੰ ਤੋੜਨ ਲਈ ਸਸਤੇ ਹੱਥਕੰਡੇ ਵਰਤੇ ਪਰ ਦੇਸ਼ ਦੇ ਲੋਕਾਂ ਦੇ ਸਮਰਥਨ ਅਤੇ ਲੱਖਾਂ ਪਾਰਟੀ ਵਰਕਰਾਂ ਦੇ ਵਿਸ਼ਵਾਸ ਨੇ ਸਾਡੇ ਨੇਤਾਵਾਂ ਦੇ ਹੌਂਸਲੇ ਬੁਲੰਦ ਰੱਖੇ। ਅੱਜ, ਦਿੱਲੀ ਅਤੇ ਪੰਜਾਬ ਦੇ ਲੋਕਾਂ ਨੇ ਦਿੱਲੀ ਵਿੱਚ ਹੋਈ ਵਿਸ਼ਾਲ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਹਿੱਸਾ ਲਿਆ, ਕੇਜਰੀਵਾਲ ਅਤੇ ਸਿਸੋਦੀਆ ਦੇ ਨਾਲ-ਨਾਲ ਆਮ ਆਦਮੀ ਪਾਰਟੀ ਵਿੱਚ ਆਪਣਾ ਵਿਸ਼ਵਾਸ ਪ੍ਰਗਟ ਕੀਤਾ। ਅਜਿੰਦਰ ਕੌਰ ਨੇ ਕਿਹਾ ਕਿ ਮਾਣਯੋਗ ਅਦਾਲਤ ਵੱਲੋਂ ਦਿੱਤੇ ਗਏ ਫੈਸਲੇ ਨੇ ਪਾਰਟੀ ਵਰਕਰਾਂ ਵਿੱਚ ਇੱਕ ਨਵਾਂ ਉਤਸ਼ਾਹ ਪੈਦਾ ਕੀਤਾ ਹੈ। ਅਸੀਂ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਪਹਿਲਾਂ ਨਾਲੋਂ ਵੀ ਜ਼ਿਆਦਾ ਜ਼ੋਰਦਾਰ ਵਿਰੋਧ ਕਰਾਂਗੇ। ਉਨ੍ਹਾਂ ਦੱਸਿਆ ਕਿ ਰੈਲੀ ਵਿੱਚ ਕੇਂਦਰੀ ਲੀਡਰਸ਼ਿਪ, ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ, ਮਹਿਲਾ ਵਿੰਗ ਦੀ ਪ੍ਰਧਾਨ ਡਾ. ਅਮਨਦੀਪ ਅਰੋੜਾ, ਸਮੁੱਚੀ ਕੈਬਨਿਟ, ਸੰਸਦ ਮੈਂਬਰ, ਵਿਧਾਇਕ, ਸਾਰੇ ਪਾਰਟੀ ਵਰਕਰ ਅਤੇ ਜ਼ਿਲ੍ਹਾ ਟੀਮਾਂ ਸ਼ਾਮਲ ਸਨ, ਨੇ ਸ਼ਿਰਕਤ ਕੀਤੀ।

# ਪਰਵਾਸੀ ਸਭਾ ਬਦੇਸ਼ ਵੱਸਦੇ ਪੰਜਾਬੀਆਂ ਤੇ ਪੰਜਾਬ ਸਰਕਾਰ ਵਿਚਕਾਰ ਮਜ਼ਬੂਤ ਪੁਲ ਬਣ ਸਕਦੀ ਹੈ : ਪੀਟਰ ਸੰਧੂ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਐਡਮੰਟਨ(ਕੈਨੇਡਾ) ਤੋਂ ਦੋ ਵਾਰ ਐੱਮ ਐੱਲ ਏ ਰਹੇ ਪੀਟਰ ਸੰਧੂ ਨੇ ਕਿਹਾ ਹੈ ਕਿ ਪਰਵਾਸੀ ਸਭਾ ਜਲੰਧਰ ਬਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਤੇ ਪੰਜਾਬ ਸਰਕਾਰ ਵਿਚਕਾਰ ਮਜ਼ਬੂਤ ਪੁਲ? ਬਣ ਸਕਦੀ ਹੈ ਜਿਸ ਲਈ ਦੂਰਦ੍ਰਿਸ਼ਟੀ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਬਹੁਤੇ ਪ੍ਰਵਾਸੀਆਂ ਦੇ ਮਸਲੇ ਜਾਇਦਾਦ ਤੇ ਰਿਸ਼ਤੇ ਨਾਤਿਆਂ ਦੇ ਤੋੜ ਵਿਛੋੜੇ ਨਾਲ ਸਬੰਧਿਤ ਹਨ। ਇਨ੍ਹਾਂ ਵਿੱਚੋਂ ਬਹੁਤੇ ਕਾਨੂੰਨੀ ਪੇਚੀਦਗੀਆਂ ਵਿੱਚ ਫਸੇ ਹੋਏ ਹਨ ਜਦ ਕਿ ਸਭਾ ਰਾਹੀਂ ਸਮਾਜਿਕ ਦਬਾਅ ਬਣਾ ਕੇ ਹੱਲ ਕੀਤੇ ਜਾ ਸਕਦੇ ਹਨ। ਪੀਟਰ ਸੰਧੂ ਅੱਜ ਲੁਧਿਆਣਾ ਵਿੱਚ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਤੇ ਪੰਜਾਬੀ ਲੇਖਕ ਪ੍ਰੋ. ਗੁਰਭਜਨ ਸਿੰਘ ਗਿੱਲ ਨਾਲ ਨਿੱਜੀ ਮੁਲਾਕਾਤ ਅਤੇ ਵਿਚਾਰ ਚਰਚਾ ਲਈ ਆਏ ਸਨ। ਉਨ੍ਹਾਂ ਕਿਹਾ ਕਿ ਮੈਂ ਪਰਵਾਸੀ ਭਰਾਵਾਂ ਨੂੰ ਸੰਗਠਿਤ ਕਰਕੇ ਇਸ ਸਭਾ ਨੂੰ ਸਰਗਰਮ ਕਰਨ ਲਈ ਕੈਨੇਡਾ ਤੋਂ ਆਇਆ ਹਾਂ। ਇਸ ਕੰਮ ਲਈ ਮੈਨੂੰ ਲੇਖਕਾਂ, ਮੀਡੀਆ ਕਰਮੀਆਂ,ਸਮਾਜ ਸੇਵੀ ਜਥੇਬੰਦੀਆਂ ਦੇ ਸੁਝਾਵਾਂ ਤੇ ਸਹਿਯੋਗ ਦੀ ਲੋੜ ਹੈ। ਮੋਗਾ ਜ਼ਿਲ੍ਹੇ ਦੇ ਪਿੰਡ ਮਨਾਵਾਂ ਦੇ ਜੰਮਪਲ ਪਰਮਜੀਤ ਸਿੰਘ ਸੰਧੂ ਉਰਫ ਪੀਟਰ ਸੰਧੂ ਨੇ ਪੂਰੇ



ਪੰਜਾਬ ਵਿੱਚ ਪਰਵਾਸੀ ਚੇਤਨਾ ਯਾਤਰਾ ਕਰਨ ਦਾ ਵੀ ਫੈਸਲਾ ਕੀਤਾ ਹੈ ਤਾਂ ਦੇ ਸਮੱਸਿਆਵਾਂ ਨੂੰ ਖੇਤਰੀ ਪੱਧਰ ਤੇ ਸਮਝਿਆ ਜਾ ਸਕੇ। ਉਨ੍ਹਾਂ ਪੰਜਾਬ ਸਰਕਾਰ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਪਰਵਾਸੀ ਸਭਾ ਦੀਆਂ ਚੋਣਾਂ ਤੁਰੰਤ ਕਰਵਾਏ। ਇਸ ਮੌਕੇ ਬੋਲਦਿਆਂ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਪ੍ਰਵਾਸੀਆਂ ਦੇ ਬਹੁਤੇ ਮਸਲੇ ਆਪਣੇ ਭੈਣ ਭਰਾਵਾਂ ਨਾਲ ਜਾਇਦਾਦ ਦੇ ਸਬੰਧ ਵਿੱਚ ਹਨ। ਇਸ ਸਬੰਧੀ ਕਾਨੂੰਨ ਬਹੁਤਾ ਕੁਝ ਨਹੀਂ ਕਰ ਸਕਦਾ ਜੋ ਰਿਸ਼ਤਿਆਂ ਸੰਵੇਦਨਾ ਤੇ ਸਮਝ ਕਰ ਸਕਦੀ ਹੈ। ਉਸ ਸੰਵੇਦਨਾ ਦੇ ਮਰਨ ਨਾਲ ਹੀ ਬਹੁਤੇ ਮਸਲੇ ਉਲਝੇ ਹੋਏ ਹਨ। ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ ਤੇ ਇਹ ਸਮਝਣਾ ਪਵੇਗਾ ਕਿ ਫਰਜ਼ਾਂ ਤੇ ਗ਼ਰਜ਼ਾਂ ਭਾਰੂ ਨਾ ਹੋਣ। ਪ੍ਰੋ. ਗਿੱਲ ਨੇ ਕਿਹਾ ਕਿ ਬਦੇਸ਼ਾਂ ਵਿੱਚ ਵੱਸੇ ਪੰਜਾਬੀ ਭਾਈਚਾਰੇ ਨੂੰ ਇੱਕ ਜੁੱਟ ਹੋ ਕੇ ਸਾਰੇ ਸੰਕਟ ਬਾਰੇ ਲਗਾਤਾਰ ਵਿਚਾਰ ਵਟਾਂਦਰੇ ਲਈ ਵਕਤ ਕੱਢਣਾ ਚਾਹੀਦਾ ਹੈ ਤਾਂ ਜੋ ਭਵਿੱਖ ਵਿੱਚ ਰਿਸ਼ਤਿਆਂ ਵਿੱਚ ਹੋਰ ਤਣਾਉ ਨਾ ਵਧੇ। ਇਸ ਮੌਕੇ ਨਿਊਯਾਰਕ (ਅਮਰੀਕਾ) ਤੋਂ ਆਏ ਸ. ਭੁਪਿੰਦਰ ਸਿੰਘ ਨੱਤ ਤੇ ਕੈਨੇਡਾ ਤੋਂ ਆਏ ਸ. ਰਾਜਵਿੰਦਰ ਸਿੰਘ ਨੱਤ ਨੇ ਵੀ ਵਿਚਾਰ ਵਟਾਂਦਰੇ ਵਿੱਚ ਹਿੱਸਾ ਲਿਆ। ਪ੍ਰੋ. ਗਿੱਲ ਨੇ ਰਾਜਵਿੰਦਰ ਸਿੰਘ ਨੱਚ ਨੂੰ ਪੁਸਤਕਾਂ ਦਾ ਸੈੱਟ ਭੇਟ ਕਰਕੇ ਸਨਮਾਨਿਤ ਕੀਤਾ।

# ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਅਤੇ ਬਾਬਾ ਬੰਦਾ ਸਿੰਘ ਬਹਾਦਰ ਕਿਸਾਨ ਮਜ਼ਦੂਰ ਜਥੇਬੰਦੀਆਂ ਵੱਲੋਂ ਬੱਲੂਆਣਾ ਟੋਲ ਪਲਾਜ਼ਾ 'ਤੇ ਲਗਾਇਆ ਰੋਸ ਧਰਨਾ

ਜ਼ਿਕਰ ਪੰਜਾਬ

**ਗਿੱਦੜਬਾਹਾ/ਨਰਿੰਦਰ ਵਧਵਾ**

ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਅਤੇ ਬਾਬਾ ਬੰਦਾ ਸਿੰਘ ਬਹਾਦਰ ਕਿਸਾਨ ਮਜ਼ਦੂਰ ਜੱਥੇਬੰਦੀਆਂ ਬਲਾਕ ਗਿੱਦੜਬਾਹਾ ਦੋਦਾ ਬਠਿੰਡਾ ਵੱਲੋ ਅੱਜ ਪ੍ਰਧਾਨ ਠਾਣਾ ਸਿੰਘ ਬਾਬਾਨੀਆ ਅਗਵਾਈ ਵਿੱਚ ਅੱਜ ਬਲਾਕ ਗਿੱਦੜਬਾਹਾ ਦੋਦਾ ਬਠਿੰਡਾ ਵੱਲੋ ਧਰਮ ਯੁੱਧ ਟਾਵਰ ਮੋਰਚਾ ਸਮਾਣਾ ਦੀ ਹਮਾਇਤ ਵਿੱਚ ਸਾਰੇ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਸੰਬੰਧੀ ਸਖ਼ਤ ਕਨੂੰਨ ਬਣਾਉਣ ਲਈ ਪਿਛਲੇ 16 ਮਹੀਨੇ ਤੋ ਸੰਘਰਸ਼ ਕਰਾ ਰਹੇ ਭਾਈ ਗੁਰਜੀਤ ਸਿੰਘ ਖਾਲਸਾ ਦੇ ਹੱਕ ਵਿੱਚ ਬਠਿੰਡਾ ਮਲੋਟ ਰੋਡ ਤੇ ਪੈਂਦੇ ਪਿੰਡ ਬੱਲੂਆਣਾ ਟੋਲ ਪਲਾਜ਼ਾ ਫਰੀ ਕੀਤਾ ਗਿਆ 12 ਤੋ 4 ਤੱਕ ਇਸ ਮੌਕੇ ਬਲਾਕ ਗਿੱਦੜਬਾਹਾ ਦੇ ਗੁਰਤੇਜ ਸਿੰਘ ਬੁੱਟਰ ਜਰਨਲ ਸਕੱਤਰ ਅਵਤਾਰ ਸਿੰਘ



ਫੌਜੀ ਫਕਰਸਰ ਚਮਕੌਰ ਸਿੰਘ ਫਕਰਸਰ ਬਲਵਿੰਦਰ ਸਿੰਘ ਮਧੀਰ ਧਰਮਪਾਲ ਸ਼ਰਮਾ ਘੁੱਗਾ ਬੋਗਾ ਸਿੰਘ ਹੁਸਨਰ ਅੰਮ੍ਰਿਤਪਾਲ ਸਿੰਘ ਭਾਰੂ ਬੋਗਾ ਸਿੰਘ ਗਿੱਦੜਬਾਹਾ ਜਲੌਰ ਸਿੰਘ ਸਾਵਗ ਕਾਲਾ ਸਿੰਘ ਕਾਲਾ ਕੋਟਭਾਈ ਪ੍ਰਧਾਨ ਕੁਲਦੀਪ ਸਿੰਘ ਨੇਤਾ ਕੋਟਭਾਈ ਨਾਨਕ ਸਿੰਘ ਫਕਰਸਰ ਤਰਸੇਮ ਸਿੰਘ ਬਲਾਕ ਪ੍ਰਧਾਨ ਦੋਦਾ ਗਗਨਦੀਪ ਸਿੰਘ ਗੂੜੀ ਸੰਘਰ ਜਰਨਲ ਸਕੱਤਰ ਅੰਗਰੇਜ਼ ਸਿੰਘ ਕਾਉਣੀ ਇਕਬਾਲ ਸਿੰਘ ਭਾਲਈਆਣਾ ਸੁਰਜੀਤ ਸਿੰਘ ਮੱਲਣ ਗੁਰਜੰਟ ਸਿੰਘ ਲੁਹਾਰਾ ਬੇਅੰਤ ਸਿੰਘ ਦੋਦਾ ਬਲਜਿੰਦਰ ਸਿੰਘ ਖੁਨਣ ਖੁਰਦ ਬਲਾਕ ਬਠਿੰਡਾ ਜਸਵੰਤ ਸਿੰਘ ਮਾਨ ਝੁੰਬਾ ਗੁਰਜਿੰਦਰ ਸਿੰਘ ਝੁੰਬਾ ਅਜਮੇਰ ਸਿੰਘ ਝੁੰਬਾ ਕੇਵਲ ਸਿੰਘ ਜੰਗੀਰਾਣਾ, ਗੋਰਾ ਸਿੰਘ ਜ਼ਿਲਾ ਜਰਨਲ ਸਕੱਤਰਾਂ ਸ੍ਰੀ ਮੁਕਤਸਰ ਸਾਹਿਬ, ਬਾਬਾ ਬੰਦਾ ਬਹਾਦਰ ਜਥੇਬੰਦੀ ਕਿਸਾਨ ਮਜ਼ਦੂਰ ਪੰਜਾਬ , ਬਲਦੇਵ ਸਿੰਘ ਮਾਨ ਬਲਾਕ ਪ੍ਰਧਾਨ, ਜਗਦੀਸ਼ ਸਿੰਘ ਜ਼ਿਲਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ , ਗਗਨਦੀਪ ਸਿੰਘ ਜ਼ਿਲਾ ਪ੍ਰਧਾਨ ਯੂਥ ਪ੍ਰਧਾਨ ਅਤੇ ਭਾਰੀ ਮਾਤਰਾ ਤੋਂ ਕਿਸਾਨ ਆਗੂ ਹਾਜ਼ਰ ਸਨ।

# ਵਿਧਾਇਕ ਸੰਗੋਵਾਲ ਦੀ ਅਗਵਾਈ 'ਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਕੈਂਪ ਆਯੋਜਿਤ



ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਅੱਜ ਬਾਬਾ ਦੀਪ ਸਿੰਘ ਨਗਰ ਵਿਚ ਮੁਖ ਮੰਤਰੀ ਸਿਹਤ ਬੀਮਾ ਯੋਜਨਾ ਕਾਰਡ ਦਾ ਕੈਂਪ ਸਰਦਾਰ ਜੀਵਨ ਸਿੰਘ ਸੰਗੋਵਾਲ ਐੱਮ ਐੱਲ ਏ ਹਲਕਾ ਗਿੱਲ ਦੀ ਰਹਿਨੁਮਾਈ ਹੇਠ ਲਗਾਇਆ ਗਿਆ। ਇਸ ਕੈਂਪ ਦਾ ਮੁਹੱਲੇ ਦੇ ਲੋਕਾਂ ਨੇ ਪੂਰਾ ਲਾਭ ਉਠਾਇਆ ।ਇਹ ਕੈਂਪ ਗ੍ਰਾਮ ਪੰਚਾਇਤ ਅਤੇ ਯੂਥ ਕਲੱਬ ਬਾਬਾ ਦੀਪ ਸਿੰਘ ਨਗਰ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਕੈਂਪ ਮੌਕੇ ਸਰਪੰਚ ਹਰਮੇਸ਼ ਸਿੰਘ ,ਪ੍ਰਭਜੋਤ ਸਿੰਘ (ਪੰਚ), ਸੁਰਿੰਦਰ ਸ਼ਰਮਾ(ਪੰਚ), ਦਵਿੰਦਰ ਸਿੰਘ (ਪੰਚ),ਚੰਦਨ ਕੁਮਾਰ, ਸੁਖਦੀਪ ਸਿੰਘ ਅਤੇ ਯੂਥ ਕਲੱਬ ਦੇ ਪ੍ਰਧਾਨ ਹਨਦੀਪ ਸ਼ਰਮਾ ਮੌਜੂਦ ਰਹੇ ।ਕੈਂਪ ਵਿਚ ਆਏ ਲੋਕਾਂ ਨੇ ਮੁਖ ਮੰਤਰੀ ਸਰਦਾਰ ਭਗਵੰਤ ਮਾਨ ਅਤੇ ਹਲਕੇ ਦੇ ਐੱਮ ਐੱਲ ਏ ਜੀਵਨ ਸਿੰਘ ਸੰਗੋਵਾਲ ਦਾ ਵਿਸ਼ੇਸ਼ ਧੰਨਵਾਦ ਕੀਤਾ ।ਇਸ ਕੈਂਪ ਵਿਚ ਸਪੋਰਟਸ ਵਿੰਗ ਲੁਧਿਆਣਾ ਦੀ ਪ੍ਰਧਾਨ ਸੋਨੀਆ ਅਲੱਗ ਵਿਸ਼ੇਸ਼ ਤੌਰ 'ਤੇ ਪਹੁੰਚੇ।

# ਦੁਬਈ 'ਚ ਫਸੇ ਭਾਰਤ ਦੇ 120 ਸ਼ਰਧਾਲੂ

ਜ਼ਿਕਰ ਪੰਜਾਬ

**ਜੋਧਪੁਰ** : ਜੋਧਪੁਰ ਦੇ 120 ਸ਼ਰਧਾਲੂ ਜੋ ਕਥਾ ਸੁਣਾਉਣ ਲਈ ਦੁਬਈ ਗਏ ਸਨ, ਈਰਾਨ ਯੁੱਧ ਕਾਰਨ ਉੱਥੇ ਹੀ ਫਸ ਗਏ ਹਨ। ਕਥਾ ਦਾ ਆਯੋਜਨ ਸੁਰਸਾਗਰ ਦੇ ਮਹਾਰਾਜ ਅੰਮ੍ਰਿਤ ਰਾਮ ਨੇ 23 ਤੋਂ 28 ਫਰਵਰੀ ਤੱਕ ਕੀਤਾ ਸੀ। ਸ਼ਨੀਵਾਰ ਨੂੰ ਕਥਾ ਸਮਾਪਤ ਹੋਣ ਤੋਂ ਬਾਅਦ ਜਦੋਂ ਸਾਰੇ ਸ਼ਰਧਾਲੂ ਦੁਬਈ ਹਵਾਈ ਅੱਡੇ 'ਤੇ ਪਹੁੰਚੇ, ਤਾਂ ਉਨ੍ਹਾਂ ਨੂੰ ਵਾਪਸ ਭੇਜ ਦਿੱਤਾ ਗਿਆ। ਹੁਣ ਸ਼ਰਧਾਲੂਆਂ ਕੋਲ ਰਹਿਣ ਲਈ ਕੋਈ ਜਗ?ਹਾ ਨਹੀਂ ਹੈ, ਨਾ ਹੀ ਉਨ੍ਹਾਂ ਕੋਲ ਹੋਰ ਪ੍ਰਬੰਧ ਕਰਨ ਲਈ ਪੈਸੇ ਬਚੇ ਹਨ। ਇਸ ਸਮੇਂ ਦੁਬਈ ਦੇ ਮਹੇਸ਼ਵਰੀ ਭਾਈਚਾਰੇ ਨੇ ਖਾਣੇ ਦਾ ਪ੍ਰਬੰਧ ਕੀਤਾ ਹੈ। ਜੋਧਪੁਰ ਦੇ ਸੁਰਸਾਗਰ ਵਿੱਚ ਸਥਿਤ ਰਾਮਦੁਆਰਾ ਦੇ ਸੰਤ ਰਾਮਪ੍ਰਸਾਦ ਨੇ ਕਿਹਾ ਕਿ ਸਾਰੇ ਸ਼ਰਧਾਲੂ ਸੁਰੱਖਿਅਤ ਹਨ। ਉਨ੍ਹਾਂ ਨੇ ਉਨ੍ਹਾਂ ਨਾਲ ਗੱਲ ਕੀਤੀ ਹੈ। ਉਹ ਉਨ੍ਹਾਂ ਲਈ ਪ੍ਰਬੰਧ ਕਰ ਰਹੇ ਹਨ। ਕਥਾ ਕਰਨ ਗਏ ਸੰਤ ਅੰਮ੍ਰਿਤ ਰਾਮ ਨੇ ਕਿਹਾ ਕਿ ਈਰਾਨੀ ਹਮਲੇ ਤੋਂ ਬਾਅਦ ਦੁਬਈ ਵਿੱਚ ਹੋਟਲ ਦਾ ਕਿਰਾਇਆ ਪ੍ਰਤੀ ਕਮਰਾ 20 ਹਜ਼ਾਰ ਰੁਪਏ ਪ੍ਰਤੀ ਦਿਨ ਤੱਕ ਹੋ ਗਿਆ ਹੈ। ਸ਼ਨੀਵਾਰ ਨੂੰ ਕਥਾ ਸਮਾਪਤ ਹੋਣ ਤੋਂ ਬਾਅਦ ਸਾਰੇ ਸ਼ਰਧਾਲੂਆਂ ਨੂੰ ਭਾਰਤ ਆਉਣ ਲਈ ਉਡਾਣ ਭਰਨੀ ਸੀ। ਅਜਿਹੇ ਵਿੱਚ ਸਭ ਨੇ ਖਰੀਦਦਾਰੀ ਕੀਤੀ, ਜਿਸ ਕਾਰਨ ਉਨ੍ਹਾਂ ਕੋਲ ਪੈਸਿਆਂ ਦੀ ਘਾਟ ਹੋ ਗਈ। ਉਹ ਦੁਬਈ ਵਿੱਚ ਰਹਿਣ ਵਾਲੇ ਰਾਜਸਥਾਨ ਅਤੇ ਜੋਧਪੁਰ ਦੇ ਲੋਕਾਂ ਦੇ ਸੰਪਰਕ ਵਿੱਚ ਹੈ। ਅੰਮ੍ਰਿਤ ਰਾਮ ਮਹਾਰਾਜ ਦੀ ਕਥਾ ਸੁਣਨ ਗਏ 120 ਸ਼ਰਧਾਲੂਆਂ ਵਿੱਚੋਂ ਜ਼ਿਆਦਾਤਰ ਮਾਲੀ ਭਾਈਚਾਰੇ ਨਾਲ ਸਬੰਧਿਤ ਹਨ, ਜੋ ਮੰਡੋਰ ਅਤੇ ਨਾਗੋਰੀ ਬੇਰਾ ਖੇਤਰਾਂ ਦੇ ਵਸਨੀਕ ਹਨ। ਉਹ ਆਪਣੇ ਪਰਿਵਾਰਾਂ ਦੇ ਸੰਪਰਕ ਵਿੱਚ ਹਨ। ਇਸ ਸਮੇਂ ਦੁਬਈ ਹਵਾਈ ਅੱਡਾ ਚਾਲੂ ਨਹੀਂ ਹੈ। ਉਹ ਭਾਰਤੀ ਦੂਤਾਵਾਸ ਦੇ ਸੰਪਰਕ ਵਿੱਚ ਬਣੇ ਹੋਏ ਹਨ।



# ਖਾਲਸਾ ਯੂਨੀਵਰਸਿਟੀ ਨੇ ਦੇਬੀ ਮਕਸੂਸਪੁਰੀ ਦਾ ਸ਼ੋਅ ਕਰਵਾਇਆ

ਜ਼ਿਕਰ ਪੰਜਾਬ

**ਅੰਮ੍ਰਿਤਸਰ** : ਖਾਲਸਾ ਯੂਨੀਵਰਸਿਟੀ ਵੱਲੋਂ ਆਪਣੀਆਂ ਪ੍ਰਭਾਵਸ਼ਾਲੀ ਕਵਿਤਾਵਾਂ ਅਤੇ ਗੀਤਾਂ ਰਾਹੀਂ ਪਿਆਰ, ਦਿਲ ਟੁੱਟਣ, ਤਾਂਘ, ਅਧਿਆਤਮਿਕਤਾ ਅਤੇ ਸਮਾਜਿਕ ਮੁੱਦਿਆਂ ਦੇ ਵਿਸ਼ਿਆਂ ਨੂੰ ਪਾਠਕਾਂ ਨਾਲ ਭਾਵਨਾਤਮਕ ਪੱਧਰ 'ਤੇ ਜੋੜਨ ਵਾਲੇ ਨਾਮਵਰ ਪੰਜਾਬੀ ਗੀਤਕਾਰ ਦੇਬੀ ਮਕਸੂਸਪੁਰੀ ਦਾ ਰੰਗਾਰੰਗ ਲਾਈਵ ਸ਼ੋ ਕਰਵਾਇਆ ਗਿਆ। 'ਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ, ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਦੇ ਸਹਿਯੋਗ ਨਾਲ ਅਕਾਦਮਿਕ ਮਾਮਲੇ ਡੀਨ ਡਾ. ਸੁਰਿੰਦਰ ਕੌਰ ਦੇ ਯਤਨਾਂ ਸਦਕਾ ਕਰਵਾਏ ਉਕਤ ਸ਼ੋਅ ਦੌਰਾਨ ਗਾਇਕ ਮਕਸੂਸਪੁਰੀ ਨੇ ਆਪਣੇ ਪ੍ਰਸਿੱਧ ਗੀਤਾਂ ਰਾਹੀਂ ਦਰਸ਼ਕਾਂ ਦਾ ਦਿਲ ਜਿੱਤ ਲਿਆ। ਇਸ ਮੌਕੇ ਮਕਸੂਸਪੁਰੀ ਨੇ 'ਝੂਠੀਏ ਨੀ ਲਾਰੇ ਤੇਰੇ ਨਹੀਂ ਮੁਕਣੇ, ਕਈ ਗੱਲਾਂ ਤੇਰੇ ਨਾਲ ਕਰਨੀਆਂ, ਕਿਤੇ ਭੁੱਲ ਨਾ ਜਾਵੇ, ਮਿੱਤਰ ਹੁਣ ਤੇਰੀਆਂ ਗੱਲਾਂ ਪੁੱਛੀ ਜਾਂਦੇ ਨੇ' ਆਦਿ ਪ੍ਰਸਿੱਧ ਗੀਤਾਂ ਰਾਹੀਂ ਆਪਣੀ ਸੁਰੀਲੀ ਆਵਾਜ਼ ਅਤੇ ਰੂਹਾਨੀ ਅੰਦਾਜ਼ ਨਾਲ ਸਮਾਗਮ ਨੂੰ ਯਾਦਗਾਰ ਬਣਾਉਂਦਿਆਂ ਦਰਸ਼ਕਾਂ ਦਾ ਮਨੋਰੰਜਨ ਕੀਤਾ।ਇਸ ਦੌਰਾਨ ਮਕਸੂਸਪੁਰੀ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਉਹ ਮਾਣ ਮਹਿਸੂਸ ਕਰ ਰਹੇ ਹਨ ਅੱਜ ਉਹ ਖਾਲਸਾ ਯੂਨੀਵਰਸਿਟੀ ਵਿਖੇ ਪਹਿਲੀ ਵਾਰ ਆਪਣਾ ਸ਼ੋ ਕਰਨ ਲਈ ਪੁੱਜੇ।ਉਨ੍ਹਾਂ ਕਿਹਾ ਕਿ ਖਾਲਸਾ ਸੰਸਥਾਵਾਂ ਦੇ ਮਾਣਮੱਤੇ ਇਤਿਹਾਸ ਤੋਂ ਹਰੇਕ ਵਰਗ ਜਾਣੂ ਹੈ ਅਤੇ ਇੱਥੋਂ ਪੜ੍ਹ—ਲਿਖ ਕੇ ਦੁਨੀਆ ਦੇ ਹਰੇਕ ਕੋਨੇ 'ਚ ਬੈਠੇ ਵਿਦਿਆਰਥੀ ਇਸ ਵਿੱਦਿਅਕ ਅਦਾਰੇ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਆਪਣੀ ਸੰਸਕ੍ਰਿਤੀ ਅਤੇ ਵਿਰਾਸਤ ਨਾਲ ਜੁੜੇ ਰਹਿਣਾ ਚਾਹੀਦਾ ਹੈ ਅਤੇ ਸੰਗੀਤ ਇਕ ਅਜਿਹੀ ਤਾਕਤ ਹੈ ਜੋ ਇਨਸਾਨ ਨੂੰ ਜੋੜਦੀ ਹੈ। ਇਸ ਦੌਰਾਨ ਉਨ੍ਹਾਂ ਆਪਣੇ ਜੀਵਨ ਦੇ ਸਫਰ ਸਬੰਧੀ ਕਿਹਾ ਕਿ ਸਾਹਿਰ ਲੁਧਿਆਣਵੀ, ਡਾ. ਜਗਤਾਰ, ਸ਼ਿਵ ਕੁਮਾਰ ਬਟਾਲਵੀ, ਡਾ. ਸੁਰਜੀਤ ਪਾਤਰ ਵਰਗੇ ਨਾਮਵਰ ਪੰਜਾਬੀ ਸ਼ਾਇਰਾਂ ਤੋਂ ਪ੍ਰਭਾਵਿਤ ਹੋਏ ਅਤੇ 20 ਸਾਲ ਦੀ ਉਮਰ 'ਚ ਲਿਖਿਆ ਹੋਇਆ ਪਹਿਲਾ ਗਾਣਾ ਸ੍ਰੀ ਕੁਲਦੀਪ ਮਾਣਕ ਨੇ ਗਾਇਆ ਉਨ੍ਹਾਂ ਕਿਹਾ ਕਿ ਪੜ੍ਹਾਅ ਦਰ ਪੜ੍ਹਾਅ ਗੀਤਕਾਰ ਮਨਮੋਹਨ ਵਾਰਿਸ, ਕਮਲ ਹੀਰ, ਸਰਦੂਲ ਸਿਕੰਦਰ ਅਤੇ ਹੰਸ ਰਾਜ ਹੰਸ ਵਰਗੇ ਪੰਜਾਬੀ ਕਲਾਕਾਰਾਂ ਲਈ ਵੀ ਗੀਤ ਲਿਖੇ ਹਨ। ਸ੍ਰੀ ਮਕਸੂਸਪੁਰੀ ਨੇ ਕਿਹਾ ਕਿ ਸਾਲ—1994 'ਚ ਆਪਣੀ ਪਹਿਲੀ ਐਲਬਮ 'ਜਦ ਮਾਂ ਨਹੀਂ ਰਹਿੰਦੀ ਨਾਲ' ਆਪਣੀ ਗਾਇਕੀ ਦੀ ਸ਼ੁਰੂਆਤ ਕੀਤੀ।



# ਸੁਖਬੀਰ ਬਾਦਲ ਨੇ ਦਾਖਾ ਹਲਕੇ ਵਿੱਚ ਜਸਕਰਨ ਸਿੰਘ ਦਿਓਲ ਲਈ ਸਮਰਥਨ ਦੀ ਅਪੀਲ ਕੀਤੀ

## ਕਿਹਾ - ਮਨਪ੍ਰੀਤ ਇਆਲੀ ਨੇ ਅਕਾਲੀ ਦਲ ਨੂੰ ਸਫਲਤਾ ਦੀ ਪੌੜੀ ਵਜੋਂ ਵਰਤਿਆ ਅਤੇ ਬਾਅਦ ਵਿੱਚ ਪਾਰਟੀ ਨਾਲ ਧੋਖਾ ਕੀਤਾ

ਜ਼ਿਕਰ ਪੰਜਾਬ

**ਮੁੱਲਾਂਪੁਰ ਦਾਖਾ/ਬਿਊਰੋ**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਹਲਕੇ ਦੇ ਲੋਕਾਂ ਨੂੰ ਨੌਜਵਾਨ ਆਗੂ ਜਸਕਰਨ ਸਿੰਘ ਦਿਓਲ ਨੂੰ ਆਪਣਾ ਪੂਰਾ ਸਮਰਥਨ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਅਕਾਲੀ ਦਲ ਨੂੰ ਸਫਲਤਾ ਦੀ ਪੌੜੀ ਵਜੋਂ ਵਰਤਿਆ ਅਤੇ ਬਾਅਦ ਵਿੱਚ ਪਾਰਟੀ ਨਾਲ ਧੋਖਾ ਕੀਤਾ। ਅਕਾਲੀ ਦਲ ਪ੍ਰਧਾਨ ਇੱਥੇ ਦਾਖਾ ਹਲਕੇ ਲਈ ਪਾਰਟੀ ਦੇ ਹਲਕਾ ਇੰਚਾਰਜ ਜਸਕਰਨ ਦਿਓਲ ਦੇ ਦਫ਼ਤਰ ਦਾ ਉਦਘਾਟਨ ਕਰਨ ਲਈ ਆਏ ਹੋਏ ਸਨ। ਇਸ ਮੌਕੇ ਇੱਕ ਵੱਡੇ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਮਨਪ੍ਰੀਤ ਇਆਲੀ ਦਾ ਜ਼ਿਕਰ ਕਰਦਿਆਂ ਕਿਹਾ, 'ਮੈਨੂੰ ਬੁਰਾ ਲੱਗਦਾ





ਹੈ ਜਦੋਂ ਕੋਈ ਪਾਰਟੀ ਨੂੰ ਸਫਲਤਾ ਦੀ ਪੌੜੀ ਚੜ੍ਹਨ ਅਤੇ ਨਿੱਜੀ ਲਾਭ ਪ੍ਰਾਪਤ ਕਰਨ ਲਈ ਵਰਤਦਾ ਹੈ, ਪਰ ਫਿਰ ਪਾਰਟੀ ਨੂੰ ਉਸ ਸਮੇਂ ਧੋਖਾ ਦਿੰਦਾ ਹੈ ਜਦੋਂ ਉਸਨੂੰ ਉਸਦੀ ਸਭ ਤੋਂ ਵੱਧ ਲੋੜ ਹੁੰਦੀ ਹੈ।' ਸਰਦਾਰ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਇਆਲੀ ਇੱਥੇ ਨਹੀਂ ਰੁਕੇ। ਹੁਣ ਉਹ ਗੈਰ-ਕਾਨੂੰਨੀ ਕਲੋਨੀਆਂ ਨੂੰ ਬਚਾਉਣ ਲਈ ਦਿਨ-ਰਾਤ ਮੁੱਖ ਮੰਤਰੀ ਨੂੰ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹਾ ਵਿਅਕਤੀ ਕਦੇ ਵੀ ਸਫਲ ਨਹੀਂ ਹੋਵੇਗਾ ਕਿਉਂਕਿ ਉਹ ਇੱਛਾਵਾਂ ਵਿੱਚ ਅੰਨ੍ਹਾ ਹੈ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰਨ ਦੀ ਬਜਾਏ ਸਿਰਫ ਮੁੱਖ ਮੰਤਰੀ ਬਣਨ ਦੇ ਆਪਣੇ ਲਾਲਚ ਬਾਰੇ ਸੋਚਦਾ ਹੈ। ਉਨ੍ਹਾਂ ਕਿਹਾ ਇਆਲੀ, ਸ਼੍ਰੋਮਣੀ ਅਕਾਲੀ ਦਲ ਅਤੇ ਪੁਨਰ ਸੁਰਜੀਤ ਪਾਰਟੀ ਵਿੱਚ ਨਹੀਂ ਰਹਿ ਸਕੇ। ਹੁਣ ਉਹ ਵਾਰਿਸ ਪੰਜਾਬ ਦੇ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ, ਪਰ ਉਨ੍ਹਾਂ ਦਾ ਕਾਰਜਕਾਲ ਵੀ ਛੋਟਾ ਹੋਵੇਗਾ। ਲੋਕਾਂ ਨੂੰ ਪ੍ਰਯੋਗ ਛੱਡਣ ਦੀ ਅਪੀਲ ਕਰਦੇ ਹੋਏ, ਸਰਦਾਰ ਬਾਦਲ ਨੇ ਕਿਹਾ ਕਿ ਸਮਾਂ ਆ ਗਿਆ ਹੈ ਕਿ ਪੰਜਾਬ ਵਿੱਚ ਸ਼ਾਂਤੀ ਅਤੇ ਖੁਸ਼ਹਾਲੀ ਲਿਆਉਣ ਲਈ ਅਕਾਲੀ ਦਲ ਦਾ ਸਮਰਥਨ ਕੀਤਾ ਜਾਵੇ, ਨਾਲ ਹੀ ਗੁੰਡਾ ਰਾਜ ਅਤੇ ਨਸ਼ਿਆਂ ਦੇ ਕੋਹੜ ਨੂੰ ਖਤਮ ਕੀਤਾ ਜਾਵੇ। ਉਨ੍ਹਾਂ ਜਸਕਰਨ ਦਿਓਲ ਦੀ ਵੀ ਪ੍ਰਸ਼ੰਸਾ ਕੀਤੀ, ਉਨ੍ਹਾਂ ਨੂੰ ਇੱਕ ਮਿਹਨਤੀ ਨੌਜਵਾਨ ਕਿਹਾ ਜਿਸਨੇ ਇੰਨੇ ਘੱਟ ਸਮੇਂ ਵਿੱਚ ਇਸ ਹਲਕੇ ਵਿੱਚ ਪਾਰਟੀ ਨੂੰ ਮਜ਼ਬੂਤ ??ਕੀਤਾ ਹੈ। ਉਨ੍ਹਾਂ ਕਿਹਾ, ਜਸਕਰਨ ਦਿਓਲ ਇਸ ਹਲਕੇ ਲਈ ਇਆਲੀ ਨਾਲੋਂ ਵੀ ਵੱਧ ਕੰਮ ਕਰੇਗਾ। ਮਹੇਸ਼ਇੰਦਰ ਸਿੰਘ ਗਰੇਵਾਲ, ਸ਼ਰਨਜੀਤ ਸਿੰਘ ਢਿੱਲੋਂ, ਸਰਬਜੀਤ ਸਿੰਘ ਝਿੰਝਰ, ਰਣਜੀਤ ਸਿੰਘ ਢਿੱਲੋਂ, ਐਸ.ਆਰ. ਕਲੇਰ, ਭੁਪਿੰਦਰ ਭਿੰਦਾ, ਪਰਉਪਕਾਰ ਸਿੰਘ ਘੁੰਮਣ, ਕਮਲ ਚੇਤਲੀ, ਚੰਦ ਸਿੰਘ ਧੌਲਾ ਵੀ ਇਸ ਮੌਕੇ ਹਾਜ਼ਰ ਸਨ।

# ਡਾ. ਸੁਰਜੀਤ ਪਾਤਰ ਸਰਬ ਸਮਿਆਂ ਦਾ ਸੁਰੀਲਾ ਤੇ ਸੁਰਾਂਗਲਾ ਸ਼ਾਇਰ ਸੀ : ਡਾ. ਜੌਹਲ

## ਪਾਤਰ ਦੀ ਸੱਜਰੀ ਕਾਵਿ- ਕਿਤਾਬ 'ਰੱਬ, ਰੋਟੀ, ਭਾਸ਼ਾ ਤੇ ਰਾਗ' ਪੀ.ਏ.ਯੂ. ਲੁਧਿਆਣਾ ਵਿਚ ਲੋਕ-ਸਮਰਪਿਤ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਡਾ. ਸੁਰਜੀਤ ਪਾਤਰ ਸਰਬ ਸਮਿਆਂ ਦਾ ਸੁਰੀਲਾ ਕੇ ਸੁਰਾਂਗਲਾ ਸ਼ਾਇਰ ਸੀ, ਜਿਸ ਦੀ ਸ਼ਾਇਰੀ ਵਿੱਚੋਂ ਵਕਤ ਬੋਲਦਾ ਹੈ। ਇਹ ਵਿਚਾਰ ਸੈਂਟਰਲ ਯੂਨੀਵਰਸਿਟੀ ਆਫ ਪੰਜਾਬ ਦੇ ਸਾਬਕਾ ਚਾਂਸਲਰ ਪਦਮ ਭੂਸ਼ਨ ਡਾ. ਸ ਸ ਜੌਹਲ ਨੇ ਡਾ. ਸੁਰਜੀਤ ਪਾਤਰ ਦੀ ਸੱਜਰੀ ਕਾਵਿ ਕਿਤਾਬ "ਰੱਬ ਰੋਟੀ ਭਾਸ਼ਾ ਤੇ ਰਾਗ" ਨੂੰ ਲੋਕ ਸਮਰਪਣ ਸਮਾਗਮ ਵਿੱਚ ਬੋਲਦਿਆਂ ਕਹੀ। ਪੀ.ਏ.ਯੂ. ਵਾਈਸ ਚਾਂਸਲਰ ਕਮੇਟੀ ਰੂਮ ਵਿੱਚ ਉੱਘੇ ਕਵੀ ਅਤੇ ਪੀ.ਏ.ਯੂ. ਦੇ ਸਾਬਕਾ ਪ੍ਰੋਫੈਸਰ ਡਾ ਸੁਰਜੀਤ ਪਾਤਰ ਦੀ ਨਵੀ ਕਾਵਿ ਪੁਸਤਕ 'ਰੱਬ, ਰੋਟੀ, ਭਾਸ਼ਾ ਤੇ ਰਾਗ' ਲੋਕ -ਸਮਰਪਣ ਕਰਦਿਆਂ ਉਨ੍ਹਾਂ ਕਿਹਾ ਕਿ ਸੁਰਜੀਤ ਪਾਤਰ ਦੀ ਸਿਮਰਤੀ ਵਿੱਚ ਬਹੁਤ ਕੁਝ ਕਰਨ ਦੀ ਲੋੜ ਹੈ। ਸਮਾਰੋਹ ਦੀ ਪ੍ਰਧਾਨਗੀ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕਰਦਿਆਂ ਕਿਹਾ ਕਿ ਇਸ ਯੂਨੀਵਰਸਿਟੀ ਵਿੱਚ ਪੜ੍ਹਦਿਆਂ ਮੈਨੂੰ ਕਈ ਸ਼ਾਮਾਂ ਪਾਤਰ ਸਾਹਿਬ ਨਾਲ ਵਿਦਿਆਰਥੀ ਭਵਨ ਤੇ ਰਾਕ ਗਾਰਡਨ ਵਿੱਚ ਰਮਾ ਰਤਨ ਤੇ ਡਾ. ਮੁਖਤਿਆਰ ਸਿੰਘ ਧੰਜੂ ਸਮੇਤ ਗੁਜ਼ਾਰਨ ਦਾ ਮੌਕਾ ਮਿਲਿਆ। ਉਹ ਪ੍ਰੇਰਨਾ ਦੇ ਚਸ਼ਮੇ ਸਨ। ਵਿਗਿਆਨ ਦੀਆਂ ਬਾਰੀਕ ਜਾਣਕਾਰੀਆਂ ਗ੍ਰਹਿਣ ਕਰਨਾ ਉਨ੍ਹਾਂ ਦੀ ਗਿਆਨ ਅਭਿਲਾਸ਼ਾ ਸੀ। ਉਨ੍ਹਾਂ ਦੀ ਯਾਦ ਵਿੱਚ ਸਥਾਪਤ ਚੇਅਰ ਨੂੰ ਹੁਣ ਹੋਰ ਸਮਰੱਥ ਕਰਨ ਦੀ ਯੋਜਨਾ ਹੈ। ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਸ੍ਰੀਮਤੀ ਭੁਪਿੰਦਰ ਪਾਤਰ ਵੇ ਪਾਤਰ ਸਾਹਿਬ ਨੂੰ ਉਨ੍ਹਾਂ ਦੀ ਲਿਖੀ ਕਵਿਤਾ ਸੁਣਾ ਕੇ ਯਾਦ ਕੀਤਾ। ਵਿਸ਼ੇਸ਼ ਮਹਿਮਾਨ ਤੌਰ ਤੇ ਸਮਾਗਮ ਵਿੰਚ ਸ਼ਾਮਿਲ ਹੋਏ ਯੂਨੀਵਰਸਿਟੀ ਦੇ ਸੇਵਾਮੁਕਤ ਅਧਿਆਪਕ ਤੇ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਦੇ ਸਾਬਕਾ ਪ੍ਰਧਾਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਬੋਲਦਿਆਂ ਕਿਹਾ ਕਿ ਇਸ ਕਿਤਾਬ ਦੀ ਸ਼ਾਇਰੀ ਪਾਤਰ ਸਾਹਿਬ ਦੀਆਂ ਪਹਿਲੀਆਂ ਲਿਖਤਾਂ ਨਾਲੋਂ ਬਿਲਕੁਲ ਵੱਖਰੀ ਹੈ। ਉਨ੍ਹਾਂ 1972 ਤੋਂ ਸੁਰਜੀਤ ਪਾਤਰ ਨਾਲ ਹਰ ਰੰਗ ਦੇ ਰਿਸ਼ਤਿਆਂ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਬਦੌਲਤ ਕਵਿਤਾ ਲਿਖਣ ਦੀ ਕਿਣਕਾ ਮਾਤਰ ਸੂਝ ਮੈਨੂੰ ਵੀ ਹਾਸਲ ਹੋ ਸਕੀ ਹੈ। ਪੰਜਾਬੀ ਸਾਹਿੱਤ ਅਕਾਡਮੀ



ਲੁਧਿਆਣਾ ਦੇ ਸਾਬਕਾ ਪ੍ਰਧਾਨ ਡਾ. ਸੁਖਦੇਵ ਸਿੰਘ ਸਿਰਸਾ ਨੇ ਵੀ ਇਸ ਕਿਤਾਬ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਡਾ. ਸੁਰਜੀਤ ਪਾਤਰ ਦੀ ਸ਼ਾਇਰੀ, ਸ਼ਖ਼ਸੀਅਤ ਅਤੇ ਸਾਂਝ ਦੇ ਹਵਾਲੇ ਨਾਲ ਵਿਚਾਰ ਸਾਂਝੇ ਕਰਦਿਆਂ ਅਮਰਜੀਤ ਗਰੇਵਾਲ ਨੇ ਕਿਹਾ ਕਿ ਪਾਤਰ ਸਾਹਿਬ ਸਾਡੇ ਸਭ ਲਈ ਉਤਸ਼ਾਹ ਦੇ ਸੋਮੇ ਸਨ। ਪੰਜਾਬ ਆਰਟਸ ਕੌਂਸਲ ਦੇ ਚੇਅਰਮੈਨ ਸਵਰਨਜੀਤ ਸਵੀ ਨੇ ਵੀ ਇਸ ਕਿਤਾਬ ਦੀ ਮਹੱਤਤਾ ਤੇ ਵਿਲੱਖਣਤਾ ਬਾਰੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਯੂਨੀਵਰਸਿਟੀ ਦੇ ਉੱਚ ਅਧਿਕਾਰੀਆਂ ਅਤੇ ਵਿਗਿਆਨੀਆਂ ਤੋਂ ਇਲਾਵਾ ਸਾਹਿਤ ਜਗਤ ਦੀਆਂ ਉੱਘੀਆਂ ਹਸਤੀਆਂ ਡਾ. ਅਵਤਾਰ ਸਿੰਘ ਫਗਵਾੜਾ, ਡਾ. ਤਾਰਾ ਸਿੰਘ ਆਲਮ ਯੂ ਕੇ, ਸਹਿਜਪ੍ਰੀਤ ਸਿੰਘ ਮਾਂਗਟ, ਤ੍ਰੈਲੋਚਨ ਲੋਚੀ, ਡਾ. ਰੁਪਿੰਦਰ ਕੌਰ ਤੂਰ, ਡਾ. ਜਸਵਿੰਦਰ ਕੌਰ ਬਰਾੜ, ਕੰਵਲਜੀਤ ਸਿੰਘ ਸ਼ੰਕਰ , ਤੇਜਪ੍ਰਤਾਪ ਸਿੰਘ ਸੰਧੂ, ਪ੍ਰੀਤਮ ਸਿੰਘ ਭਰੋਵਾਲ, ਰਵਿੰਦਰ ਰੰਗੂਵਾਲ, ਡਾ. ਮਾਨ ਸਿੰਘ ਤੂਰ, ਜਸਮੇਰ ਸਿੰਘ ਢੱਟ, ਜਸਪ੍ਰੀਤ ਅਮਲਤਾਸ, ਸਤਨਾਮ ਸਿੰਘ ਕੋਮਲ, ਚਰਨਜੀਤ ਸਿੰਘ ਯੂ ਐੱਸ ਏ ਵੀ ਮੌਜੂਦ ਸਨ। ਕੇਂਦਰੀ ਯੂਨੀਵਰਸਿਟੀ ਪੰਜਾਬ ਦੇ ਸਾਬਕਾ ਚਾਂਸਲਰ ਡਾ ਸਰਦਾਰਾ ਸਿੰਘ ਜੌਹਲ ਨੇ ਸੁਰਜੀਤ ਪੀ ਏ ਯੂ ਵਾਈਸ ਚਾਂਸਲਰ ਡਾ ਸਤਿਬੀਰ ਸਿੰਘ ਗੋਸਲ ਨੇ ਸੁਰਜੀਤ ਪਾਤਰ ਦੀ ਕਵਿਤ ਨੂੰ ਪੀ.ਏ.ਯੂ. ਦੀ ਅਨਮੋਲ ਵਿਰਾਸਤ ਕਿਹਾ।

ਉਹਨਾਂ ਕਿਹਾ ਕਿ ਭਵਿੱਖ ਦੀਆਂ ਨਸਲਾਂ ਪਾਤਰ ਕਾਵਿ ਉੱਪਰ ਮਾਣ ਮਹਿਸੂਸ ਕਰਨਗੀਆਂ। ਜਦੋਂ ਸਾਡੇ ਯੁੱਗ ਦਾ ਮਨੁੱਖੀ ਇਤਿਹਾਸ ਲਿਖਿਆ ਜਾਵੇਗਾ ਤਾਂ ਪਾਤਰ ਕਾਵਿ ਨੂੰ ਵਿਸ਼ੇਸ਼ ਹਵਾਲਿਆਂ ਵਜੋਂ ਦੇਖਣ ਦੀ ਰੁਚੀ ਵਧੇਗੀ ਸ੍ਰੀਮਤੀ ਭੁਪਿੰਦਰ ਕੌਰ ਪਾਤਰ ਨੇ ਡਾ ਸੁਰਜੀਤ ਪਾਤਰ ਨਾਲ ਜੁੜੀਆਂ ਯਾਦਾਂ ਅਤੇ ਉਹਨਾਂ ਦੀਆਂ ਕਵਿਤਾਵਾਂ ਸਾਝੀਆਂ ਕੀਤੀਆਂ। ਡਾ. ਸੁਰਜੀਤ ਪਾਤਰ ਦੇ ਸਪੁੱਤਰ ਮਨਰਾਜ ਪਾਤਰ ਨੇ ਇਸ ਕਿਤਾਬ ਵਿੱਚੋਂ ਇੱਕ ਗੀਤ ਗਾ ਕੇ ਸੁਣਾਇਆ ਅਤੇ ਆਪਣੇ ਬਾਬਲ ਨਾਲ ਜੁੜੀਆਂ ਭਾਵਨਾਵਾਂ ਨਾਲ ਸਾਂਝ ਪਵਾਉਦਿਆਂ ਮਾਹੌਲ ਨੂੰ ਪੁਰਸੋਜ਼ ਕਰ ਦਿੱਤਾ। ਨਿਰਦੇਸ਼ਕ ਵਿਦਿਆਰਥੀ ਭਲਾਈ ਡਾ ਨਿਰਮਲ ਸਿੰਘ ਜੌੜਾ ਨੇ ਸੁਆਗਤੀ ਸ਼ਬਦ ਬੋਲਦਿਆਂ ਯੂਨੀਵਰਸਿਟੀ ਦੀ ਤਰਫੋਂ ਸੁਰਜੀਤ ਪਾਤਰ ਜੀ ਲਈ ਸਨੇਹਪੂਰਨ ਸ਼ਬਦ ਕਹੇ। ਉਹਨਾਂ ਕਿਹਾ ਕਿ ਡਾ ਪਾਤਰ ਮੇਰੇ ਪਸੰਦੀਦਾ ਅਧਿਆਪਕ ਸਨ ਜੋ ਸਦੀਆਂ ਤੱਕ ਆਪਣੀ ਸ਼ਾਇਰੀ ਰਾਹੀਂ ਹਰ ਪਲ ਵਿਦਮਾਨ ਰਹਿਣਗੇ। ਸਮਾਰੋਹ ਦਾ ਸੰਚਾਲਨ ਡਾ. ਵਿਸ਼ਾਲ ਬੈਕਟਰ ਨੇ ਕੀਤਾ। ਡਾ. ਸੁਰਜੀਤ ਪਾਤਰ ਦੀ ਸ਼ਾਇਰੀ ਬਾਰੇ ਮੁੱਢਲੇ ਸ਼ਬਦ ਪੰਜਾਬੀ ਸੰਪਾਦਕ ਡਾ ਜਗਵਿੰਦਰ ਸਿੰਘ ਜੋਧਾ ਨੇ ਕਹੇ। ਧੰਨਵਾਦ ਦੇ ਸ਼ਬਦ ਡਾ. ਜਗਦੀਸ਼ ਕੌਰ ਚੇਅਰਪਰਸਨ ਸੁਰਜੀਤ ਪਾਤਰ ਚੇਅਰ ਨੇ ਕਹੇ।

# ਅੰਬਾਲਾ ਛਾਉਣੀ 'ਚ 1,000 ਏਕੜ 'ਤੇ ਬਣਾਏ ਜਾਣਗੇ 7 ਨਵੇਂ ਸੈਕਟਰ : ਵਿਜ

ਜ਼ਿਕਰ ਪੰਜਾਬ
**ਅੰਬਾਲਾ/ਬਿਊਰੋ**

ਹਰਿਆਣਾ ਦੇ ਊਰਜਾ, ਆਵਾਜਾਈ ਅਤੇ ਕਿਰਤ ਮੰਤਰੀ ਅਨਿਲ ਵਿਜ ਨੇ ਅੰਬਾਲਾ ਛਾਉਣੀ ਦੇ ਨਿਵਾਸੀਆਂ ਨੂੰ ਮਹੱਤਵਪੂਰਨ ਖ਼ਬਰ ਦਿੰਦੇ ਹੋਏ ਕਿਹਾ ਕਿ ਅੰਬਾਲਾ ਛਾਉਣੀ 'ਚ ਸੱਤ ਨਵੇਂ ਹਰਿਆਣਾ ਸ਼ਹਿਰੀ ਵਿਕਾਸ ਅਥਾਰਟੀ (ਐਚਐਸਵੀਪੀ) ਸੈਕਟਰ ਵਿਕਸਤ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ, ਜਿਸ ਨਾਲ ਨਾ ਸਿਰਫ਼ ਸ਼ਹਿਰ ਦੇ ਖੇਤਰ ਦਾ ਵਿਸਥਾਰ ਹੋਵੇਗਾ ਬਲਕਿ ਰਿਹਾਇਸ਼ੀ ਸਹੂਲਤਾਂ ਵਿੱਚ ਵੀ ਕਾਫ਼ੀ ਸੁਧਾਰ ਹੋਵੇਗਾ, ਅਤੇ ਭਵਿੱਖ ਵਿੱਚ ਅੰਬਾਲਾ ਨੂੰ ਇੱਕ ਮਹਾਂਨਗਰ ਵਿੱਚ ਬਦਲ ਦਿੱਤਾ ਜਾਵੇਗਾ। ਅੰਬਾਲਾ ਛਾਉਣੀ 'ਚ ਸੱਤ ਨਵੇਂ ਸੈਕਟਰਾਂ ਦੇ ਵਿਕਾਸ ਲਈ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਧੰਨਵਾਦ ਕਰਦੇ ਹੋਏ ਅਨਿਲ ਵਿਜ ਨੇ ਕਿਹਾ ਕਿ ਸਰਕਾਰ ਬੁਨਿਆਦੀ ਢਾਂਚੇ ਦੇ ਵਿਕਾਸ ਕਾਰਜਾਂ ਨੂੰ ਨਵੀਂ ਗਤੀ ਦੇ ਰਹੀ ਹੈ, ਜੋ ਕਿ ਇੱਕ ਸ਼ਲਾਘਾਯੋਗ ਕਦਮ ਹੈ। ਊਰਜਾ ਮੰਤਰੀ ਅਨਿਲ ਵਿਜ ਨੇ ਐਲਾਨ ਕੀਤਾ ਕਿ ਅੰਬਾਲਾ ਛਾਉਣੀ ਵਿਧਾਨ ਸਭਾ ਹਲਕੇ ਅਤੇ ਨਾਲ ਲੱਗਦੇ ਪਿੰਡਾਂ 'ਚ ਲਗਭਗ 1,000 ਏਕੜ ਨੂੰ ਕਵਰ ਕਰਦੇ ਹੋਏ ਸੱਤ ਨਵੇਂ ਸੈਕਟਰ ਵਿਕਸਤ ਕੀਤੇ ਜਾਣਗੇ। ਸੂਬਾ ਸਰਕਾਰ ਦਾ ਈ-ਭੂਮੀ ਪੋਰਟਲ ਅਗਲੇ ਦੋ ਮਹੀਨਿਆਂ ਲਈ, 30 ਅਪ੍ਰੈਲ, 2026 ਤੱਕ ਅਰਜ਼ੀਆਂ ਲਈ ਖੁੱਲ੍ਹਾ ਹੈ। ਉਨ੍ਹਾਂ ਕਿਹਾ ਕਿ ਜ਼ਮੀਨ



ਮਾਲਕ ਇਨ੍ਹਾਂ ਸੈਕਟਰਾਂ ਦੇ ਵਿਕਾਸ ਲਈ ਪੋਰਟਲ 'ਤੇ ਅਰਜ਼ੀ ਦੇ ਸਕਦੇ ਹਨ। ਅੰਬਾਲਾ ਛਾਉਣੀ ਦੇ ਇਸ ਖੇਤਰ ਵਿੱਚ ਵਿਕਸਤ ਕੀਤੇ ਜਾਣ ਵਾਲੇ ਸੈਕਟਰਾਂ ਵਿੱਚ ਸੈਕਟਰ 27, ਸੈਕਟਰ 28, ਸੈਕਟਰ 36, ਸੈਕਟਰ 40, ਸੈਕਟਰ 40-ਏ, ਸੈਕਟਰ 41-ਏ ਅਤੇ ਸੈਕਟਰ 42 ਸ਼ਾਮਲ ਹੋਣਗੇ। ਪ੍ਰਸਤਾਵਿਤ ਨਵੇਂ ਸੈਕਟਰਾਂ ਵਿੱਚ ਰਿਹਾਇਸ਼ੀ, ਖੁੱਲ੍ਹੀ ਜਗ?ਹਾ, ਵਪਾਰਕ, ਆਵਾਜਾਈ ਅਤੇ ਸੰਚਾਰ ਅਤੇ ਉਦਯੋਗਿਕ ਸਥਾਨ ਸ਼ਾਮਲ ਹੋਣਗੇ। ਊਰਜਾ ਮੰਤਰੀ ਅਨਿਲ ਵਿਜ ਨੇ ਕਿਹਾ ਕਿ ਸੱਤ ਨਵੇਂ ਸੈਕਟਰਾਂ ਦੀ ਸਿਰਜਣਾ ਅੰਬਾਲਾ ਦੇ ਵਿਕਾਸ ਨੂੰ ਵਧਾਏਗੀ। ਛਾਉਣੀ ਇੱਕ ਮਹਾਨਗਰ ਖੇਤਰ ਬਣ ਜਾਵੇਗੀ, ਜੋ ਰਿੰਗ ਰੋਡ ਤੱਕ ਫੈਲੇਗੀ। ਇਹ ਅੰਬਾਲਾ ਛਾਉਣੀ ਦੇ ਵਿਸਥਾਰ ਅਤੇ ਆਧੁਨਿਕੀਕਰਨ ਵੱਲ ਇੱਕ ਵੱਡਾ ਕਦਮ ਹੈ। ਅੰਬਾਲਾ 'ਚ ਰਿੰਗ ਰੋਡ ਦੇ ਨਿਰਮਾਣ ਦੇ ਮੱਦੇਨਜ਼ਰ, ਊਰਜਾ ਮੰਤਰੀ ਅਨਿਲ ਵਿਜ ਨੇ ਪਿਛਲੇ ਸਾਲ ਹਰਿਆਣਾ ਸਰਕਾਰ ਨੂੰ ਅੰਬਾਲਾ ਛਾਉਣੀ 'ਚ ਨਵੇਂ HSVP ਸੈਕਟਰ ਵਿਕਸਤ ਕਰਨ ਲਈ ਲਿਖਿਆ ਸੀ ਅਤੇ ਇਸ ਸਬੰਧ ਵਿੱਚ ਅਧਿਕਾਰੀਆਂ ਨਾਲ ਮੀਟਿੰਗਾਂ ਕੀਤੀਆਂ ਸਨ। ਮੰਤਰੀ ਅਨਿਲ ਵਿਜ ਨੇ ਦੱਸਿਆ ਕਿ ਰਿੰਗ ਰੋਡ ਇਸ ਸਮੇਂ ਅੰਬਾਲਾ 'ਚ ਨਿਰਮਾਣ ਅਧੀਨ ਹੈ ਅਤੇ ਅੰਬਾਲਾ ਛਾਉਣੀ ਤੇਜ਼ੀ ਨਾਲ ਫੈਲ ਰਹੀ ਹੈ। ਉਨ੍ਹਾਂ ਇਹ ਵੀ ਸੁਝਾਅ ਦਿੱਤਾ ਕਿ ਰਿੰਗ ਰੋਡ ਦੇ ਨਾਲ-ਨਾਲ ਉਨ੍ਹਾਂ ਥਾਵਾਂ ਦੀ ਪਛਾਣ ਕਰਨ ਲਈ ਇੱਕ ਸਰਵੇਖਣ ਕੀਤਾ ਜਾਣਾ ਚਾਹੀਦਾ ਹੈ ਜਿੱਥੇ HSVP ਸੈਕਟਰ ਵਿਕਸਤ ਕੀਤੇ ਜਾ ਸਕਦੇ ਹਨ। ਊਰਜਾ ਮੰਤਰੀ ਅਨਿਲ ਵਿਜ ਨੇ ਕਿਹਾ ਕਿ ਸਰਕਾਰ ਨੇ ਨਵੇਂ ਸੈਕਟਰਾਂ ਲਈ ਜ਼ਮੀਨ ਪ੍ਰਾਪਤੀ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾ ਦਿੱਤਾ ਹੈ ਅਤੇ ਈ-ਭੂਮੀ ਪੋਰਟਲ ਰਾਹੀਂ ਜ਼ਮੀਨ ਪ੍ਰਾਪਤ ਕਰ ਰਹੀ ਹੈ। ਕਿਸਾਨ ਜਾਂ ਜ਼ਮੀਨ ਮਾਲਕ ਜੋ ਆਪਣੀ ਜ਼ਮੀਨ ਸਵੈ-ਇੱਛਾ ਨਾਲ ਸਰਕਾਰ ਨੂੰ ਵੇਚਣਾ ਚਾਹੁੰਦੇ ਹਨ, ਉਹ ਈ-ਭੂਮੀ ਪੋਰਟਲ 'ਤੇ ਜਾ ਕੇ ਅਜਿਹਾ ਕਰ ਸਕਦੇ ਹਨ।

# ਪੰਜਾਬ ਨੂੰ ਨਾਗਰਿਕ-ਕੇਂਦ੍ਰਿਤ ਸੁਧਾਰਾਂ ਲਈ ਮਿਲਿਆ ਵੱਕਾਰੀ 'ਡਿਜੀਟਲ ਐਕਸੀਲੈਂਸ ਐਵਾਰਡ'

## ਡਾਇਰੈਕਟਰ ਵਿਸ਼ੇਸ਼ ਸਾਰੰਗਲ ਨੇ ਹੈਦਰਾਬਾਦ ਵਿਖੇ ਕਰਵਾਈ ਗਈ ਤਕਨਾਲੋਜੀ ਸਭਾ 2026 ਦੌਰਾਨ ਐਵਾਰਡ ਹਾਸਲ ਕੀਤਾ

ਜ਼ਿਕਰ ਪੰਜਾਬ
**ਚੰਡੀਗੜ੍ਹ/ਬਿਊਰੋ**

ਨਾਗਰਿਕ-ਕੇਂਦ੍ਰਿਤ ਸੁਧਾਰਾਂ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੂੰ ਪਾਰਦਰਸ਼ਤਾ, ਕੁਸ਼ਲਤਾ ਅਤੇ ਜਨਤਕ ਸੇਵਾਵਾਂ ਦੀ ਨਿਰਵਿਘਨ ਡਿਲੀਵਰੀ ਨੂੰ ਯਕੀਨੀ ਬਣਾਉਣ ਵਿੱਚ ਤਕਨਾਲੋਜੀ ਦੀ ਵਰਤੋਂ ਵਿੱਚ ਮੋਹਰੀ ਪਹਿਲਕਦਮੀਆਂ ਕਰਨ ਲਈ ਤਕਨਾਲੋਜੀ ਸਭਾ 2026 ਦੌਰਾਨ ਵੱਕਾਰੀ "ਡਿਜੀਟਲ ਐਕਸੀਲੈਂਸ"ਐਵਾਰਡ ਮਿਲਿਆ ਹੈ। ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਵਿਭਾਗ ਦੇ ਡਾਇਰੈਕਟਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਸੂਬਾ ਸਰਕਾਰ ਤਰਫੋਂ ਇਹ ਪੁਰਸਕਾਰ ਹੈਦਰਾਬਾਦ ਵਿਖੇ ਇੰਡੀਅਨ ਐਕਸਪ੍ਰੈਸ ਗਰੁੱਪ ਵੱਲੋਂ ਕਰਵਈ ਗਈ ਤਕਨਾਲੋਜੀ ਸਭਾ 2026 ਦੌਰਾਨ ਹਾਸਲ ਕੀਤਾ। ਇਸ ਸਮਾਰੋਹ ਵਿੱਚ ਦੇਸ਼ ਭਰ ਦੇ ਚੋਟੀ ਦੇ ਤਕਨਾਲੋਜੀ ਦਿੱਗਜਾਂ ਅਤੇ ਨੀਤੀ ਘਾੜਿਆਂ ਨੇ ਸ਼ਿਰਕਤ ਕੀਤੀ। ਇਹ ਪੁਰਸਕਾਰ ਸੂਬੇ ਦੇ ਨਾਗਰਿਕਾਂ ਅਤੇ ਵਿਭਾਗ ਦੀ ਟੀਮ ਨੂੰ ਸਮਰਪਿਤ ਕਰਦਿਆਂ, ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਮਾਨਤਾ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਇੱਕ ਪਾਰਦਰਸ਼ੀ, ਕਾਗਜ਼ ਰਹਿਤ ਅਤੇ ਜਵਾਬਦੇਹੀ ਵਾਲਾ ਪ੍ਰਬੰਧਕੀ ਢਾਂਚਾ ਬਣਾਉਣ ਲਈ ਸੌਂਪੇ ਕਾਰਜਾਂ ਦਾ ਨਤੀਜਾ ਹੈ। ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਵੱਕਾਰੀ ਪੁਰਸਕਾਰ ਪੰਜਾਬ ਸਰਕਾਰ ਦੇ ਸੁਸ਼ਾਸਨ ਅਤੇ ਨਾਗਰਿਕ-ਕੇਂਦ੍ਰਿਤ ਸੁਧਾਰਾਂ ਨੂੰ ਯਕੀਨੀ ਬਣਾਉਣ ਦੇ ਯਤਨਾਂ ਨੂੰ ਉਜਾਗਰ ਕਰਦਾ ਹੈ। ਉਨ੍ਹਾਂ ਨੇ ਇਸ ਸਨਮਾਨ ਦਾ ਸਿਹਰਾ ਸਰਕਾਰ ਵੱਲੋਂ 'ਵਿਚੋਲੇ ਸੱਭਿਆਚਾਰ' ਨੂੰ ਖਤਮ ਕਰਨ ਅਤੇ ਨਾਗਰਿਕਾਂ ਨੂੰ ਉਨ੍ਹਾਂ ਦੀਆਂ ਬਰੂਹਾਂ 'ਤੇ ਸਨਮਾਨਜਨਕ ਅਤੇ ਨਿਰਵਿਘਨ ਢੰਗ ਨਾਲ ਸੇਵਾਵਾਂ ਯਕੀਨੀ ਬਣਾਉਣ ਦੇ ਯਤਨਾਂ ਨੂੰ ਦਿੱਤਾ। ਇਹ ਡਿਜੀਟਲ ਪਰਿਵਰਤਨ ਸਿਰਫ਼ ਤਕਨਾਲੋਜੀ ਬਾਰੇ ਨਹੀਂ ਹੈ ਬਲਕਿ ਇਹ ਸਿਸਟਮ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਬਹਾਲ ਕਰਨ ਬਾਰੇ ਹੈ। ਸ੍ਰੀ ਅਮਨ ਅਰੋੜਾ ਨੇ ਪੰਜਾਬ ਸਰਕਾਰ ਦੀਆਂ ਨਿਵੇਕਲੀਆਂ ਤੇ ਆਪਣੀ ਕਿਸਮ ਦੀਆਂ ਪਲੇਠੀਆਂ ਡਿਜੀਟਲ ਪਹਿਲਕਦਮੀਆਂ 'ਤੇ ਚਾਨਣਾ ਪਾਇਆ ਜੋ ਦੇਸ਼ ਭਰ ਵਿੱਚ ਨਾਗਰਿਕਾਂ ਦੀ ਸਹੂਲਤ ਵਿੱਚ ਨਵੇਂ ਮਾਪਦੰਡ ਸਥਾਪਤ ਕਰ ਰਹੀਆਂ ਹਨ। ਉਨ੍ਹਾਂ




ਕਿਹਾ ਕਿ ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ ਸੂਬਾ ਸਰਕਾਰ ਦੀ ਇੱਕ ਪ੍ਰਮੁੱਖ ਸਕੀਮ ਹੈ ਜਿਸ ਤਹਿਤ ਨਾਗਰਿਕ ਆਪਣੇ ਘਰ ਬੈਠੇ ਹੈਲਪਲਾਈਨ ਨੰਬਰ 1076 ਉਤੇ ਕਾਲ ਕਰਕੇ 430 ਤੋਂ ਵੱਧ ਸਰਕਾਰੀ ਸੇਵਾਵਾਂ ਪ੍ਰਾਪਤ ਕਰ ਸਕਦੇ ਹਨ। ਨਾਗਰਿਕਾਂ ਨੂੰ ਹੁਣ ਸਰਕਾਰੀ ਦਫ਼ਤਰਾਂ ਦੇ ਜਾਣ ਦੀ ਲੋੜ ਵੀ ਨਹੀਂ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਪੰਚਾਂ, ਨੰਬਰਦਾਰਾਂ ਅਤੇ ਨਗਰ ਕੌਂਸਲਰਾਂ(ਐਮਸੀ) ਨੂੰ ਅਰਜ਼ੀਆਂ ਦੀ ਆਨਲਾਈਨ ਤਸਦੀਕ ਕਰਨ ਲਈ ਅਧਿਕਾਰਤ ਕੀਤਾ ਗਿਆ ਹੈ। ਇਸ ਨਾਲ ਜ਼ਰੂਰੀ ਸਰਟੀਫਿਕੇਟ ਜਾਰੀ ਕਰਨ ਵਿੱਚ ਕਾਫ਼ੀ ਤੇਜ਼ੀ ਆਈ ਹੈ ਅਤੇ ਤਕਨਾਲੋਜੀ ਨੂੰ ਜ਼ਮੀਨੀ ਪੱਧਰ ਦੀ ਲੀਡਰਸ਼ਿਪ ਨਾਲ ਜੋੜਿਆ ਗਿਆ ਹੈ। ਪਟਵਾਰੀਆਂ ਅਤੇ ਫੀਲਡ ਸਟਾਫ ਦੀ ਸਫਲ ਆਨਬੋਰਡਿੰਗ ਦੇ ਨਾਲ, ਸੂਬਾ ਸਰਕਾਰ ਵੱਲੋਂ 12.5 ਲੱਖ ਤੋਂ ਵੱਧ ਅਰਜ਼ੀਆਂ 'ਤੇ ਆਨਲਾਈਨ ਕਾਰਵਾਈ ਕੀਤੀ ਗਈ ਹੈ। ਇਸ ਡਿਜੀਟਲ ਏਕੀਕਰਨ ਨਾਲ ਲੰਬਿਤ ਮਾਮਲਿਆਂ ਦੀ ਦਰ ਮਹਿਜ਼ 0.33 ਫ਼ੀਸਦੀ ਰਹਿ ਗਈ ਹੈ, ਜੋ ਸਿਸਟਮ ਦੀ ਕੁਸ਼ਲਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ, ਐਮ-ਸੇਵਾ ਅਤੇ ਕਨੈਕਟ ਪੰਜਾਬ ਇੱਕ ਏਕੀਕ੍ਰਿਤ ਮੋਬਾਈਲ ਪਲੇਟਫਾਰਮ ਅਤੇ ਮਜ਼ਬੂਤ ਸ਼ਿਕਾਇਤ ਨਿਵਾਰਣ ਪ੍ਰਣਾਲੀ ਪ੍ਰਦਾਨ ਕਰਦੀਆਂ ਹਨ ਜੋ ਨਾਗਰਿਕਾਂ ਨੂੰ ਆਪਣੀਆਂ ਅਰਜ਼ੀਆਂ ਨੂੰ ਟਰੈਕ ਕਰਨ ਅਤੇ ਅਸਲ-ਸਮੇਂ ਵਿੱਚ ਫੀਡਬੈਕ ਜਮ੍ਹਾਂ ਕਰਾਉਣ ਦੇ ਯੋਗ ਬਣਾਉਣ ਦੇ ਨਾਲ ਨਾਲ ਹਰ ਪੱਧਰ 'ਤੇ ਜਵਾਬਦੇਹੀ ਨੂੰ ਯਕੀਨੀ ਬਣਾਉਂਦੀ ਹੈ। ਅਗਲੇਰੀ ਰੂਪ ਰੇਖਾ 'ਤੇ ਚਾਨਣਾ ਪਾਉਂਦਿਆਂ, ਸ਼੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ, ਅਸੀਂ ਇਸ ਪ੍ਰਾਪਤੀ ਤੱਕ ਹੀ ਸੀਮਿਤ ਨਹੀਂ ਰਹਾਂਗੇ। ਪੰਜਾਬ ਦੀ ਡਿਜੀਟਲ ਯਾਤਰਾ ਦੇ ਅਗਲੇ ਪੜਾਅ ਵਿੱਚ ਸੇਵਾ ਪ੍ਰਦਾਨ ਕਰਨ ਨੂੰ ਹੋਰ ਸੁਖਾਲਾ ਬਣਾਉਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਅਤੇ ਮਸ਼ੀਨ ਲਰਨਿੰਗ (ਐਮਐਲ) ਨੂੰ ਏਕੀਕ੍ਰਿਤ ਕੀਤਾ ਜਾਵੇਗਾ। ਸਾਡਾ ਟੀਚਾ ਆਮਦਨ, ਰਿਹਾਇਸ਼ ਅਤੇ ਜਾਤੀ ਸਰਟੀਫਿਕੇਟ ਸਮੇਤ ਸਾਰੀਆਂ ਪ੍ਰਮੁੱਖ ਸੇਵਾਵਾਂ ਲਈ 100 ਫ਼ੀਸਦੀ ਕਾਗਜ਼ ਰਹਿਤ ਅਤੇ ਸੰਪਰਕ ਰਹਿਤ ਈਕੋਸਿਸਟਮ ਬਣਾਉਣਾ ਹੈ। ਇਹ ਪੁਰਸਕਾਰ ਲਾਲ-ਫੀਤਾਸ਼ਾਹੀ ਨੂੰ ਪੂਰੀ ਤਰ੍ਹਾਂ ਖਤਮ ਕਰਨ ਦੇ ਸਾਡੇ ਦ੍ਰਿੜ ਇਰਾਦੇ ਨੂੰ ਹੋਰ ਮਜ਼ਬੂਤ ਕਰੇਗਾ ਅਤੇ ਸਿਰਫ਼ ਇੱਕ ਕਲਿੱਕ 'ਤੇ ਆਮ ਲੋਕਾਂ ਲਈ ਹਰ ਸਰਕਾਰੀ ਸੇਵਾ ਯਕੀਨੀ ਬਣਾਈ ਜਾਵੇਗੀ।

# ਵਰਿੰਦਰ ਸਿੰਘ ਘੁੰਮਣ ਦੀ ਮੌਤ ਮਾਮਲਾ : ਡਾਕਟਰਾਂ 'ਤੇ ਲਾਪਰਵਾਹੀ ਦਾ ਦੋਸ਼

ਜ਼ਿਕਰ ਪੰਜਾਬ
**ਜਲੰਧਰ/ਬਿਊਰੋ**

ਜਲੰਧਰ ਦੇ ਮਸ਼ਹੂਰ ਬਾਡੀ ਬਿਲਡਰ ਵਰਿੰਦਰ ਸਿੰਘ ਘੁੰਮਣ ਦੀ ਮੌਤ ਦੇ ਮਾਮਲੇ ਨੇ ਇੱਕ ਨਵਾਂ ਮੋੜ ਲੈ ਲਿਆ ਹੈ। ਪਰਿਵਾਰ ਦਾ ਦਾਅਵਾ ਹੈ ਕਿ ਵਿਸ਼ੇਸ਼ ਜਾਂਚ ਟੀਮ ਦੀ ਰਿਪੋਰਟ 'ਚ ਸਰਜਰੀ ਦੌਰਾਨ ਡਾਕਟਰਾਂ ਦੀ ਲਾਪਰਵਾਹੀ ਨੂੰ ਮੌਤ ਦਾ ਕਾਰਨ ਦੱਸਿਆ ਗਿਆ ਹੈ। ਘੁੰਮਣ ਦੇ ਭਰਾ ਰੱਬੀ ਨੇ ਕਿਹਾ ਕਿ ਰਿਪੋਰਟ



ਮਿਲਣ ਤੋਂ ਬਾਅਦ, ਪਰਿਵਾਰ ਕਾਨੂੰਨੀ ਕਾਰਵਾਈ ਕਰਨ ਦੀ ਤਿਆਰੀ ਕਰ ਰਿਹਾ ਹੈ ਅਤੇ ਛੇਤੀ ਹੀ ਅੰਮ੍ਰਿਤਸਰ ਦੇ ਫੋਰਟਿਸ ਹਸਪਤਾਲ ਵਿਰੁੱਧ ਕੇਸ ਦਾਇਰ ਕਰੇਗਾ। ਵਰਿੰਦਰ ਸਿੰਘ ਦੀ ਮੌਤ 9 ਅਕਤੂਬਰ, 2025 ਨੂੰ ਅੰਮ੍ਰਿਤਸਰ ਦੇ ਇੱਕ ਨਿੱਜੀ ਹਸਪਤਾਲ 'ਚ ਸਰਜਰੀ ਦੌਰਾਨ ਹੋਈ ਸੀ। ਪਰਿਵਾਰ ਦਾ ਦੋਸ਼ ਹੈ ਕਿ ਸਰਜਰੀ ਤੋਂ ਪਹਿਲਾਂ, ਉਹ ਪੂਰੀ ਤਰ੍ਹਾਂ ਤੰਦਰੁਸਤ ਸੀ ਅਤੇ ਨਿਯਮਿਤ ਤੌਰ 'ਤੇ ਕਸਰਤ ਕਰਦਾ ਸੀ। ਉਨ੍ਹਾਂ ਨੇ ਇਹ ਵੀ ਦਾਅਵਾ ਕੀਤਾ ਕਿ ਸਰੀਰ 'ਤੇ ਅਸਾਧਾਰਨ ਨਿਸ਼ਾਨ ਸਨ, ਸਿਰ ਤੋਂ ਮੋਢੇ ਤੱਕ ਸਰੀਰ ਦਾ ਰੰਗ ਕਾਲਾ ਅਤੇ ਨੀਲਾ ਸੀ, ਜਿਸ ਕਾਰਨ ਉਨ੍ਹਾਂ ਨੂੰ ਲਾਪਰਵਾਹੀ ਦਾ ਸ਼ੱਕ ਸੀ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਪੰਜਾਬ ਸਰਕਾਰ ਨੇ ਜਾਂਚ ਲਈ ਅੰਮ੍ਰਿਤਸਰ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਧਿਕਾਰੀਆਂ ਦੀ ਅਗਵਾਈ ਵਿੱਚ ਇੱਕ ਵਿਸ਼ੇਸ਼ ਜਾਂਚ ਟੀਮ ਬਣਾਈ। ਡਾਕਟਰੀ ਪਹਿਲੂਆਂ ਦੀ ਜਾਂਚ ਕਰਨ ਤੋਂ ਬਾਅਦ, ਰਿਪੋਰਟ ਸਿਹਤ ਵਿਭਾਗ ਨੂੰ ਸੌਂਪ ਦਿੱਤੀ ਗਈ ਹੈ। ਹਾਲਾਂਕਿ ਰਿਪੋਰਟ ਜਨਤਕ ਨਹੀਂ ਕੀਤੀ ਗਈ ਹੈ, ਪਰ ਪਰਿਵਾਰ ਦਾ ਕਹਿਣਾ ਹੈ ਕਿ ਇਹ ਸਪੱਸ਼ਟ ਤੌਰ 'ਤੇ ਡਾਕਟਰੀ ਲਾਪਰਵਾਹੀ ਦੀ ਪੁਸ਼ਟੀ ਕਰਦਾ ਹੈ। ਰੱਬੀ ਨੇ ਕਿਹਾ, "ਸਾਨੂੰ ਭਰੋਸਾ ਸੀ ਕਿ ਜਾਂਚ ਨਿਰਪੱਖ ਹੋਵੇਗੀ। ਅਸੀਂ ਸ਼ੁਰੂ ਤੋਂ ਜੋ ਦੋਸ਼ ਲਗਾਏ ਸਨ ਉਹ ਸਹੀ ਸਾਬਤ ਹੋਏ ਹਨ। ਹੁਣ ਅਸੀਂ ਕਾਨੂੰਨੀ ਪ੍ਰਕਿਰਿਆ ਰਾਹੀਂ ਨਿਆਂ ਲਈ ਲੜਾਂਗੇ।"ਉਨ੍ਹਾਂ ਜਾਂਚ ਟੀਮ ਅਤੇ ਸਰਕਾਰ ਦਾ ਵੀ ਧੰਨਵਾਦ ਕੀਤਾ।

# ਮੋਦੀ ਵੱਲੋਂ ਅਜਮੇਰ ਤੋਂ ਦੇਸ਼ ਵਿਆਪੀ HPV ਟੀਕਾਕਰਨ ਮੁਹਿੰਮ ਦੀ ਸ਼ੁਰੂਆਤ

ਜ਼ਿਕਰ ਪੰਜਾਬ
**ਅਜਮੇਰ/ਬਿਊਰੋ**

ਸਵੈ-ਨਿਰਭਰ ਅਤੇ ਸਿਹਤਮੰਦ ਭਾਰਤ ਦੇ ਟੀਚੇ ਨਾਲ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਾਜਸਥਾਨ ਦੇ ਅਜਮੇਰ ਤੋਂ ਦੇਸ਼ ਵਿਆਪੀ ਮਨੁੱਖੀ ਪੈਪੀਲੋਮਾਵਾਇਰਸ (HPV) ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਕੀਤੀ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪ੍ਰਧਾਨ ਮੰਤਰੀ ਦੇ ਦੇਸ਼ ਵਿਆਪੀ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ ਦੇਖਣ ਤੋਂ ਬਾਅਦ ਹਰਿਆਣਾ 'ਚ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਦੁਆਰਾ ਇਹ ਪਹਿਲ 2015 'ਚ ਪਾਣੀਪਤ ਤੋਂ ਸ਼ੁਰੂ ਕੀਤੀ ਦੇਸ਼ ਵਿਆਪੀ ਮੁਹਿੰਮ "ਬੇਟੀ ਬਚਾਓ, ਬੇਟੀ ਪੜ੍ਹਾਓ"ਦੇ ਵਾਅਦੇ ਦੀ ਨਿਰੰਤਰਤਾ ਹੈ, ਜੋ ਕਿ ਕੁੜੀਆਂ ਦੀ ਸਿਹਤ, ਸੁਰੱਖਿਆ ਅਤੇ ਸਸ਼ਕਤੀਕਰਨ ਨੂੰ ਸਮਰਪਿਤ ਸੀ। ਮੁਹਿੰਮ ਦੀ ਸ਼ੁਰੂਆਤ ਸਮੇਂ, 40 ਲੜਕੀਆਂ ਨੂੰ HPV ਟੀਕਾਕਰਨ ਦਿੱਤਾ। ਹਰਿਆਣਾ ਸਰਕਾਰ ਨੇ ਅਗਲੇ ਤਿੰਨ ਮਹੀਨਿਆਂ ਦੇ ਅੰਦਰ ਰਾਜ ਦੀ ਹਰ ਯੋਗ ਲੜਕੀ ਨੂੰ ਇਹ ਟੀਕਾ ਮੁਹੱਈਆ ਕਰਵਾਉਣ ਦਾ ਟੀਚਾ ਰੱਖਿਆ ਹੈ। ਇਹ ਟੀਕਾ 14 ਸਾਲ ਤੋਂ ਵੱਧ ਅਤੇ 15 ਸਾਲ ਤੋਂ ਘੱਟ ਉਮਰ ਦੀਆਂ ਕਿਸ਼ੋਰ ਲੜਕੀਆਂ ਨੂੰ ਇੱਕ ਖੁਰਾਕ ਦੇ ਰੂਪ 'ਚ ਲਗਾਇਆ ਜਾਵੇਗਾ। ਇਹ ਟੀਕਾ ਵਿਗਿਆਨਕ ਖੋਜ 'ਤੇ ਅਧਾਰਤ ਹੈ ਅਤੇ ਸੁਰੱਖਿਅਤ ਹੈ ਅਤੇ ਦੁਨੀਆ ਭਰ ਦੇ 160 ਤੋਂ ਵੱਧ ਦੇਸ਼ਾਂ ਵਿੱਚ ਸਫਲਤਾਪੂਰਵਕ ਵਰਤਿਆ ਜਾ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਰਵਾਈਕਲ ਕੈਂਸਰ



ਭਾਰਤ 'ਚ ਔਰਤਾਂ 'ਚ ਦੂਜਾ ਸਭ ਤੋਂ ਆਮ ਕੈਂਸਰ ਹੈ, ਜੋ ਮੁੱਖ ਤੌਰ 'ਤੇ ਮਨੁੱਖੀ ਪੈਪੀਲੋਮਾਵਾਇਰਸ (HPV) ਕਾਰਨ ਹੁੰਦਾ ਹੈ। HPV ਟੀਕਾ ਇਸ ਵਾਇਰਸ ਤੋਂ ਸੁਰੱਖਿਆ ਪ੍ਰਦਾਨ ਕਰਦਾ ਹੈ ਅਤੇ ਭਵਿੱਖ 'ਚ ਸਰਵਾਈਕਲ ਕੈਂਸਰ ਦੇ ਜੋਖਮ ਨੂੰ ਕਾਫ਼ੀ ਘਟਾਉਂਦਾ ਹੈ। ਇਸਨੂੰ ਧੀਆਂ ਦੀ ਸਿਹਤ ਲਈ "ਸੁਰੱਖਿਆ ਢਾਲ"ਵਜੋਂ ਦਰਸਾਇਆ ਸੀ। ਮਾਪਿਆਂ ਨੂੰ ਵੀ ਆਪਣੀਆਂ ਧੀਆਂ ਨੂੰ ਬਿਨਾਂ ਕਿਸੇ ਝਿਜਕ ਦੇ ਟੀਕਾਕਰਨ ਕਰਵਾਉਣ ਦੀ ਅਪੀਲ ਕੀਤੀ ਗਈ ਸੀ। ਸਿਹਤ ਵਿਭਾਗ ਨੇ ਸਾਰੇ ਜ਼ਰੂਰੀ ਡਾਕਟਰੀ ਪ੍ਰਬੰਧ ਯਕੀਨੀ ਬਣਾਏ ਹਨ। ਮੰਤਰੀ ਨੇ ਕਿਹਾ ਕਿ ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਇਹ ਟੀਕਾ, ਜੋ ਕਿ ਨਿੱਜੀ ਖੇਤਰ 'ਚ ਹਜ਼ਾਰਾਂ ਰੁਪਏ 'ਚ ਉਪਲਬਧ ਹੈ, ਹਰ ਯੋਗ ਲੜਕੀ ਨੂੰ ਪੂਰੀ ਤਰ੍ਹਾਂ ਮੁਫਤ ਲਗਾਇਆ ਜਾਵੇਗਾ। ਇਹ ਸਮਾਜਿਕ ਨਿਆਂ ਅਤੇ ਬਰਾਬਰ ਮੌਕੇ ਵੱਲ ਇੱਕ ਮਹੱਤਵਪੂਰਨ ਪਹਿਲ ਹੈ। ਉਨ੍ਹਾਂ ਕਿਹਾ ਕਿ ਮੁਹਿੰਮ ਤਹਿਤ ਟੀਕਾਕਰਨ ਲਈ ਰਜਿਸਟਰੇਸ਼ਨ U-WIN ਪੋਰਟਲ 'ਤੇ ਕੀਤੀ ਜਾਵੇਗੀ, ਅਤੇ ਹਰੇਕ ਬੱਚੀ ਨੂੰ ਇੱਕ ਡਿਜੀਟਲ HPV ਟੀਕਾਕਰਨ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ, ਜਿਸ ਨਾਲ ਪਾਰਦਰਸ਼ਤਾ ਅਤੇ ਡਿਜੀਟਲ ਰਿਕਾਰਡ ਯਕੀਨੀ ਬਣਾਏ ਜਾਣਗੇ। ਇਸ ਮੌਕੇ 'ਤੇ, ਮੁੱਖ ਮੰਤਰੀ ਨੇ ਸੂਬੇ 'ਚ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਚੁੱਕੇ ਗਏ ਵੱਖ-ਵੱਖ ਕਦਮਾਂ ਦਾ ਵੇਰਵਾ ਵੀ ਦਿੱਤਾ, ਉਨ੍ਹਾਂ ਕਿਹਾ ਕਿ ਰਾਜ ਵਿੱਚ ਮੈਡੀਕਲ ਕਾਲਜਾਂ ਦੀ ਗਿਣਤੀ 17 ਤੱਕ ਵਧਾ ਦਿੱਤੀ ਗਈ ਹੈ, ਅਤੇ ਤਿੰਨ ਹੋਰ ਨਿਰਮਾਣ ਅਧੀਨ ਹਨ।

ਸਾਰੇ ਸਿਵਲ ਜ਼ਿਲ੍ਹਾ ਹਸਪਤਾਲਾਂ ਅਤੇ ਮੈਡੀਕਲ ਕਾਲਜਾਂ 'ਚ ਗੁਰਦੇ ਦੇ ਮਰੀਜ਼ਾਂ ਨੂੰ ਮੁਫਤ ਡਾਇਲਸਿਸ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਹੀਮੋਫਿਲੀਆ ਅਤੇ ਥੈਲੇਸੀਮੀਆ ਦੇ ਮਰੀਜ਼ਾਂ ਨੂੰ 3,000 ਰੁਪਏ ਮਹੀਨਾਵਾਰ ਪੈਨਸ਼ਨ ਮਿਲ ਰਹੀ ਹੈ, ਅਤੇ ਅਪਾਹਜ ਵਿਅਕਤੀਆਂ ਨੂੰ 3,200 ਰੁਪਏ ਮਹੀਨਾਵਾਰ ਪੈਨਸ਼ਨ ਮਿਲ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇੱਕ ਸਿਹਤਮੰਦ ਧੀ ਇੱਕ ਮਜ਼ਬੂਤ ਔਰਤ ਬਣ ਜਾਂਦੀ ਹੈ, ਅਤੇ ਸਸ਼ਕਤ ਔਰਤਾਂ ਇੱਕ ਮਜ਼ਬੂਤ ਸਮਾਜ ਅਤੇ ਰਾਸ਼ਟਰ ਦਾ ਨਿਰਮਾਣ ਕਰਦੀਆਂ ਹਨ। HPV ਟੀਕਾਕਰਨ ਮੁਹਿੰਮ ਇਸ ਯਤਨ ਦਾ ਹਿੱਸਾ ਹੈ। ਇਸ ਟੀਕੇ ਦੀ ਕੀਮਤ ਪ੍ਰਾਈਵੇਟ ਹਸਪਤਾਲਾਂ ਵਿੱਚ ਹਜ਼ਾਰਾਂ ਰੁਪਏ ਹੈ, ਜਦੋਂ ਕਿ ਸਰਕਾਰ ਇਸਨੂੰ ਮੁਫ਼ਤ ਪ੍ਰਦਾਨ ਕਰ ਰਹੀ ਹੈ। ਇਸ ਮੌਕੇ ਬੋਲਦਿਆਂ ਰਾਜ ਦੇ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਰਾਜ ਸਰਕਾਰ ਲੜਕੀਆਂ ਦੀ ਭਲਾਈ ਲਈ ਸਮਰਪਿਤ ਹੈ।

ਔਰਤਾਂ ਲਈ ਕਈ ਭਲਾਈ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ। ਰਾਜ ਸਰਕਾਰ ਦਾ ਟੀਚਾ ਹਰ ਔਰਤ ਨੂੰ ਸਸ਼ਕਤ ਅਤੇ ਅਮੀਰ ਬਣਾਉਣਾ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਦੀ ਟੀਕਾਕਰਨ ਮੁਹਿੰਮ ਸਾਡੀਆਂ ਲੜਕੀਆਂ ਨੂੰ ਬਿਮਾਰੀਆਂ ਤੋਂ ਬਚਾਉਣ 'ਚ ਪ੍ਰਭਾਵਸ਼ਾਲੀ ਸਾਬਤ ਹੋਵੇਗੀ। ਇਸ ਪ੍ਰੋਗਰਾਮ ਤਹਿਤ ਟੀਕਾਕਰਨ ਲਈ ਔਨਲਾਈਨ ਰਜਿਸਟਰੇਸ਼ਨ UWIN ਪੋਰਟਲ 'ਤੇ ਕੀਤੀ ਜਾਵੇਗੀ।

# ਬਾਜਵਾ ਨੇ ਖਾੜੀ ਦੇਸ਼ਾਂ 'ਚ ਵਧਦੇ ਸੰਕਟ ਮੱਦੇਨਜ਼ਰ ਭਾਰਤੀਆਂ ਅਤੇ ਪੰਜਾਬੀਆਂ ਦੀ ਤੁਰੰਤ ਸੁਰੱਖਿਅਤ ਵਾਪਸੀ ਯਕੀਨੀ ਬਣਾਉਣ ਲਈ ਵਿਦੇਸ਼ ਮੰਤਰਾਲੇ ਨੂੰ ਅਪੀਲ ਕੀਤੀ

ਜ਼ਿਕਰ ਪੰਜਾਬ
**ਗੁਰਦਾਸਪੁਰ/ਬਿਊਰੋ**

ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਖਾੜੀ ਖੇਤਰ ਵਿੱਚ ਤੇਜ਼ੀ ਨਾਲ ਵਿਗੜ ਰਹੀ ਸੁਰੱਖਿਆ ਸਥਿਤੀ ਦੇ ਮੱਦੇਨਜ਼ਰ ਵਿਦੇਸ਼ ਮੰਤਰਾਲੇ ਨੂੰ ਜੰਗ ਪ੍ਰਭਾਵਿਤ ਦੇਸ਼ਾਂ ਵਿੱਚ ਫਸੇ ਭਾਰਤੀਆਂ, ਖਾਸ ਕਰਕੇ ਪੰਜਾਬੀਆਂ ਦੀ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਉਣ ਲਈ ਤੁਰੰਤ ਅਤੇ ਫੈਸਲਾਕੁੰਨ ਕਦਮ ਚੁੱਕਣ ਦੀ ਜ਼ੋਰਦਾਰ ਅਪੀਲ ਕੀਤੀ ਹੈ। ਬਾਜਵਾ ਨੇ ਈਰਾਨ 'ਤੇ ਅਮਰੀਕਾ ਅਤੇ ਇਜ਼ਰਾਈਲ ਦੇ ਹਾਲ ਹੀ ਵਿੱਚ ਹੋਏ ਫੌਜੀ ਹਮਲਿਆਂ ਅਤੇ ਉਸ ਤੋਂ ਬਾਅਦ ਈਰਾਨ ਵੱਲੋਂ ਸੰਯੁਕਤ ਅਰਬ ਅਮੀਰਾਤ, ਬਹਿਰੀਨ, ਕੁਵੈਤ, ਕਤਰ, ਸਾਊਦੀ ਅਰਬ ਅਤੇ ਓਮਾਨ ਵਿੱਚ ਅਮਰੀਕੀ ਹਵਾਈ ਅੱਡੇ ਨੂੰ ਨਿਸ਼ਾਨਾ ਬਣਾਉਣ ਵਾਲੇ ਕਥਿਤ ਤੌਰ 'ਤੇ ਜਵਾਬੀ ਹਮਲਿਆਂ ਤੋਂ ਬਾਅਦ ਚਿੰਤਾਜਨਕ ਵਾਧੇ 'ਤੇ ਗੰਭੀਰ ਚਿੰਤਾ ਜ਼ਾਹਰ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਧਦੇ ਸੰਘਰਸ਼ ਨੇ ਪੂਰੇ ਖੇਤਰ ਵਿੱਚ ਡਰ ਅਤੇ ਅਨਿਸ਼ਚਿਤਤਾ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਪੰਜਾਬੀਆਂ ਸਮੇਤ ਹਜ਼ਾਰਾਂ ਭਾਰਤੀ ਰੁਜ਼ਗਾਰ ਅਤੇ ਸਿੱਖਿਆ ਲਈ ਇਨ੍ਹਾਂ ਦੇਸ਼ਾਂ ਵਿਚ ਰਹਿ ਰਹੇ ਹਨ। ਬਾਜਵਾ ਨੇ ਕਿਹਾ ਕਿ ਉਨ੍ਹਾਂ ਦੀ ਸੁਰੱਖਿਆ ਅਤੇ ਤੰਦਰੁਸਤੀ ਨੂੰ ਕੌਮੀ ਤਰਜੀਹ ਮੰਨਿਆ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਭਾਰਤ ਸਰਕਾਰ ਨੂੰ ਸਾਰੇ ਕੂਟਨੀਤਕ ਚੈਨਲਾਂ ਨੂੰ ਤੁਰੰਤ ਸਰਗਰਮ ਕਰਨ, ਮੇਜ਼ਬਾਨ ਸਰਕਾਰਾਂ ਨਾਲ ਤਾਲਮੇਲ ਤੇਜ਼ ਕਰਨ ਅਤੇ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਲਈ ਸੰਕਟਕਾਲੀਨ ਨਿਕਾਸੀ ਯੋਜਨਾਵਾਂ ਤਿਆਰ ਕਰਨ ਦਾ ਸੱਦਾ ਦਿੱਤਾ। ਸੀਨੀਅਰ ਕਾਂਗਰਸੀ ਆਗੂ ਨੇ ਜ਼ੋਰ ਦੇ ਕੇ ਕਿਹਾ ਕਿ ਵਿਦੇਸ਼ ਮੰਤਰਾਲੇ ਨੂੰ ਪ੍ਰਭਾਵਿਤ ਦੇਸ਼ਾਂ ਦੇ ਅਧਿਕਾਰੀਆਂ ਨਾਲ ਸਰਗਰਮੀ ਨਾਲ ਜੁੜਨਾ ਚਾਹੀਦਾ ਹੈ, ਐਮਰਜੈਂਸੀ ਹੈਲਪਲਾਈਨ ਸਥਾਪਤ ਕਰਨੀ ਚਾਹੀਦੀ ਹੈ ਅਤੇ ਮੁਸੀਬਤ ਵਿੱਚ ਫਸੇ ਲੋਕਾਂ ਨੂੰ ਅਸਲ ਸਮੇਂ ਵਿੱਚ ਸਲਾਹ ਅਤੇ ਲੌਜਿਸਟਿਕ ਸਹਾਇਤਾ ਪ੍ਰਦਾਨ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ, ਭਾਰਤ ਸਰਕਾਰ ਨੂੰ ਸਥਿਤੀ ਦੇ ਹੋਰ ਵਧਣ ਦਾ ਇੰਤਜ਼ਾਰ ਨਹੀਂ ਕਰਨਾ ਚਾਹੀਦਾ।

ਰੋਕਥਾਮ ਅਤੇ ਸੁਰੱਖਿਆਤਮਕ ਕਾਰਵਾਈ ਸਮੇਂ ਦੀ ਲੋੜ ਹੈ। ਬਾਜਵਾ ਨੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਇਹ ਮੁੱਦਾ ਕੇਂਦਰ ਕੋਲ ਉਠਾਉਣ ਵਿੱਚ ਪੂਰੀ ਤਰ੍ਹਾਂ ਅਤੇ ਅਸਵੀਕਾਰਨਯੋਗ ਨਾਕਾਮੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਸੰਕਟ ਵਿੱਚ ਫਸੇ ਪੰਜਾਬੀਆਂ ਦੀ ਸੁਰੱਖਿਆ ਅਤੇ ਸੁਰੱਖਿਅਤ ਨਿਕਾਸੀ ਨੂੰ ਯਕੀਨੀ ਬਣਾਉਣ ਲਈ ਕੇਂਦਰ ਸਰਕਾਰ 'ਤੇ ਤੁਰੰਤ ਦਬਾਅ ਪਾਵੇ। ਉਨ੍ਹਾਂ ਕਿਹਾ ਕਿ ਜਦੋਂ ਵਿਦੇਸ਼ਾਂ ਵਿਚ ਸਾਡੇ ਲੋਕਾਂ ਦੀ ਜਾਨ ਦਾਅ 'ਤੇ ਹੈ ਤਾਂ ਪੰਜਾਬ ਸਰਕਾਰ ਮੂਕ ਦਰਸ਼ਕ ਨਹੀਂ ਬਣ ਸਕਦੀ। ਬਾਜਵਾ ਨੇ ਕਿਹਾ ਕਿ ਇਸ ਮਾਮਲੇ ਨੂੰ ਤੁਰੰਤ ਉੱਚ ਪੱਧਰ 'ਤੇ ਉਠਾਉਣਾ ਚਾਹੀਦਾ ਹੈ ਅਤੇ ਪੰਜਾਬ ਦੇ ਪ੍ਰਭਾਵਿਤ ਪਰਿਵਾਰਾਂ ਲਈ ਸਮਰਪਿਤ ਸਹਾਇਤਾ ਵਿਧੀ ਸਥਾਪਤ ਕਰਨੀ ਚਾਹੀਦੀ ਹੈ। ਆਪਣੀ ਮੰਗ ਨੂੰ ਦੁਹਰਾਉਂਦਿਆਂ ਬਾਜਵਾ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਨਾਗਰਿਕਾਂ ਦੀ ਸੁਰੱਖਿਆ ਸਿਆਸੀ ਵਿਚਾਰਾਂ ਤੋਂ ਉੱਪਰ ਉੱਠ ਕੇ ਹਰੇਕ ਭਾਰਤੀ ਨੂੰ ਸੁਰੱਖਿਅਤ ਘਰ ਲਿਆਉਣ ਲਈ ਤੇਜ਼, ਤਾਲਮੇਲ ਅਤੇ ਪਾਰਦਰਸ਼ੀ ਕਾਰਵਾਈ ਕਰਨ ਦਾ ਸੱਦਾ ਦਿੱਤਾ।

# ਖੇਡ ਰਾਜ ਮੰਤਰੀ ਗੌਰਵ ਗੌਤਮ ਨੇ 'ਇੱਕ ਪੇੜ ਮਾਂ ਦੇ ਨਾਮ' ਮੁਹਿੰਮ ਤਹਿਤ ਕੀਤਾ ਪੌਦਾਰੋਪਣ

ਜ਼ਿਕਰ ਪੰਜਾਬ
**ਚੰਡੀਗੜ੍ਹ/ਬਿਊਰੋ**

ਹਰਿਆਣਾ ਦੇ ਖੇਡ ਰਾਜ ਮੰਤਰੀ ਗੌਰਵ ਗੌਤਮ ਨੇ ਐਤਵਾਰ ਨੂੰ ਪਲਵਲ ਦੇ ਸੈਕਟਰ-2 ਸਥਿਤ ਹੁਡਾ ਚੌਕ 'ਤੇ ਪੌਦਾ ਲਗਾ ਕੇ ਵਾਤਾਵਰਣ ਦੀ ਸੰਭਾਲ ਅਤੇ ਸਵੱਛਤਾ ਦਾ ਸੰਦੇਸ਼ ਦਿੱਤਾ। ਇਹ ਪ੍ਰੋਗਰਾਮ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੱਦੇ 'ਇੱਕ ਪੇੜ ਮਾਂ ਦੇ ਨਾਮ' ਮੁਹਿੰਮ ਤਹਿਤ ਆਯੋਜਿਤ ਕੀਤਾ ਗਿਆ, ਜਿਸ ਰਾਹੀਂ ਹਰ ਨਾਗਰਿਕ ਨੂੰ ਆਪਣੀ ਮਾਂ ਦੇ ਸਨਮਾਨ ਵਿੱਚ ਘੱਟੋ-ਘੱਟ ਇੱਕ ਪੌਦਾ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਖੇਡ ਰਾਜ ਮੰਤਰੀ ਗੌਰਵ ਗੌਤਮ ਨੇ ਕਿਹਾ ਕਿ ਵਾਤਾਵਰਣ ਦੀ ਰਾਖੀ ਕਰਨਾ ਸਾਡੀ ਸਾਰਿਆਂ ਦੀ ਨੈਤਿਕ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਹਰ ਨਾਗਰਿਕ ਇੱਕ ਪੌਦਾ ਲਗਾ ਕੇ ਉਸ ਦੀ ਨਿਯਮਤ ਦੇਖਭਾਲ ਕਰੇ, ਤਾਂ ਨਾ ਸਿਰਫ਼ ਪਲਵਲ ਸਗੋਂ ਪੂਰਾ ਹਰਿਆਣਾ ਹਰਿਤ ਅਤੇ ਸਵੱਛ ਬਣ ਸਕਦਾ ਹੈ। ਉਨ੍ਹਾਂ ਨੇ ਨੌਜਵਾਨਾਂ, ਸਮਾਜਿਕ ਜਥੇਬੰਦੀਆਂ ਅਤੇ ਆਮ ਨਾਗਰਿਕਾਂ ਨੂੰ ਇਸ ਮੁਹਿੰਮ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਪ੍ਰੋਗਰਾਮ ਦੌਰਾਨ ਸ੍ਰੀ ਗੌਤਮ ਨੇ ਪਲਵਲ ਦੇ ਸੈਕਟਰ-2 ਸਥਿਤ ਹੁਡਾ ਚੌਕ ਦੇ ਸ਼ਾਨਦਾਰ ਪ੍ਰਵੇਸ਼ ਦੁਆਰ ਦੇ ਨਵੀਨੀਕਰਨ (ਜੀਰਨੋਧਾਰ) ਕਾਰਜ ਦਾ ਵੀ ਸ਼ੁਭਾਰੰਭ ਕੀਤਾ। ਉਨ੍ਹਾਂ ਦੱਸਿਆ ਕਿ ਇਸ ਕਾਰਜ ਨਾਲ ਪਲਵਲ ਦਾ ਪ੍ਰਵੇਸ਼ ਦੁਆਰ ਹੋਰ ਵੀ ਆਕਰਸ਼ਕ, ਸੁਸੱਜਿਤ ਅਤੇ ਮਾਣਮੱਤੇ ਸਰੂਪ ਵਿੱਚ ਵਿਕਸਤ ਹੋਵੇਗਾ। ਇਹ ਪਹਿਲ ਸ਼ਹਿਰ ਦੇ ਸੁੰਦਰੀਕਰਨ ਦੇ ਨਾਲ-ਨਾਲ ਪਲਵਲ ਦੀ ਪਛਾਣ ਨੂੰ ਨਵੀਂ ਉਚਾਈ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਸ਼ਹਿਰ ਦਾ ਵਿਕਾਸ ਕੇਵਲ ਬੁਨਿਆਦੀ ਢਾਂਚੇ ਤੱਕ ਸੀਮਤ ਨਹੀਂ ਹੈ, ਸਗੋਂ ਸਫ਼ਾਈ, ਹਰਿਆਲੀ ਅਤੇ ਸੁਚੱਜਾ ਵਾਤਾਵਰਣ ਵੀ ਉਨਾ ਹੀ ਮਹੱਤਵਪੂਰਨ ਹੈ। ਉਨ੍ਹਾਂ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ 'ਇੱਕ ਪੇੜ ਮਾਂ ਦੇ ਨਾਮ' ਕੇਵਲ ਇੱਕ ਮੁਹਿੰਮ ਨਹੀਂ, ਸਗੋਂ ਭਾਵਨਾਤਮਕ ਸਾਂਝ ਅਤੇ ਵਾਤਾਵਰਣ ਦੀ ਸੰਭਾਲ ਦਾ ਸੰਦੇਸ਼ ਹੈ। ਜੇਕਰ ਅਸੀਂ ਸਾਰੇ ਮਿਲ ਕੇ ਇਸ ਦਿਸ਼ਾ ਵਿੱਚ ਕੰਮ ਕਰੀਏ, ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਵੱਛ ਅਤੇ ਸਿਹਤਮੰਦ ਵਾਤਾਵਰਣ ਦਿੱਤਾ ਜਾ ਸਕਦਾ ਹੈ।

# ਲਾਇਨਜ਼ ਕਲੱਬ ਬਾਜਾਖਾਨਾ ਵੱਲੋਂ ਅੱਖਾਂ ਦਾ ਵਿਸ਼ਾਲ ਮੁ਼ਫਤ ਅਪ੍ਰੇਸ਼ਨ ਕੈਂਪ ਲਗਾਇਆ

ਜ਼ਿਕਰ ਪੰਜਾਬ
**ਕੋਟਕਪੂਰਾ/ਬਿਊਰੋ**

ਲਾਇਨਜ਼ ਕਲੱਬ ਬਾਜਾਖਾਨਾ ਵੱਲੋਂ ਅੱਖਾਂ ਦਾ ਵਿਸ਼ਾਲ ਅਪ੍ਰੇਸ਼ਨ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਲਾਇਨ ਭਗਤ ਸਿੰਘ ਚਹਿਲ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਸਿਵਲ ਹਸਪਤਾਲ ਬਾਜਾਖਾਨਾ ਵਿਖੇ ਲਾਇਨਜ਼ ਕਲੱਬ ਬਾਜਾਖਾਨਾ (321-ਐਫ਼) ਵੱਲੋਂ ਕਲੱਬ ਦੇ ਪ੍ਰਧਾਨ ਸੁਖਦੇਵ ਸਿੰਘ ਸੇਵਾ ਮੁਕਤ (ਐਸ.ਡੀ.ਓ) ਦੀ ਅਗਵਾਈ ਹੇਠ ਅਤੇ ਸੇਲ ਲਿਮਟਿਡ ਸੇਢਾ ਸਿੰਘ ਵਾਲਾ ਦੇ ਵਿਸ਼ੇਸ਼ ਸਹਿਯੋਗ ਨਾਲ ਅੱਖਾਂ ਦਾ ਵਿਸ਼ਾਲ ਮੁ਼ਫਤ ਅਪ੍ਰੇਸ਼ਨ ਕੈਂਪ ਲਗਾਇਆ ਗਿਆ। ਇਸ ਮੌਕੇ ਸੇਲ ਲਿਮਟਿਡ ਸੇਢਾ ਸਿੰਘ ਵਾਲਾ ਦੇ ਫਿਊਲ ਮੈਨੇਜਰ ਰਾਜਨ ਗੱਖੜ ਵੱਲੋਂ ਰੀਬਨ ਕੱਟ ਕੇ ਕੈਂਪ ਦੀ ਸ਼ੁਰੂਆਤ ਕੀਤੀ ਗਈ। ਇਸ ਕੈਂਪ 'ਚ ਲਾਇਨਜ਼ ਆਈ ਕੇਅਰ ਸੈਂਟਰ ਜੈਤੋ ਤੋਂ ਅੱਖਾਂ ਦੇ ਮਾਹਿਰ ਡਾਕਟਰ ਅਕ੍ਰਿਤੀ ਸਿੰਗਲਾ ਵੱਲੋਂ ਆਪਣੀ ਟੀਮ ਦੇ ਸਹਿਯੋਗ ਨਾਲ 200 ਤੋਂ ਵੱਧ ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕੀਤਾ ਗਿਆ, ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ ਅਤੇ 50 ਦੇ ਕਰੀਬ ਮਰੀਜ਼ਾਂ ਦੀਆਂ ਅੱਖਾਂ ਦੇ ਅਪ੍ਰੇਸ਼ਨ ਲਈ ਚੋਣ ਕੀਤੀ ਗਈ। ਇਸ ਮੌਕੇ ਕਲੱਬ ਦੇ ਸਮੂਹ ਮੈਂਬਰਾਨ ਵੱਲੋਂ ਡਾਕਟਰਾਂ ਦੀ ਟੀਮ ਅਤੇ ਸਹਿਯੋਗੀ ਸੱਜਣਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਮਰੀਜ਼ਾਂ ਲਈ ਚਾਹ ਅਤੇ ਦਾਲ ਪ੍ਰਸ਼ਾਦਿਆਂ ਦਾ ਅਟੁੱਟ ਲੰਗਰ ਵੀ ਲਗਾਇਆ ਗਿਆ। ਇਸ ਮੌਕੇ ਲਾਇਨ ਕ੍ਰਿਸ਼ਨ ਮਿੱਤਲ ਸਕੱਤਰ, ਲਾਇਨ ਡਾ. ਸੱਤਪਾਲ ਸਿੰਘ ਰੋਮਾਣਾ ਖਜ਼ਾਨਚੀ , ਲਾਇਨ ਜੀਵਨ ਗਰਗ ਪੀ.ਆਰ.ਓ, ਲਾਇਨ ਗੁਰਮੇਲ ਸਿੰਘ ਸੇਵਾ ਮੁਕਤ ਜੇ.ਈ ਕੈਂਪ ਚੇਅਰਮੈਨ, ਲਾਇਨ ਸੁਰਿੰਦਰਪਾਲ ਸਿੰਘ ਸੇਵਾ ਮੁਕਤ ਜੇ.ਈ ਕੋ. ਚੇਅਰਮੈਨ, ਲਾਇਨ ਲਖਵਿੰਦਰ ਸਿੰਘ ਸੇਖਾ, ਲਾਇਨ ਰਣਜੀਤ ਸਿੰਘ ਔਲਖ, ਲਾਇਨ ਰਾਜਿੰਦਰ ਸਿੰਘ ਐਸ.ਡੀ.ਓ, ਲਾਇਨ ਡਾਕਟਰ ਮੁਹੰਮਦ ਰੂਪ ਖਾਨ, ਲਾਇਨ ਸੰਦੀਪ ਸਿੰਘ ਗੌਂਦਾਰਾ, ਲਾਇਨ



ਪਰਗਟ ਸਿੰਘ ਬਰਾੜ ਡੋਡ, ਲਾਇਨ ਜਗਰੂਪ ਸਿੰਘ ਰੋਮਾਣਾ, ਲਾਇਨ ਤਰਸੇਮ ਸਿੰਘ ਧਨੋਆ, ਡਾਕਟਰ ਨਰੇਸ਼ ਕੁਮਾਰ, ਲਾਇਨ ਨਰਿੰਦਰਜੀਤ ਸਿੰਘ ਅਤੇ ਗੁਰਪ੍ਰੀਤ ਸਿੰਘ ਸੋਖਲ ਹਾਜ਼ਰ ਸਨ। ਇਸ ਮੌਕੇ ਵੱਡੀ ਗਿਣਤੀ ਵਿੱਚ ਮਰੀਜ਼ਾਂ ਵੱਲੋਂ ਇਸ ਕੈਂਪ ਲਈ ਕਲੱਬ ਦੇ ਸਮੂਹ ਮੈਂਬਰਾਨ ਸ਼ਲਾਘਾ ਕਰਦਿਆਂ ਧੰਨਵਾਦ ਕੀਤਾ ਗਿਆ।

# ਸ੍ਰੀ ਗੁਰੂ ਤੇਗ ਬਹਾਦਰ ਸੇਵਾ ਮਿਸ਼ਨ ਵਲੋਂ ਲੋੜਵੰਦ ਲੜਕੀਆਂ ਦੇ ਸਮੂਹਿਕ ਅਨੰਦ ਕਾਰਜ ਕਰਵਾਏ

ਜ਼ਿਕਰ ਪੰਜਾਬ
**ਮੋਰਿੰਡਾ/ਬਿਊਰੋ**

ਸ੍ਰੀ ਗੁਰੂ ਤੇਗ ਬਹਾਦਰ ਜੀ ਸੇਵਾ ਮਿਸ਼ਨ ਅਤੇ ਯੂਥ ਵੈਲਫੇਅਰ ਕਲੱਬ ਕਲਹੇੜੀ (ਮੋਰਿੰਡਾ) ਵਲੋਂ ਸਮਾਜ ਸੇਵਕ ਤਲਵੀਰ ਸਿੰਘ ਯੂ ਐਸ ਏ ਦੇ ਸਹਿਯੋਗ ਨਾਲ 9 ਵਾਂ ਗੁਰਮਿਤ ਸਮਾਗਮ ਅਤੇ ਸਮੂਹਿਕ ਅਨੰਦ ਕਾਰਜ ਸਮਾਗਮ ਪਿੰਡ ਕਲਹੇੜੀ ਮੋਰਿੰਡਾ ਵਿਖੇ ਕਰਵਾਇਆ ਗਿਆ। ਇਸ ਸਬੰਧੀ



ਜਾਣਕਾਰੀ ਦਿੰਦਿਆਂ ਕਲੱਬ ਦੇ ਪ੍ਰਧਾਨ ਗਿਆਨੀ ਕੁਲਵਿੰਦਰ ਸਿੰਘ ਕਲਹੇੜੀ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਢਾਡੀ ਦੀਵਾਨ ਸਜਾਏ ਗਏ। ਇਸ ਦੌਰਾਨ ਸ਼੍ਰੋਮਣੀ ਢਾਡੀ ਬਾਬਾ ਨੱਥਾ ਸਿੰਘ, ਬਾਬਾ ਅਬਦੁਲਾ ਜੀ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸੇ ਤਰ੍ਹਾਂ ਸੰਤ ਬਾਬਾ ਪਰਮਜੀਤ ਸਿੰਘ ਢਿੱਡਾਸਰ ਵਾਲੇ ਅਤੇ ਸੰਤ ਬਾਬਾ ਜੀਵਨ ਸਿੰਘ ਬੰਗਚੀ ਵਾਲਿਆਂ ਵਲੋਂ, ਕਥਾ, ਕੀਰਤਨ ਅਤੇ ਵਾਲਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਉਹਨਾਂ ਦੱਸਿਆ ਕਿ ਅੱਜ ਸਮਾਗਮ ਦੌਰਾਨ 3 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਸਮੂਹਿਕ ਅਨੰਦ ਕਾਰਜ ਕੀਤੇ ਗਏ। ਨਵ ਵਿਆਹੇ ਜੋੜਿਆਂ ਨੂੰ ਘਰੇਲੂ ਸਾਮਾਨ, ਕਪੜੇ ,ਫਰਨੀਚਰ ਵਗੈਰਾ ਵੀ ਪ੍ਰਬੰਧਕਾਂ ਵੱਲੋਂ ਦਿਤਾ ਗਿਆ। ਇਸ ਮੌਕੇ ਲੰਗਰਾਂ ਦੀ ਸੇਵਾ ਸੰਤ ਬਾਬਾ ਅਜੀਤ ਸਿੰਘ ਸੁਲਤਾਨਪੁਰ ਲੋਧੀ ਵਾਲਿਆਂ ਵਲੋਂ ਕੀਤੀ ਗਈ। ਇਸ ਮੌਕੇ ਬਾਬਾ ਅਜੀਤ ਸਿੰਘ ਸੁਲਤਾਨਪੁਰ ਲੋਧੀ ਵਾਲਿਆਂ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਸੇਵਾ ਮਿਸ਼ਨ ਦੇ ਇਸ ਉਦਮ ਦੀ ਜ਼ੋਰਦਾਰ ਸ਼ਲਾਘਾ ਕਰਦਿਆਂ ਆਖਿਆ ਕਿ ਹੋਰ ਸਮਾਜ ਸੇਵੀ ਸੰਸਥਾਵਾਂ ਨੂੰ ਮਿਸ਼ਨ ਦੇ ਇਸ ਕਾਰਜ ਨੂੰ ਮੁੱਖ ਰੱਖਦਿਆਂ ਲੋੜਵੰਦ ਪ੍ਰੀਵਾਰਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਨਿਹੰਗ ਸਿੰਘ ਬਾਬਾ ਰਾਜਾ ਰਾਜ ਸਿੰਘ, ਸੀਨੀਅਰ ਕਾਂਗਰਸੀ ਆਗੂ ਹਰਮਿੰਦਰ ਸਿੰਘ ਲੱਕੀ, ਪੀ ਏ ਡੀ ਬੀ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ, ਬਾਬਾ ਦਿਲਵਰ ਸਿੰਘ ਪੋਲੋ ਮਾਜਰਾ, ਬਾਬਾ ਕੁਲਦੀਪ ਸਿੰਘ, ਬਾਬਾ ਹਰਦੀਪ ਸਿੰਘ ਖੜਾਂਗਾ, ਬਾਬਾ ਸੁਰਮੁੱਖ ਸਿੰਘ ਚੰਡਿਆਲਾ ਵਾਲੇ,ਭਾਈ ਰਜਿੰਦਰ ਸਿੰਘ ਪੜੌਲ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਨਵ ਵਿਆਹੇ ਜੋੜਿਆਂ ਦੇ ਰਿਸ਼ਤੇਦਾਰ ਅਤੇ ਅਨੇਕਾਂ ਪਤਵੰਤੇ ਸੱਜਣ ਹਾਜ਼ਰ ਸਨ।

